ਸ਼ਨੀਵਾਰ, 3 ਅਕਤੂਬਰ, 2026
17 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 123

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 3 OCTOBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਇੱਕੋ ਦਿਨ ਛੇ ਗੋਲਡ ਮੈਡਲ

## ਮਹਿਲਾ ਹਾਕੀ ਟੀਮ, ਇੱਕ ਭਲਵਾਨ, ਤੀਰਅੰਦਾਜ਼ ਟੀਮ ਤੇ ਤਿੰਨ ਮੁੱਕੇਬਾਜ਼ਾਂ ਨੇ ਕਰਾ'ਤੀ ਬੱਲੇ-ਬੱਲੇ

**ਨਗੋਆ (ਨਵਾਂ ਜ਼ਮਾਨਾ ਸਰਵਿਸ)**

ਭਾਰਤੀ ਮਹਿਲਾ ਹਾਕੀ ਟੀਮ ਨੇ ਏਸ਼ੀਅਨ ਖੇਡਾਂ ਦੇ ਹਾਕੀ ਦੇ ਫਾਈਨਲ ਮੈਚ ਵਿਚ ਚੀਨ ਨੂੰ 1-0 ਨਾਲ ਹਰਾ ਕੇ ਸੋਨ ਤਮਗਾ ਜਿੱਤ ਕੇ ਜਿਥੇ ਪਿਛਲੇ 44 ਸਾਲ ਤੋਂ ਚਲਿਆ ਆ ਰਿਹਾ ਸੋਕਾ ਖਤਮ ਕੀਤਾ ਉਥੇ ਨਾਲ ਹੀ ਟੀਮ 2028 ਲਾਸ ਏਂਜਲਸ ਓਲੰਪਿਕ ਲਈ ਕੁਆਲੀਫਾਈ ਕਰ ਗਈ ਹੈ। 1982 ਤੋਂ ਬਾਅਦ ਮਹਿਲਾਵਾਂ ਦਾ ਪਹਿਲਾ ਸੋਨ ਤਗਮਾ ਹੈ। ਭਾਰਤ ਵੱਲੋਂ ਲਾਲਰੇਮਸਿਆਮੀ ਨੇ ਪਹਿਲੇ ਕੁਆਰਟਰ ਵਿੱਚ ਮੈਚ ਦਾ ਇੱਕੋ ਇੱਕ ਗੋਲ ਕੀਤਾ ਤੇ ਟੀਮ ਨੇ ਆਖਰੀ ਵਿਸਲ ਵਜਣ ਤੱਕ 1-0 ਦੀ ਲੀਡ ਨੂੰ ਕਾਇਮ ਰਖਿਆ। ਭਾਰਤ ਲਈ ਸ਼ੁੱਕਰਵਾਰ ਦਿਨ ਦਾ ਛੇਵਾਂ ਸੋਨ ਤਗਮਾ ਹੈ। ਇਸ ਦੌਰਾਨ, ਜਪਾਨ ਨੇ ਕੋਰੀਆ ਨੂੰ ਹਰਾ ਕੇ ਕਾਂਸੀ ਦਾ ਤਗਮਾ ਜਿੱਤਿਆ ਹੈ।






ਲਵਲੀਨਾ ਬੋਰਗੋਹੇਨ ਨੇ ਖੁਦ ਨੂੰ ਜਨਮ ਦਿਨ ਦਾ ਤੋਹਫਾ ਦਿੱਤਾ।

ਓਲੰਪਿਕ ਤਮਗਾ ਜੇਤੂ ਲਵਲੀਨਾ ਬੋਰਗੋਹੇਨ ਨੇ ਇੱਥੇ ਸ਼ੁੱਕਰਵਾਰ ਨੂੰ ਏਸ਼ੀਆਈ ਖੇਡਾਂ ਦੇ ਮਹਿਲਾ 75 ਕਿਲੋਗ੍ਰਾਮ ਵਰਗ ਦੇ ਫਾਈਨਲ ਵਿੱਚ ਚੀਨ ਦੀ ਜ਼ੀਈ ਬਾਓ ਨੂੰ ਸ਼ਾਨਦਾਰ ਤਰੀਕੇ ਨਾਲ ਮਾਤ ਦੇ ਕੇ ਭਾਰਤ ਲਈ ਏਸ਼ੀਆਈ ਖੇਡਾਂ ਦੇ ਮਹਿਲਾ ਮੁੱਕੇਬਾਜ਼ੀ ਵਿੱਚ ਸੋਨ ਤਮਗੇ ਦੇ 12 ਸਾਲਾਂ ਤੋਂ ਚੱਲੇ ਆ ਰਹੇ ਸੋਕੇ ਨੂੰ ਖ਼ਤਮ ਕਰ ਦਿੱਤਾ ਹੈ। ਲਵਲੀਨਾ ਨੇ ਚੀਨੀ ਮੁੱਕੇਬਾਜ਼ 'ਤੇ ਸ਼ੁਰੂ ਤੋਂ ਹੀ ਦਬਾਅ ਬਣਾ ਕੇ ਰੱਖਿਆ ਅਤੇ 5-0 ਦੇ ਪੂਰਨ ਸਰਬਸੰਮਤੀ ਫੈਸਲੇ ਨਾਲ ਜਿੱਤ ਦਰਜ ਕੀਤੀ। ਇਸ ਸੁਨਹਿਰੀ ਜਿੱਤ ਨਾਲ ਲਵਲੀਨਾ ਏਸ਼ੀਆਈ ਖੇਡਾਂ ਦੇ ਮੁੱਕੇਬਾਜ਼ੀ ਈਵੈਂਟ ਵਿੱਚ ਸੋਨ ਤਮਗਾ ਜਿੱਤਣ ਵਾਲੀ ਮਹਾਨ ਮੁੱਕੇਬਾਜ਼ ਐੱਮ.ਸੀ. ਮੈਰੀਕੌਮ ਤੋਂ ਬਾਅਦ ਭਾਰਤ ਦੀ ਮਹਿਜ਼ ਦੂਜੀ ਮਹਿਲਾ ਮੁੱਕੇਬਾਜ਼ ਬਣ ਗਈ ਹੈ।

ਲਵਲੀਨਾ ਨੇ ਜਿੱਤ ਤੋਂ ਬਾਅਦ ਕਿਹਾ, "ਅੱਜ ਮੇਰਾ ਜਨਮ ਦਿਨ ਹੈ। ਇਹ ਬਹੁਤ ਖਾਸ ਜਨਮ ਦਿਨ ਹੈ, ਮੈਂ ਬਹੁਤ ਵਧੀਆ ਮਹਿਸੂਸ ਕਰ ਰਹੀ ਹਾਂ। ਮੈਂ ਸੋਚਿਆ ਕਿ ਮੈਨੂੰ ਆਪਣੇ ਜਨਮ ਦਿਨ 'ਤੇ ਇੱਕ ਸੋਨੇ ਦਾ ਤਮਗਾ ਤੋਹਫੇ ਵਜੋਂ ਦੇਣਾ ਪਵੇਗਾ। ਇਹ ਪਹਿਲੀ ਵਾਰ ਹੈ ਜਦੋਂ ਮੈਨੂੰ ਆਪਣੇ ਲਈ ਤੋਹਫਾ ਮਿਲਿਆ ਹੈ। ਮੈਂ ਆਪਣਾ ਸਭ ਕੁਝ ਦਾਅ 'ਤੇ ਲਾ ਦਿੱਤਾ। ਮੈਂ ਇੱਕ ਪਲ ਲਈ ਵੀ ਨਹੀਂ ਸੋਚਿਆ ਸੀ ਕਿ ਮੈਂ ਹਾਰ ਜਾਵਾਂਗੀ। ਇਹ ਬਹੁਤ ਔਖਾ ਮੁਕਾਬਲਾ ਸੀ। ਪਰ ਮੈਂ ਨਿਰੰਤਰ ਸੋਚਦੀ ਰਹੀ ਕਿ ਜਿੱਤਣਾ ਹੀ ਹੈ। ਆਖਰੀ ਦੌਰ ਬਹੁਤ ਔਖਾ ਸੀ। ਮੈਂ ਪਹਿਲੇ ਅਤੇ ਦੂਜੇ ਦੌਰ ਵਿੱਚ 2-1 ਨਾਲ ਜਿੱਤ ਰਹੀ ਸੀ। ਇਸ ਲਈ ਮੈਂ ਸੋਚਿਆ ਕਿ ਮੈਨੂੰ ਸਿਰਫ ਤੀਜਾ ਦੌਰ ਜਿੱਤਣਾ ਪਵੇਗਾ।"

ਭਾਰਤੀ ਮੁੱਕੇਬਾਜ਼ ਅੰਕੁਸ਼ ਪੰਘਾਲ (80 ਕਿਲੋਗ੍ਰਾਮ) ਨੇ ਦੱਖਣੀ ਕੋਰੀਆ ਦੇ ਕਿਮ ਮਿਨਸੇਓਂਗ ਨੂੰ 4-0 ਨਾਲ ਹਰਾ ਕੇ ਏਸ਼ੀਆਈ ਖੇਡਾਂ ਵਿੱਚ ਸੋਨ ਤਗਮਾ ਜਿੱਤਿਆ। ਪੰਘਾਲ ਆਪਣੇ ਵਿਰੋਧੀ ਮੁੱਕੇਬਾਜ਼ 'ਤੇ ਪੂਰੀ ਤਰਾਂ ਹਾਵੀ ਰਿਹਾ। ਸੁਜੀਤ ਕਾਲਕਲ ਨੇ ਤਜ਼ਾਕਿਸਤਾਨ ਦੇ ਅਬਦੁਲਮਾਜ਼ੀਦ

• ਬਾਕੀ ਸਫਾ 2 'ਤੇ



ਅੰਕੁਸ਼ ਪੰਘਾਲ



ਪ੍ਰਵੀਨ ਹੁੱਡਾ



ਸੁਜੀਤ ਕਾਲਕਲ



ਤੀਰਅੰਦਾਜ਼ ਟੀਮ

# ਮੁੱਖ ਚੋਣ ਕਮਿਸ਼ਨਰ ਖਿਲਾਫ ਚੰਡੀਗੜ੍ਹ 'ਚ ਵਿਸ਼ਾਲ ਮਾਰਚ

## ਗਿਆਨੇਸ਼ ਕੁਮਾਰ ਖ਼ਿਲਾਫ਼ ਦੇਸ਼ਧ੍ਰੋਹ ਦਾ ਪਰਚਾ ਦਰਜ ਹੋਵੇ : ਧਾਲੀਵਾਲ, ਸੇਖੋਂ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਐਸ ਆਈ ਆਰ ਬਹਾਨੇ ਲੋਕਤੰਤਰ ਦਾ ਕਤਲ ਕਰ ਕੇ ਆਪਣੇ ਆਕਾਵਾਂ ਦੀ ਜੀ ਹਜ਼ੂਰੀ ਕਰਨ ਵਾਲੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖ਼ਿਲਾਫ਼ ਦੇਸ਼ ਧ੍ਰੋਹ ਦਾ ਪਰਚਾ ਦਰਜ ਹੋਣਾ ਚਾਹੀਦਾ ਹੈ, ਕਿਉਂਕਿ ਇਸ ਅਧਿਕਾਰੀ ਨੇ ਨਾ ਸਿਰਫ ਸੰਵਿਧਾਨਕ ਅਹੁਦੇ ਦੀ ਦੁਰਵਰਤੋਂ ਕੀਤੀ ਹੈ, ਸਗੋਂ ਇੱਕ ਤਰੀਕੇ ਨਾਲ ਦੇਸ਼ ਨੂੰ ਇੱਕ ਵਾਰ ਫਿਰ ਦੁਫਾੜ ਕਰਨ ਲਈ ਸਾਜ਼ਿਸ਼ ਰਚੀ ਹੈ।ਉਕਤ ਵਿਚਾਰਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਤੇ ਸੀ ਪੀ ਆਈ (ਐਮ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਦੀ ਅਗਵਾਈ ਵਿੱਚ ਸੈਕਟਰ 30 ਵਿਚ ਚੋਣ ਕਮਿਸ਼ਨ ਖਿਲਾਫ ਕੱਢੇ ਵਿਸ਼ਾਲ ਰੋਸ ਮਾਰਚ ਦੌਰਾਨ ਕੀਤਾ ਗਿਆ।ਇਸ ਰੋਸ ਮਾਰਚ ਵਿੱਚ ਸੀ ਪੀ ਆਈ ਦੇ ਕੌਮੀ ਸਕੱਤਰ ਬੰਤ ਸਿੰਘ ਬਰਾੜ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸੈਨੇਟਰ ਡਾਕਟਰ ਸੁਖਦੇਵ ਸਿੰਘ ਸਿਰਸਾ, ਸੀ ਪੀ ਆਈ (ਐਮ) ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਭੂਪ ਚੰਦ ਚੰਨੋ ਤੇ ਕਾਮਰੇਡ ਗੁਰਦਰਸ਼ਨ ਸਿੰਘ ਖਾਸਪੁਰ ਵੀ ਸ਼ਾਮਲ ਰਹੇ।

ਮਾਰਚ ਦੌਰਾਨ ਚੋਣ ਕਮਿਸ਼ਨ ਤੇ ਕੇਂਦਰ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ ਗਈ। ਦੋਹਾਂ ਆਗੂਆਂ ਨੇ ਕਿਹਾ ਕਿ ਗਿਆਨੇਸ਼ ਕੁਮਾਰ ਨੇ ਐਸ ਆਈ ਆਰ ਬਹਾਨੇ 13 ਕਰੋੜ ਵੋਟਰਾਂ ਦੀ ਵੋਟ ਕੱਟ ਕੇ ਲੋਕਤੰਤਰ ਦਾ ਕਤਲ ਕਰ ਦਿੱਤਾ ਹੈ।ਉਸ ਖਿਲਾਫ ਦੇਸ਼ਧ੍ਰੋਹ ਦਾ ਪਰਚਾ ਦਰਜ ਕਰ ਕੇ ਉਸ ਨੂੰ ਅਹੁਦੇ ਤੋਂ ਤੁਰੰਤ ਬਰਖਾਸਤ ਕਰਦਿਆਂ ਗ੍ਰਿਫਤਾਰ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਕੇਂਦਰੀ ਚੋਣ ਕਮਿਸ਼ਨ, ਜਿਸ ਨੇ ਹਰ ਕਮਜ਼ੋਰ ਧਿਰ ਦੀ ਗੱਲ ਸੁਣਨੀ ਹੁੰਦੀ ਹੈ, ਕੇਂਦਰ ਸਰਕਾਰ ਦੇ ਗੁਲਾਮ ਵਾਂਗ ਵਿਵਹਾਰ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਇੱਕ ਯੋਜਨਾ ਤਹਿਤ ਇੱਕ ਖਾਸ ਵਿਚਾਰਧਾਰਾ ਵਾਲੇ ਲੋਕਾਂ ਨੂੰ ਨਿਸ਼ਾਨਾ ਬਣਾਉਂਦਿਆਂ ਉਨ੍ਹਾਂ ਦੀਆਂ ਵੋਟਾਂ ਕੱਟੀਆਂ ਜਾ ਰਹੀਆਂ ਹਨ ਤੇ ਫਿਰ ਰੌਲਾ ਪਾਉਣ ਉਤੇ ਉਨ੍ਹਾਂ ਨੂੰ ਦਸਤਾਵੇਜ਼ ਉਪਲਬਧ ਕਰਵਾ ਕੇ ਵੋਟ ਬਹਾਲ ਕਰਨ ਲਈ ਕਿਹਾ ਜਾ ਰਿਹਾ ਹੈ ਜਦਕਿ ਸਾਧਾਰਨ ਵੋਟਰ ਜੋ ਰੋਜ਼ੀ -ਰੋਟੀ ਤੱਕ ਸੀਮਤ ਹੈ, ਉਹ ਦਸਤਾਵੇਜ਼ਾਂ ਨੂੰ ਉਪਲਬਧ ਹੀ ਨਹੀਂ ਕਰਵਾ ਸਕਦਾ।ਇਸ ਤਰ੍ਹਾਂ ਉਹ ਵੋਟ ਪ੍ਰੀਕਿਰਿਆ ਤੋਂ ਬਾਹਰ ਹੋ ਰਿਹਾ ਹੈ।ਇਹ ਸਭ ਕੁੱਝ ਇੱਕ ਤਰ੍ਹਾਂ ਨਾਲ ਭਾਜਪਾ ਨੂੰ ਲਾਭ ਪਹੁੰਚਾਉਣ ਲਈ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਤਾਂ ਭਾਰਤੀ ਚੋਣ ਕਮਿਸ਼ਨ ਦੀ ਨਿਯੁਕਤੀ ਲਈ ਨਿਯਮ ਬਦਲੇ ਗਏ ਤੇ ਫਿਰ ਉਸ ਨੂੰ ਹਰ ਮਾਮਲੇ ਵਿਚ ਜਵਾਬਦੇਹੀ ਤੋਂ ਮੁਕਤ ਕਰ ਦਿੱਤਾ ਗਿਆ।ਇਸ ਤਰ੍ਹਾਂ ਕਰ ਕੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੇ ਸਾਰਾ ਚੋਣ ਸਿਸਟਮ ਹੀ ਹੈਕ ਕਰ ਲਿਆ ਹੈ।ਇਸ ਤੋਂ ਪਹਿਲਾਂ ਵੋਟਿੰਗ ਮਸ਼ੀਨਾਂ ਦਾ ਰਿਕਾਰਡ ਉਪਲਬਧ ਕਰਵਾਉਣ ਤੋਂ ਜਵਾਬ ਦੇ ਕੇ ਵੀ ਭਾਜਪਾ ਨੇ ਆਪਣੇ ਫਾਸ਼ੀਵਾਦੀ ਖਾਸੇ ਨੂੰ ਸਪੱਸ਼ਟ ਕਰ ਦਿੱਤਾ ਹੈ। ਮਾਰਚ ਵਿੱਚ ਚੰਡੀਗੜ੍ਹ ਤੇ ਮੁਹਾਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖੱਬੀ ਧਿਰ ਦੇ ਸਮਰਥਕਾਂ ਨੇ ਹਿੱਸਾ ਲਿਆ। ਦੋਹਾਂ ਆਗੂਆਂ ਨੇ ਕਿਹਾ ਕਿ ਚੋਣ ਕਮਿਸ਼ਨ ਦੀ ਕਾਰਵਾਈ ਨਾਲ ਕੇਂਦਰ ਸਰਕਾਰ ਦਾ ਚਿਹਰਾ ਨੰਗਾ ਹੋ ਗਿਆ ਹੈ ਤੇ ਹੁਣ ਸਮਾਂ ਆ ਗਿਆ ਹੈ ਕਿ ਸਮੂਹ ਲੋਕਤੰਤਰ ਪੱਖੀ ਧਿਰਾਂ ਨੂੰ ਚੋਣ ਕਮਿਸ਼ਨ ਦੀਆਂ ਨਾਕਾਮੀਆਂ ਉਜਾਗਰ ਕਰਨ ਲਈ ਘਰ -ਘਰ ਪਹੁੰਚ ਕੇ ਪ੍ਰਚਾਰ ਕਰਨਾ ਚਾਹੀਦਾ ਤਾਂ ਜੋ ਇਸ ਲੋਕਤੰਤਰ ਵਿਰੋਧੀ ਕੇਂਦਰ ਸਰਕਾਰ ਨੂੰ ਜਲਦ ਤੋਂ ਜਲਦ ਚਲਦਾ ਕੀਤਾ ਜਾ ਸਕੇ।

## ਭਾਰਤੀ ਹਾਕੀ ਅੰਪਾਇਰ ਗੁਰਿੰਦਰ ਸੰਘਾ ਨੂੰ ਵਾਪਸ ਭੇਜਿਆ



**ਨਵੀਂ ਦਿੱਲੀ :** ਭਾਰਤ ਦੇ ਹਾਕੀ ਅੰਪਾਇਰ ਅਤੇ ਤਕਨੀਕੀ ਅਧਿਕਾਰੀ ਗੁਰਿੰਦਰ ਸਿੰਘ ਸੰਘਾ ਨੂੰ ਜਾਪਾਨ ਵਿੱਚ ਏਸ਼ੀਆਈ ਖੇਡਾਂ ਤੋਂ ਵਾਪਸ ਭੇਜ ਦਿੱਤਾ ਗਿਆ ਹੈ, ਕਿਉਂਕਿ ਉਨ੍ਹਾਂ 'ਤੇ ਜਿਨਸੀ ਸ਼ੋਸ਼ਣ ਦੀਆਂ ਸ਼ਿਕਾਇਤਾਂ ਮਿਲੀਆਂ ਹਨ। ਹਾਕੀ ਇੰਡੀਆ ਦੇ ਇੱਕ ਉੱਚ ਪੱਧਰੀ ਸੂਤਰ ਨੇ ਕਿਹਾ ਕਿ ਸੰਘਾ ਨੇ ਨਾਗੋਆ ਵਿੱਚ ਆਪਣੇ ਠਹਿਰਾਅ ਦੌਰਾਨ ਮਲੇਸ਼ੀਆ ਦੀ ਇੱਕ ਮਹਿਲਾ ਹਾਕੀ ਅਧਿਕਾਰੀ ਅਤੇ ਇੱਕ ਹੋਟਲ ਸਟਾਫ ਨਾਲ ਕਥਿਤ ਤੌਰ 'ਤੇ ਦੁਰਵਿਵਹਾਰ ਕੀਤਾ। "ਹਾਂ, ਸੰਘਾ ਨੂੰ ਮਲੇਸ਼ੀਆ ਦੀ ਇੱਕ ਮਹਿਲਾ ਅਧਿਕਾਰੀ ਦੁਆਰਾ ਜਿਨਸੀ ਸ਼ੋਸ਼ਣ ਦੀ ਸ਼ਿਕਾਇਤ ਦਰਜ ਕਰਵਾਉਣ ਤੋਂ ਬਾਅਦ ਘਰ ਵਾਪਸ ਭੇਜ ਦਿੱਤਾ ਗਿਆ ਹੈ, ਇਹੀ ਅਸੀਂ ਜਾਣਦੇ ਹਾਂ। ਉਹ ਦੋ ਦਿਨ ਪਹਿਲਾਂ ਵਾਪਸ ਚਲਾ ਗਿਆ ਹੈ," ਹਾਕੀ ਇੰਡੀਆ ਦੇ ਅਧਿਕਾਰੀ ਨੇ ਇਕ ਖਬਰ ਏਜੰਸੀ ਨੂੰ ਦੱਸਿਆ।

## ਵੜਿੰਗ ਨੇ ਰਾਹੁਲ ਨੂੰ ਅਸਤੀਫ਼ਾ ਸੌਂਪਿਆ

**ਨਵੀਂ ਦਿੱਲੀ :** ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸ਼ੁੱਕਰਵਾਰ ਰਾਹੁਲ ਗਾਂਧੀ ਨਾਲ ਮੁਲਾਕਾਤ ਕਰਕੇ ਰਸਮੀ ਤੌਰ 'ਤੇ ਆਪਣਾ ਅਸਤੀਫ਼ਾ ਸੌਂਪ ਦਿੱਤਾ। ਵੜਿੰਗ ਨੇ ਸਪੱਸ਼ਟ ਕਿਹਾ ਕਿ ਉਸ ਤੋਂ ਅਸਤੀਫ਼ਾ ਲਿਆ ਨਹੀਂ ਗਿਆ, ਬਲਕਿ ਉਨ੍ਹਾਂ ਨੇ ਖ਼ੁਦ ਅਸਤੀਫ਼ਾ ਦਿੱਤਾ ਹੈ। ਕਾਂਗਰਸ ਹਾਈਕਮਾਂਡ ਤਰਫ਼ੋਂ ਹੁਣ ਨਵੇਂ ਪ੍ਰਧਾਨ ਦਾ ਐਲਾਨ ਕਿਸੇ ਵੇਲੇ ਵੀ ਸੰਭਵ ਹੈ। ਵੜਿੰਗ ਨੇ ਕਿਹਾ ਕਿ ਉਨ੍ਹਾਂ ਨੇ ਆਪਣੇ ਸਾਢੇ ਚਾਰ ਸਾਲ ਦੇ ਕਾਰਜਕਾਲ ਦੇ ਤਜਰਬੇ ਤੋਂ ਇਲਾਵਾ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਚੁਣੌਤੀਆਂ ਬਾਰੇ ਰਾਹੁਲ ਗਾਂਧੀ ਨਾਲ ਚਰਚਾ ਕੀਤੀ ਅਤੇ ਜਦੋਂ ਵੀ ਕਾਂਗਰਸ ਨੂੰ ਉਨ੍ਹਾਂ ਦੀ ਲੋੜ ਹੋਵੇਗੀ, ਉਹ ਹਾਜ਼ਰ ਰਹਿਣਗੇ। ਵੜਿੰਗ ਨੇ ਕਿਹਾ ਕਿ ਕੋਈ ਵੀ ਵਿਅਕਤੀ ਟੀਸੀ 'ਤੇ ਟਿਕਿਆ ਨਹੀਂ ਰਹਿ ਸਕਦਾ ਅਤੇ ਇੱਕ ਦਿਨ ਸਾਬਕਾ ਹੋਣਾ ਹੀ ਹੁੰਦਾ ਹੈ। ਕਾਂਗਰਸ ਦੀ ਪ੍ਰਧਾਨਗੀ ਤੋਂ ਸੁਰਖ਼ਰੂ ਹੋਏ ਰਾਜਾ ਵੜਿੰਗ ਦੇ ਹੁਣ ਵਿਦੇਸ਼ ਯਾਤਰਾ ਦੀ ਤਿਆਰੀ ਖਿੱਚ ਲੈਣ ਦੇ ਚਰਚੇ ਹਨ। ਉਹ ਹੁਣ ਕੁਝ ਸਮਾਂ ਆਰਾਮ ਕਰਨ ਦੇ ਰੌਂਅ ਵਿੱਚ ਹਨ ਅਤੇ ਉਨ੍ਹਾਂ ਵੱਲੋਂ ਇੰਗਲੈਂਡ ਜਾਂ ਅਮਰੀਕਾ ਜਾਣ ਦੀ ਯੋਜਨਾ ਬਣਾਈ ਜਾ ਰਹੀ ਹੈ। ਪਿਛਲੇ ਸਮੇਂ ਦੌਰਾਨ ਪੰਜਾਬ ਕਾਂਗਰਸ ਵਿੱਚ ਚੱਲ ਰਹੀ ਖਿੱਚੋਤਾਣ ਦੌਰਾਨ ਰਾਜਾ ਵੜਿੰਗ ਕਾਫ਼ੀ ਤਣਾਅ ਵਿੱਚੋਂ ਦੀ ਲੰਘ ਰਹੇ ਸਨ। ਉਹ ਰੈਸਟ ਲੈਣ ਬਾਰੇ ਇਸ਼ਾਰਾ ਵੀ ਕਰ ਚੁੱਕੇ ਸਨ।

# ਮਾਨ ਵੱਲੋਂ ਸਰਹੱਦੀ ਜ਼ਿਲ੍ਹਿਆਂ 'ਚ ਆਤਮਿਕ ਸੁਧਾਰ ਪ੍ਰੋਗਰਾਮ ਨੂੰ ਪ੍ਰਵਾਨਗੀ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਸਰਹੱਦੀ ਜ਼ਿਲ੍ਹਿਆਂ ਅੰਮ੍ਰਿਤਸਰ, ਤਰਨ ਤਾਰਨ ਅਤੇ ਫ਼ਾਜ਼ਿਲਕਾ ਸਮੇਤ ਗੁਰਦਾਸਪੁਰ ਅਤੇ ਕਪੂਰਥਲਾ ਦੀਆਂ ਜੇਲ੍ਹਾਂ ਅਤੇ ਓਟ (ਓ.ਓ.ਏ.ਟੀ.) ਕਲੀਨਿਕਾਂ ਵਿੱਚ ਨਸ਼ਿਆਂ ਦੀ ਲਤ ਨਾਲ ਜੂਝ ਰਹੇ ਮਰੀਜ਼ਾਂ ਦੇ ਚੱਲ ਰਹੇ ਡਾਕਟਰੀ ਇਲਾਜ ਦੇ ਨਾਲ-ਨਾਲ ਉਨ੍ਹਾਂ ਦੀ ਮਨੋ-ਸਮਾਜਿਕ ਦੇਖਭਾਲ ਨੂੰ ਹੋਰ ਮਜ਼ਬੂਤ ਕਰਨ ਲਈ ਪਾਇਲਟ ਪ੍ਰੋਜੈਕਟ ਸ਼ੁਰੂ ਕਰਨ ਨੂੰ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਹੈ।ਇਹ ਫ਼ੈਸਲਾ ਇੱਥੇ ਮੁੱਖ ਮੰਤਰੀ ਅਤੇ 'ਆਰਟ ਆਫ਼ ਲਿਵਿੰਗ ਫਾਊਂਡੇਸ਼ਨ' ਦੇ ਵਫ਼ਦ ਵਿਚਾਲੇ ਹੋਈ ਮੀਟਿੰਗ ਦੌਰਾਨ ਲਿਆ ਗਿਆ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਪਹਿਲਕਦਮੀ ਤਹਿਤ 'ਆਰਟ ਆਫ਼ ਲਿਵਿੰਗ' 'ਤੇ ਆਧਾਰਤ ਆਤਮਿਕ ਸੁਧਾਰ ਪ੍ਰੋਗਰਾਮ ਸ਼ੁਰੂ ਕੀਤਾ ਜਾਵੇਗਾ, ਜਿਸ ਦਾ ਮੁੱਖ ਉਦੇਸ਼ ਦਵਾਈਆਂ ਦੇ ਇਲਾਜ ਅਤੇ ਲੰਬੇ ਸਮੇਂ ਦੇ ਮਨੋ-ਸਮਾਜਿਕ ਪੁਨਰਵਾਸ ਵਿਚਕਾਰਲੇ ਪਾੜੇ ਨੂੰ ਪੂਰਨਾ ਹੈ। ਉਨ੍ਹਾਂ ਕਿਹਾ ਹਾਲਾਂ ਕਿ, ਪੰਜਾਬ ਨੇ ਨਸ਼ਿਆਂ ਤੋਂ ਪੀੜਤ ਲੋਕਾਂ ਲਈ ਦਵਾਈਆਂ ਦੀ ਪਹੁੰਚ ਨੂੰ ਵੱਡੇ ਪੱਧਰ 'ਤੇ ਵਧਾਇਆ ਹੈ, ਪਰ ਇਲਾਜ ਦੇ ਸ਼ੁਰੂਆਤੀ ਮਹੀਨਿਆਂ ਦੌਰਾਨ ਮਰੀਜ਼ਾਂ ਨੂੰ ਇਸ ਨਾਲ ਜੋੜੀ ਰੱਖਣਾ ਅਜੇ ਵੀ ਇੱਕ ਵੱਡੀ ਚੁਣੌਤੀ ਬਣਿਆ ਹੋਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਦਵਾਈਆਂ ਦੇ ਨਾਲ-ਨਾਲ ਨਸ਼ਾ ਛੱਡ ਰਹੇ ਵਿਅਕਤੀ ਦੀ ਮਾਨਸਿਕ ਅਵਸਥਾ ਨੂੰ ਮਜ਼ਬੂਤ ਕਰਨਾ ਵੀ ਓਨਾ ਹੀ ਅਹਿਮ ਹੈ। ਨਸ਼ਾ-ਮੁਕਤੀ ਸਿਰਫ਼ ਡਾਕਟਰੀ ਇਲਾਜ ਤੱਕ ਸੀਮਤ ਨਹੀਂ ਹੈ, ਸਗੋਂ ਇਹ ਜਜ਼ਬਾਤਾਂ ਅਤੇ ਦ੍ਰਿੜ੍ਹ ਇੱਛਾ ਸ਼ਕਤੀ ਦੀ

• ਬਾਕੀ ਸਫਾ 2 'ਤੇ

# ਵੋਟ ਚੋਰੀ ਖਿਲਾਫ ਮੁੰਬਈ ਤੇ ਦਿੱਲੀ 'ਚ ਵੱਡੇ ਮੁਜ਼ਾਹਰੇ



**ਮੁੰਬਈ :** ਸ਼ਿਵਾਜੀ ਪਾਰਕ ਵਿੱਚ ਸ਼ੁੱਕਰਵਾਰ ਨੂੰ ਕੌਕਰੇਚ ਜਨਤਾ ਪਾਰਟੀ (ਸੀ ਜੇ ਪੀ) ਵੱਲੋਂ ਵੋਟਾਂ ਦੀ ਵਿਸ਼ੇਸ਼ ਮੁੜ ਸੁਧਾਈ ਦੇ ਵਿਰੋਧ ਵਿੱਚ ਪ੍ਰਦਰਸ਼ਨ ਕੀਤਾ ਗਿਆ। ਪਾਰਟੀ ਵੱਲੋਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਇਹ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਇਸ ਮੌਕੇ ਸਟੇਜ 'ਤੇ ਪਾਰਟੀ ਦੇ ਸਾਰੇ ਆਗੂਆਂ ਨੇ ਮਹਾਤਮਾ ਗਾਂਧੀ ਦੀ ਤਸਵੀਰ ਵਾਲੀਆਂ ਟੀ-ਸ਼ਰਟਾਂ ਪਾ ਕੇ ਰੋਸ ਪ੍ਰਗਟਾਇਆ। ਪ੍ਰਦਰਸ਼ਨ ਦੌਰਾਨ ਕੌਕਰੇਚ ਜਨਤਾ ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਕਿਹਾ ਕਿ ਮਹਾਤਮਾ ਗਾਂਧੀ ਭਾਰਤ ਦੀ ਪਛਾਣ ਦਾ ਅਹਿਮ ਹਿੱਸਾ ਹਨ। ਉਨ੍ਹਾਂ ਕਿਹਾ ਕਿ ਜਦੋਂ ਭਾਰਤ ਦੇ ਪ੍ਰਧਾਨ ਮੰਤਰੀ ਅਮਰੀਕਾ ਜਾਂਦੇ ਹਨ ਤਾਂ ਉੱਥੇ ਵੀ ਭਾਰਤ ਨੂੰ ਗਾਂਧੀ ਦੇ ਦੇਸ਼ ਵਜੋਂ ਜਾਣਿਆ ਜਾਂਦਾ ਹੈ। ਦੀਪਕੇ ਨੇ ਕਿਹਾ, "ਗਾਂਧੀ ਦੇਸ਼ ਦੀ ਆਤਮਾ ਹਨ, ਅੰਬੇਡਕਰ ਰੀੜ੍ਹ ਦੀ ਹੱਡੀ ਹਨ ਅਤੇ ਨਹਿਰੂ ਦਿਮਾਗ ਹਨ।" ਕੌਕਰੇਚ ਜਨਤਾ ਪਾਰਟੀ ਦੇ ਬੁਲਾਰੇ ਸੌਰਭ ਦਾਸ ਨੇ ਪ੍ਰਦਰਸ਼ਨ ਦੌਰਾਨ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਦੇਸ਼ ਭਰ ਦੇ ਨੌਜਵਾਨ ਇਸ ਮੁੱਦੇ ਨੂੰ ਲੈ ਕੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀ ਵਾਰ ਵੀ ਨੌਜਵਾਨ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਸੜਕਾਂ 'ਤੇ ਉਤਰੇ ਸਨ ਅਤੇ ਇਸ ਵਾਰ ਵੀ ਗਿਆਨੇਸ਼ ਕੁਮਾਰ ਦੇ ਮਾਮਲੇ ਵਿੱਚ ਅਜਿਹਾ ਹੀ ਹੋਣ ਵਾਲਾ ਹੈ। ਪਾਰਟੀ ਵੱਲੋਂ ਕਿਹਾ ਜਾ ਰਿਹਾ ਹੈ ਕਿ ਵੋਟਾਂ ਦੀ ਵਿਸ਼ੇਸ਼ ਮੁੜ

• ਬਾਕੀ ਸਫਾ 2 'ਤੇ

# ਖੁੱਡੀਆਂ ਦੀ ਬੇਨਤੀ 'ਤੇ ਪੰਜਾਬ ਨੂੰ ਸੌ ਕਰੋੜ ਦੇ ਫ਼ੰਡ



**ਚੰਡੀਗੜ੍ਹ :** ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਚੌਹਾਨ ਪੰਜਾਬ ਤੇ ਕੇਂਦਰ ਦੇ ਸਿਆਸੀ ਟਕਰਾਅ ਵਿਚਾਲੇ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ 'ਤੇ 'ਮਿਹਰਬਾਨ' ਹੋਏ ਹਨ। ਕੌਮੀ ਖੇਤੀ ਕਾਨਫ਼ਰੰਸ ਜੋ ਕਿ 28-29 ਸਤੰਬਰ ਨੂੰ ਦਿੱਲੀ ਵਿਖੇ ਹੋਈ, 'ਚ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕ੍ਰਿਸ਼ੀ ਉੱਨਤੀ ਸਕੀਮ ਅਤੇ ਕਣਕ ਦੇ ਬੀਜਾਂ 'ਤੇ ਸਬਸਿਡੀ ਜਾਰੀ ਕਰਨ ਲਈ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਚੌਹਾਨ ਨੂੰ ਅਪੀਲ ਕੀਤੀ ਸੀ। ਕੇਂਦਰੀ ਮੰਤਰੀ ਚੌਹਾਨ ਨੇ 28 ਸਤੰਬਰ ਨੂੰ ਹੀ ਪੰਜਾਬ ਨੂੰ ਕਣਕ ਦੇ ਬੀਜ 'ਤੇ ਸਬਸਿਡੀ ਲਈ 50 ਕਰੋੜ ਰੁਪਏ ਦੀ ਮਨਜ਼ੂਰੀ ਦੇ ਦਿੱਤੀ। ਕੇਂਦਰੀ ਮੰਤਰੀ ਨੇ ਮੌਕੇ 'ਤੇ ਹੀ ਮਨਜ਼ੂਰੀ ਪੱਤਰ ਖੇਤੀ ਮੰਤਰੀ ਖੁੱਡੀਆਂ ਨੂੰ ਸੌਂਪ ਦਿੱਤਾ ਸੀ। ਇਸੇ ਤਰ੍ਹਾਂ ਕ੍ਰਿਸ਼ੀ ਉੱਨਤੀ ਸਕੀਮ ਦੀ ਰੁਕੀ ਹੋਈ ਦੂਜੀ ਕਿਸ਼ਤ ਵੀ ਕੇਂਦਰ ਨੇ ਜਾਰੀ ਕਰ ਦਿੱਤੀ ਹੈ ਜੋ ਕਿ 43.12 ਕਰੋੜ ਰੁਪਏ ਬਣਦੀ ਹੈ। ਕੁੱਝ ਫੁਟਕਲ ਕੰਮਾਂ ਲਈ ਵੀ ਰਾਸ਼ੀ ਪ੍ਰਵਾਨ ਹੋਈ ਹੈ। ਪੰਜਾਬ ਲਈ ਕਰੀਬ 100 ਕਰੋੜ ਰੁਪਏ ਦੇ ਕੇਂਦਰੀ ਫ਼ੰਡ ਮਨਜ਼ੂਰ ਹੋਏ ਹਨ।

# ਜ਼ਫ਼ਰ ਨੂੰ ਕਾਰਨ ਦੱਸੋ ਨੋਟਿਸ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦਾ ਅਪਮਾਨ : ਸੰਜੀਵਨ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਨਾਟਕਕਾਰ ਅਤੇ ਨਾਟ-ਨਿਰਦੇਸ਼ਕ ਸੰਜੀਵਨ ਸਿੰਘ ਨੇ ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ ਦੀ ਪ੍ਰਬੰਧਕੀ ਸਕੱਤਰ ਸੋਨਾਲੀ ਗਿਰੀ ਵੱਲੋਂ ਉੱਘੇ ਸ਼ਾਇਰ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਜ਼ਫ਼ਰ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਨੂੰ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਅਪਮਾਨ ਕਰਾਰ ਦਿੰਦੇ ਹੋਏ ਕਿਹਾ ਹੈ ਕਿ ਜ਼ਫ਼ਰ ਦੀ ਨਿਯੁਕਤੀ ਉਨ੍ਹਾਂ ਦੇ ਸਾਹਿਤਕ ਯੋਗਦਾਨ, ਪੰਜਾਬੀ ਅਤੇ ਪੰਜਾਬੀਅਤ ਦੇ ਪ੍ਰਸਾਰ ਪ੍ਰਤੀ ਪ੍ਰਤੀਬੱਧਤਾ ਅਤੇ ਪ੍ਰਸ਼ਾਸਕੀ ਕੁਸ਼ਲਤਾ ਨੂੰ ਧਿਆਨ ਵਿਚ ਰੱਖਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪ ਜੂਨ 2024 ਵਿੱਚ ਕੀਤੀ ਗਈ ਸੀ।ਇਹ ਨਿਯੁਕਤੀ ਕੋਈ ਸਧਾਰਨ ਅਤੇ ਵਿਭਾਗੀ ਨਿਯਮਾਂ ਅਧੀਨ ਨਹੀਂ ਸੀ ਹੋਈ, ਸਗੋਂ ਵਿਸ਼ੇਸ਼ ਪ੍ਰਸਥਿਤੀਆਂ ਅਧੀਨ ਮਨੋਨੀਤ ਨਿਯੁਕਤੀ ਸੀ, ਜਿਸ ਦਾ ਕਿ ਦੇਸ਼ਾਂ-ਵਿਦੇਸ਼ਾਂ ਵਿਚ ਬੈਠੇ ਸਮੂਹ ਪੰਜਾਬੀਆਂ ਨੇ ਸਵਾਗਤ ਕੀਤਾ ਸੀ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਸੁਚੱਜੀ ਚੋਣ ਦੀ ਸ਼ਲਾਘਾ ਵੀ ਕੀਤੀ ਸੀ।ਸੀਮਤ ਵਿੱਤੀ ਸਾਧਨਾਂ ਦੇ ਬਾਵਜੂਦ ਸੌਂਪੀ ਗਈ ਜ਼ੁੰਮੇਵਾਰੀ ਨੂੰ ਤਨਦੇਹੀ ਅਤੇ ਪ੍ਰਤੀਬੱਧਤਾ ਨਾਲ ਨਿਭਾਉਂਦਿਆਂ ਜ਼ਫਰ ਨੇ ਸੈਂਕੜੇ ਪੁਸਤਕਾਂ ਅਤੇ ਰਸਾਲਿਆਂ ਨੂੰ ਏ. ਆਈ. ਦੇ ਵਰਤਣਯੋਗ ਬਣਾਇਆ।ਪੰਜਾਬੀ ਦੇ ਸਾਰੇ ਸ਼ਬਦਕੋਸ਼ਾਂ, ਮੁਹਾਵਰਾਕੋਸ਼ਾਂ ਅਤੇ ਅਖਾਣਕੋਸ਼ਾਂ ਨੂੰ ਵੈੱਬਸਾਈਟ ਦਾ ਹਿੱਸਾ ਬਣਾਇਆ ਅਤੇ ਵਿਭਾਗ ਦੀਆਂ ਸਾਹਿਤਕ ਅਤੇ ਸੱਭਿਆਚਾਰਕ ਸਰਗਰਮੀਆਂ ਵਿਚ ਪਿਛਲੇ ਲੰਮੇ ਸਮੇਂ ਦੀ ਖੜੋਤ ਨੂੰ ਤੋੜਿਆ।ਇਸੇ ਦੌਰਾਨ ਭਾਸ਼ਾ ਵਿਭਾਗ, ਪੰਜਾਬ ਦੀ ਸਮੂਹ ਟੀਮ ਨੂੰ ਮਹਾਂਕਵੀ ਰਾਮਧਾਰੀ ਸਿੰਘ ਦਿਨਕਰ ਯਾਦਗਾਰੀ ਰਾਸ਼ਟਰੀ ਸੰਸਥਾਨ ਵੱਲੋਂ ਅਟੱਲ ਭਾਸ਼ਾ ਸਨਮਾਨ ਵੀ ਪ੍ਰਦਾਨ ਕੀਤਾ ਗਿਆ।

ਜੂਨ 2024 ਵਿੱਚ ਅਧੀਨ ਸਕੱਤਰ ਵੱਲੋਂ ਨਿਯੁਕਤੀ ਪੱਤਰ ਵਿਚ ਟਰਮਜ਼ ਅਤੇ ਕੰਡੀਸ਼ਨ ਬਾਅਦ ਵਿਚ ਨਿਰਧਾਰਤ ਕਰਨ ਲਈ ਲਿਖਿਆ ਸੀ, ਜੋ ਹਾਲੇ ਤੱਕ ਨਿਰਧਾਰਤ ਨਹੀਂ ਕੀਤੇ ਗਏ।ਪ੍ਰਬੰਧਕੀ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾ ਵੱਲੋਂ ਜ਼ਫ਼ਰ ਨੂੰ 26 ਅਗਸਤ ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦਾ ਅਧਾਰ ਖੋਜ ਸਹਾਇਕਾਂ ਦੀ ਭਰਤੀ ਸੰਬੰਧੀ ਰੋਸਟਰ ਰਜਿਸਟਰ ਵਿਚ ਤਰੁੱਟੀ ਨੂੰ ਬਣਾਇਆ ਗਿਆ ਹੈ, ਜੋ ਕਿ ਨਿਰਮੂਲ ਅਤੇ ਗ਼ੈਰ ਵਾਜਬ ਹੈ, ਕਿਉਂਕਿ ਜ਼ਫ਼ਰ ਅਨੁਸਾਰ ਭਰਤੀ ਦੀ ਪ੍ਰਕਿਰਿਆ ਅਧੀਨ ਸੇਵਾਵਾਂ ਬੋਰਡ ਵੱਲੋਂ ਮੁਕੰਮਲ ਕੀਤੀ ਗਈ ਹੈ ਅਤੇ ਇਸ ਪ੍ਰਕਿਰਿਆ ਦਾ ਆਰੰਭ ਉਨ੍ਹਾਂ ਦੀ ਨਿਯੁਕਤੀ ਤੋਂ ਪਹਿਲਾਂ ਹੀ ਹੋ ਚੁੱਕਾ ਸੀ।ਸੰਜੀਵਨ ਨੇ ਅੱਗੇ ਕਿਹਾ ਹੈ ਕਿ ਕਿਉਂਕਿ ਜਸਵੰਤ ਜ਼ਫ਼ਰ ਦੀ ਨਿਯੁਕਤੀ ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਨਾਲ ਹੋਈ ਸੀ, ਇਸ ਲਈ ਮੁੱਖ ਮੰਤਰੀ ਨਿੱਜੀ ਧਿਆਨ ਦੇਣ ਤਾਂ ਜੋ ਪੰਜਾਬੀ ਵਿਰੋਧੀ ਸੋਚ ਵਾਲੇ ਅਫ਼ਸਰਾਂ ਦੀ ਜੁੰਡਲੀ ਵੱਲੋਂ ਭਾਸ਼ਾ ਵਿਭਾਗ ਨੂੰ ਕਮਜ਼ੋਰ ਕਰਕੇ ਬੰਦ ਕਰਨ ਦੀਆਂ ਕੋਸ਼ਿਸ਼ਾਂ ਸਫ਼ਲ ਨਾ ਹੋ ਸਕਣ।

## ਅੱਜ-ਨਾਮਾ

ਬੇੜਾ ਟਰੰਪ ਨੇ ਹੋਰ ਇੱਕ ਠੇਲ੍ਹ ਧਰਿਆ,
ਲੱਗਦਾ ਜੰਗ ਉਹ ਕਰੂ ਕੁਝ ਤੇਜ਼ ਬੇਲੀ।
ਪਹਿਲੇ ਸਭਨਾਂ ਤੋਂ ਆਖ ਰਹੇ ਤੇਜ਼ ਬੇੜਾ,
ਉਸ ਦੀ ਖਬਰ ਆ ਸਨਸਨੀ ਖੇਜ਼ ਬੇਲੀ।
ਦਾਅਵੇ ਟਰੰਪ ਦੇ ਬੜਾ ਕੁਝ ਕਹੀ ਜਾਂਦੇ,
ਕਰੇ ਨਾ ਬੋਲਣ ਤੋਂ ਕੋਈ ਪਰਹੇਜ਼ ਬੇਲੀ।
ਦਿੰਦੀ ਦਖਲ ਨਾ ਅਜੇ ਤੱਕ ਯੂ ਐੱਨ ਓ,
ਉਹ ਵੀ ਕਰਦੀ ਹੈ ਕਿਉਂ ਗੁਰੇਜ਼ ਬੇਲੀ।
ਜਿਹੜੇ ਪਾਸੇ ਨੂੰ ਦਿੱਸ ਰਹੀ ਗੱਲ ਜਾਂਦੀ,
ਵਧਦੀ ਗੱਲ ਤੇ ਮੱਚ ਹੈ ਕਹਿਰ ਸਕਦਾ।
ਹੀਰੋਸ਼ੀਮਾ ਦਾ ਅਜੇ ਨਹੀਂ ਕਹਿਰ ਭੁੱਲਾ,
ਸਮਾਂ ਓਦਾਂ ਹੀ ਫੇਰ ਆ ਠਹਿਰ ਸਕਦਾ।

-ਤੀਸ ਮਾਰ ਖਾਂ

# ਬੀ ਜੇ ਪੀ ਹਕੂਮਤ ਵੋਟਾਂ ਕੱਟ ਕੇ ਜਮਹੂਰੀਅਤ ਖਤਮ ਕਰਨ ਦੇ ਰਾਹ ਤੁਰੀ : ਰੁਪਿੰਦਰ

**ਭਿੱਖੀਵਿੰਡ (ਨਵਾਂ ਜ਼ਮਾਨਾ ਸਰਵਿਸ)**



ਹਿੰਦੁਸਤਾਨ ਦੀਆਂ ਕਮਿਊਨਿਸਟ ਪਾਰਟੀਆਂ ਅਤੇ ਇੰਡੀਆ ਗੱਠਜੋੜ ਨੇ ਬੀ ਜੇ ਪੀ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਐੱਸ ਆਈ ਆਰ ਭਾਵ ਵੋਟਾਂ ਦੀ ਵਿਸ਼ੇਸ਼ ਸੁਧਾਈ ਮੁਹਿੰਮ ਰਾਹੀਂ ਵੋਟਰਾਂ ਦੀਆਂ ਵੋਟਾਂ ਕੱਟਣ ਵਾਲੀ ਨੀਤੀ ਵਿਰੁੱਧ ਦੇਸ਼ ਭਰ ਵਿੱਚ ਪ੍ਰਦਰਸ਼ਨ ਕਰਨ ਦਾ ਸੱਦਾ ਦਿੱਤਾ ਹੈ ਅਤੇ ਉਸ ਦੇ ਮੱਦੇਨਜ਼ਰ ਪੰਜਾਬ ਦੀਆਂ ਕਮਿਊਨਿਸਟ ਪਾਰਟੀਆਂ ਨੇ ਵੀ ਆਪਣੇ ਕਾਡਰ ਨੂੰ ਵੀ ਹਦਾਇਤ ਕੀਤੀ ਹੈ ਕਿ ਉਹ ਇਸ ਸੱਦੇ ਨੂੰ ਲਾਗੂ ਕਰਨ।ਭਿੱਖੀਵਿੰਡ ਇਲਾਕੇ ਦੇ ਪਿੰਡ ਮਾੜੀਮੇਘਾ ਵਿਖੇ ਸੀ ਪੀ ਆਈ ਤੇ ਪੰਜਾਬ ਇਸਤਰੀ ਸਭਾ ਵੱਲੋਂ ਪਿੰਡ ਦੀ ਪ੍ਰਧਾਨ ਪ੍ਰਮਜੀਤ ਕੌਰ ਮਾੜੀਮੇਘਾ ਦੀ ਰਹਿਨੁਮਾਈ ਹੇਠ ਮੀਟਿੰਗ ਕੀਤੀ ਗਈ।ਸੰਬੋਧਨ ਦੌਰਾਨ ਸੀ ਪੀ ਆਈ ਦੀ ਜ਼ਿਲ੍ਹਾ ਐਗਜ਼ੀਕਿਊਟਿਵ ਮੈਂਬਰ ਅਤੇ ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ ਨੇ ਕਿਹਾ ਕਿ ਕੇਂਦਰ ਦੀ ਬੀ ਜੇ ਪੀ ਸਰਕਾਰ ਨੇ ਹਿੰਦੁਸਤਾਨ ਵਿੱਚ ਜਮਹੂਰੀਅਤ ਦਾ ਕਤਲ ਕਰ ਦਿੱਤਾ ਹੈ।ਲੋਕਾਂ ਤੋਂ ਵੋਟਾਂ ਪਾਉਣ ਦਾ ਅਧਿਕਾਰ ਵੋਟਾਂ ਦੀ ਸੁਧਾਈ ਮੁਹਿੰਮ ਰਾਹੀਂ ਖੋਹ ਲਿਆ ਹੈ।ਪਹਿਲਾਂ ਹਿੰਦ ਦੇ ਮੁੱਖ ਸੂਬੇ ਬਿਹਾਰ ਅਤੇ ਪੱਛਮੀ ਬੰਗਾਲ ਵਿੱਚ ਵੋਟਰਾਂ ਦੀਆਂ ਵੋਟਾਂ ਕੱਟ ਕੇ ਧੱਕੇ ਨਾਲ ਆਪਣੀਆਂ ਸਰਕਾਰਾਂ ਕਾਇਮ ਕੀਤੀਆਂ ਅਤੇ ਹੁਣ ਪੰਜਾਬ 'ਤੇ ਅੱਖ ਹੈ ਕਿਉਂਕਿ ਪੰਜਾਬ ਵਿੱਚ ਵੀ 26 ਲੱਖ ਦੇ ਕਰੀਬ ਵੋਟਾਂ ਕੱਟੀਆਂ ਜਾ ਚੁੱਕੀਆਂ ਹਨ ਤੇ ਹਾਲੇ ਸਿਲਸਲਾ ਜਾਰੀ ਹੈ।ਉਨ੍ਹਾ ਮੰਗ ਕੀਤੀ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਫੌਰੀ ਤੌਰ 'ਤੇ ਅਸਤੀਫਾ ਦੇਵੇ। ਰੁਪਿੰਦਰ ਨੇ ਕਿਹਾ ਕਿ ਭਿੱਖੀਵਿੰਡ ਇਲਾਕੇ ਦੇ ਨਰੇਗਾ ਕਾਮੇ ਕੰਮ ਮੰਗ ਮੰਗ ਕੇ ਥੱਕ ਚੁੱਕੇ ਹਨ, ਪਰ

• ਬਾਕੀ ਸਫਾ 2 'ਤੇ

## ਐੱਲ ਪੀ ਯੂ ਹਿੰਸਾ ਮਾਮਲੇ 'ਚ 7 ਵਿਦਿਆਰਥੀਆਂ ਸਣੇ 9 ਗ੍ਰਿਫਤਾਰ

**ਜਲੰਧਰ :** ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਵਿਚ ਹੋਈ ਹਿੰਸਾ ਮਾਮਲੇ ਵਿਚ ਪੁਲਸ ਵੱਲੋਂ 9 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੁਲਸ ਮੁਤਾਬਕ ਮੁਲਜ਼ਮਾਂ ਵਿਚ 7 ਵਿਦਿਆਰਥੀ ਤੇ 2 ਬਾਹਰ ਦੇ ਲੋਕ ਹਨ, ਜਦੋਂ ਕਿ ਜਾਂਚ ਵਿਚ 20 ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਕੇਸ ਵਿਚ ਨਾਮਜ਼ਦ ਕੀਤਾ ਗਿਆ ਹੈ। ਡੀ ਆਈ ਜੀ ਜਲੰਧਰ ਨਵੀਨ ਸਿੰਗਲਾ ਨੇ ਪ੍ਰੈੱਸ ਕਾਨਫਰੰਸ ਕਰਕੇ ਦੱਸਿਆ ਕਿ ਯੂਨੀਵਰਸਿਟੀ ਵਿਚ ਹੰਗਾਮਾ ਕਰਨ ਦੇ ਦੋਸ਼ ਵਿਚ ਫਗਵਾੜਾ ਤੋਂ 2, ਜਦੋਂ ਕਿ ਜੰਮੂ ਤੇ ਮੁੰਬਈ ਤੋਂ ਵੀ ਮੁਲਜ਼ਮਾਂ ਦੀ ਗ੍ਰਿਫਤਾਰੀ ਕੀਤੀ ਗਈ ਹੈ।

ਦੂਜੇ ਪਾਸੇ ਹਿੰਸਾ ਦੌਰਾਨ ਪਰਿਸਰ ਦੇ ਬਾਹਰ ਸਥਾਪਤ ਮਿਗ- ਫਾਈਟਰ ਜੈੱਟ 'ਤੇ ਚੜ੍ਹੇ ਸ਼ਖਸ ਨੂੰ ਵੀ ਗ੍ਰਿਫਤਾਰ ਕਰ ਲਿਆ। ਮੁਲਜ਼ਮ ਦੀ ਗ੍ਰਿਫਤਾਰੀ ਹਿਮਾਚਲ ਪ੍ਰਦੇਸ਼ ਦੇ ਮੰਡੀ ਜ਼ਿਲ੍ਹੇ ਤੋਂ ਹੋਈ ਹੈ। ਉਹ ਨਾਬਾਲਗ ਹੈ, ਯੂਨੀਵਰਸਿਟੀ ਦਾ ਹੀ ਵਿਦਿਆਰਥੀ ਹੈ ਤੇ ਹਿਮਾਚਲ ਦੇ ਮੰਡੀ ਜ਼ਿਲ੍ਹੇ ਦਾ ਰਹਿਣ ਵਾਲਾ ਹੈ।

## 'ਆਪ' ਵੱਲੋਂ ਵਲਟੋਹਾ ਤੇ ਪੀੜਤਾ ਵਿਚਾਲੇ ਹੋਈ ਗੱਲਬਾਤ ਦੀ ਆਡੀਓ ਜਾਰੀ



**ਚੰਡੀਗੜ੍ਹ :** ਆਮ ਆਦਮੀ ਪਾਰਟੀ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ ਦਰਜ ਬਲਾਤਕਾਰ ਦੇ ਮਾਮਲੇ ਨੂੰ ਸ਼ੁੱਕਰਵਾਰ ਨੂੰ ਇੱਕ ਆਡੀਓ ਰਿਕਾਰਡਿੰਗ ਜਾਰੀ ਕਰਕੇ ਨਵਾਂ ਮੋੜਾ ਦੇ ਦਿੱਤਾ ਹੈ। ਇਹ ਕਥਿਤ ਆਡੀਓ ਰਿਕਾਰਡਿੰਗ ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ ਅਤੇ ਚਾਵਲਾ ਮਾਮਲੇ 'ਚ ਪੀੜਤ ਔਰਤ ਦਰਮਿਆਨ ਹੋਈ ਗੱਲਬਾਤ 'ਤੇ ਅਧਾਰਿਤ ਹੈ। 'ਆਪ' ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਇਹ ਆਡੀਓ ਰਿਕਾਰਡਿੰਗ ਜਾਰੀ ਕਰਕੇ ਸ਼੍ਰੋਮਣੀ ਕਮੇਟੀ 'ਤੇ ਸਵਾਲ ਚੁੱਕੇ ਹਨ। ਪੰਨੂ ਨੇ ਅੱਜ ਦਾਅਵਾ ਕੀਤਾ ਕਿ 7-8 ਮਹੀਨਿਆਂ ਦੇ ਸਮੇਂ ਦੌਰਾਨ ਵਿੱਤੀ ਲੈਣ ਦੇਣ ਦਾ ਕਥਿਤ ਆਡੀਓ ਵਿੱਚ ਜ਼ਿਕਰ ਹੈ। ਪੰਨੂ ਨੇ ਸਵਾਲ ਚੁੱਕਿਆ ਕਿ ਬਹਿਰੀਨ ਤੋਂ ਇਸ ਔਰਤ ਨੂੰ ਪੰਜਾਬ ਕਿਉਂ ਲਿਆਂਦਾ ਗਿਆ ਅਤੇ ਉਸ ਨੂੰ ਸ਼੍ਰੋਮਣੀ ਕਮੇਟੀ ਅਧੀਨ ਇਮਾਰਤਾਂ ਵਿੱਚ ਲੰਬਾ ਸਮਾਂ ਕਿਵੇਂ ਠਹਿਰਾਇਆ ਗਿਆ। ਪੰਨੂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਧਾਮੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੋਂ ਇਸ ਔਰਤ ਨੂੰ ਪੰਜਾਬ ਲਿਆਉਣ ਦੀਆਂ ਪ੍ਰਸਥਿਤੀਆਂ ਤੇ ਮਕਸਦਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੀਆਂ ਸਰਾਵਾਂ 'ਚ ਠਹਿਰਾਉਣ ਬਾਰੇ ਜਵਾਬ ਮੰਗਿਆ ਹੈ।

## ਹਿੰਮਤਪੁਰਾ ਤੋਂ ਖੋਟਿਆਂ ਤੱਕ ਸੜਕ ਦੀ ਹਾਲਤ ਖਸਤਾ, ਟੋਏ ਬਣੇ ਮੁਸੀਬਤ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਹਿੰਮਤਪੁਰਾ ਤੋਂ ਲੈ ਕੇ ਖੋਟਿਆਂ ਤੱਕ ਸੜਕ ਦੀ ਹਾਲਤ ਕਾਫ਼ੀ ਖਸਤਾ ਹੋਣ ਤੇ ਸੜਕ ਉੱਪਰ ਵੱਡੇ ਟੋਏ ਪੈਣ ਕਾਰਨ ਇਸ ਰਸਤੇ ਤੋਂ ਲੰਘਣ ਵਾਲੇ ਲੋਕਾਂ ਨੂੰ ਭਾਰੀ ਦਿੱਕਤਾਂ ਅਤੇ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਸੜਕ 'ਤੇ ਥਾਂ-ਥਾਂ ਬਣੇ ਹੋਏ ਵੱਡੇ-ਵੱਡੇ ਟੋਏ ਵਾਹਨ ਚਾਲਕਾਂ ਲਈ ਵੱਡੀ ਮੁਸੀਬਤ ਬਣੇ ਹੋਏ ਹਨ।ਇਸ ਸੜਕ ਦੇ ਨੇੜੇ ਕਈ ਧਾਰਮਿਕ ਸਥਾਨ ਸਥਿਤ ਹਨ, ਜਿਸ ਕਾਰਨ ਇਸ ਸੜਕ 'ਤੇ ਰੋਜ਼ਾਨਾ ਵੱਡੀ ਗਿਣਤੀ ਵਿੱਚ ਲੋਕ ਆਉਂਦੇ-ਜਾਂਦੇ ਹਨ।ਇਸ ਤੋਂ ਇਲਾਵਾ ਸਕੂਲੀ ਬੱਸਾਂ ਦੀ ਆਵਾਜਾਈ ਤੇ ਵਪਾਰਕ ਕੰਮਕਾਜ ਵੀ ਇਸ ਸੜਕ ਨਾਲ ਜੁੜਿਆ ਹੋਇਆ ਹੈ। ਸੜਕ ਦੀ ਖਸਤਾ ਹਾਲਤ ਕਾਰਨ ਸਕੂਲੀ ਬੱਸਾਂ, ਆਮ ਵਾਹਨਾਂ ਤੇ ਵਪਾਰਕ ਆਵਾਜਾਈ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਖਣਮੁੱਖ ਭਾਰਤੀ ਪੱਤੋਂ ਨੇ ਕਿਹਾ ਕਿ ਐਮਰਜੈਂਸੀ ਦੇ ਸਮੇਂ ਐਂਬੂਲੈਂਸ ਰਾਹੀਂ ਮਰੀਜ਼ਾਂ ਨੂੰ ਹਸਪਤਾਲ ਲਿਜਾਣ ਵਿੱਚ ਵੀ ਇਸ ਖਸਤਾ ਸੜਕ ਕਾਰਨ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਸੜਕ 'ਤੇ ਪਹਿਲਾਂ ਵੀ ਕਈ ਦੁਰਘਟਨਾਵਾਂ ਵਾਪਰ ਚੁੱਕੀਆਂ ਹਨ ਅਤੇ ਇਸ ਟੁੱਟੀ ਸੜਕ ਕਾਰਨ ਕਈ ਲੋਕ ਆਪਣੀ ਜਾਨ ਤੋਂ ਹੱਥ ਧੋ ਬੈਠੇ ਹਨ। ਇਸ ਦੇ ਬਾਵਜੂਦ ਸਬੰਧਤ ਵਿਭਾਗ ਅੱਖਾਂ ਮੀਚੀ ਬੈਠਾ ਹੈ ਅਤੇ ਕਿਸੇ ਵੱਡੇ ਹਾਦਸੇ ਦਾ ਇੰਤਜ਼ਾਰ ਕਰ ਰਿਹਾ ਹੈ।ਇਹ ਸੜਕ ਵਿਧਾਨ ਸਭਾ ਹਲਕੇ ਦੇ ਨਾਲ-ਨਾਲ ਲੋਕ ਸਭਾ ਹਲਕਾ ਫਰੀਦਕੋਟ ਨਾਲ ਵੀ ਜੁੜੀ ਹੋਈ ਹੈ, ਪਰ ਇਸ ਦੇ ਬਾਵਜੂਦ ਟੁੱਟੀ ਹੋਈ ਸੜਕ ਵੱਲ ਕਿਸੇ ਦਾ ਵੀ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ।ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਖਣਮੁੱਖ ਭਾਰਤੀ ਪੱਤੋਂ ਨੇ ਸਰਕਾਰ ਅਤੇ ਸਬੰਧਤ ਵਿਭਾਗ ਤੋਂ ਮੰਗ ਕੀਤੀ ਕਿ ਹਿੰਮਤਪੁਰਾ ਤੋਂ ਖੋਟਿਆਂ ਤੱਕ ਸੜਕ ਦੀ ਤੁਰੰਤ ਮੁਰੰਮਤ ਕਰਵਾ ਕੇ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਆ ਰਹੀਆਂ ਮੁਸ਼ਕਿਲਾਂ ਦੂਰ ਕੀਤੀਆਂ ਜਾਣ।ਟੁੱਟੀ ਹੋਈ ਸੜਕ ਨੂੰ ਬਣਾ ਕੇ ਲੋਕਾਂ ਨੂੰ ਚਿੰਤਾ ਮੁਕਤ ਕੀਤਾ ਜਾਵੇ।

## ਮਿੱਟੀ ਦੀਆਂ ਭਰੀਆਂ ਟਰਾਲੀਆਂ ਬਣੀਆਂ ਲੋਕਾਂ ਲਈ ਮੁਸੀਬਤ

### ਸੜਕਾਂ 'ਤੇ ਡਿੱਗਦੀ ਮਿੱਟੀ ਤੇ ਧੂੜ ਨਾਲ ਹਾਦਸਿਆਂ ਦਾ ਖ਼ਤਰਾ, ਪ੍ਰਸ਼ਾਸਨ ਚੁੱਪ



**ਬਰੇਟਾ (ਗੀਤਵਾਲ)**-ਸ਼ਹਿਰ ਦੀਆਂ ਮੁੱਖ ਸੜਕਾਂ 'ਤੇ ਦਿਨ-ਰਾਤ ਲੰਘ ਰਹੀਆਂ ਮਿੱਟੀ ਨਾਲ ਭਰੀਆਂ ਟਰੈਕਟਰ-ਟਰਾਲੀਆਂ ਆਮ ਲੋਕਾਂ ਲਈ ਵੱਡੀ ਪ੍ਰੇਸ਼ਾਨੀ ਦਾ ਕਾਰਨ ਬਣ ਗਈਆਂ ਹਨ।ਬਿਨਾਂ ਢਕੇ ਹੋਏ ਇਨ੍ਹਾਂ ਵਾਹਨਾਂ ਤੋਂ ਸੜਕਾਂ 'ਤੇ ਮਿੱਟੀ ਡਿੱਗਦੀ ਰਹਿੰਦੀ ਹੈ, ਜਿਸ ਨਾਲ ਚਾਰੇ ਪਾਸੇ ਧੂੜ ਦੇ ਗੁਬਾਰ ਉੱਠਦੇ ਹਨ।ਧੂੜ ਕਾਰਨ ਸਾਹ ਦੇ ਮਰੀਜ਼ਾਂ, ਬਜ਼ੁਰਗਾਂ ਅਤੇ ਬੱਚਿਆਂ ਨੂੰ ਖਾਸ ਤੌਰ 'ਤੇ ਦਿੱਕਤ ਆ ਰਹੀ ਹੈ।ਅੱਖਾਂ ਵਿੱਚ ਜਲਨ, ਖੰਘ ਤੇ ਐਲਰਜੀ ਦੀਆਂ ਸ਼ਿਕਾਇਤਾਂ ਵਧ ਰਹੀਆਂ ਹਨ।ਦੁਕਾਨਦਾਰਾਂ ਦਾ ਕਹਿਣਾ ਹੈ ਕਿ ਦਿਨ ਭਰ ਦੁਕਾਨਾਂ ਵਿੱਚ ਧੂੜ ਜੰਮੀ ਰਹਿੰਦੀ ਹੈ, ਜਿਸ ਨਾਲ ਸਾਮਾਨ ਖਰਾਬ ਹੁੰਦਾ ਹੈ ਤੇ ਗਾਹਕ ਵੀ ਘਟ ਰਹੇ ਹਨ।ਇਸ ਤੋਂ ਇਲਾਵਾ ਸੜਕਾਂ 'ਤੇ ਡਿੱਗੀ ਮਿੱਟੀ ਬਰਸਾਤ ਦੌਰਾਨ ਚਿੱਕੜ ਬਣ ਜਾਂਦੀ ਹੈ, ਜਿਸ ਕਾਰਨ ਦੋ-ਪਹੀਆ ਵਾਹਨ ਚਾਲਕਾਂ ਦੇ ਫਿਸਲਣ ਤੇ ਹਾਦਸਿਆਂ ਦਾ ਖ਼ਤਰਾ ਬਣਿਆ ਰਹਿੰਦਾ ਹੈ।ਕਈ ਥਾਂਵਾਂ 'ਤੇ ਓਵਰਲੋਡ ਟਰਾਲੀਆਂ ਤੇਜ਼ ਰਫ਼ਤਾਰ ਨਾਲ ਚੱਲਦੀਆਂ ਹਨ, ਜਿਸ ਨਾਲ ਪੈਦਲ ਯਾਤਰੀਆਂ ਤੇ ਸਕੂਲੀ ਬੱਚਿਆਂ ਦੀ ਜਾਨ ਨੂੰ ਵੀ ਖ਼ਤਰਾ ਹੈ।

ਇੱਕ ਸਥਾਨਕ ਨਿਵਾਸੀ ਨੇ ਕਿਹਾ ਕਿ ਸਵੇਰ ਤੋਂ ਸ਼ਾਮ ਤੱਕ ਟਰਾਲੀਆਂ ਦੀ ਲਾਈਨ ਲੱਗੀ ਰਹਿੰਦੀ ਹੈ।ਨਾ ਮਿੱਟੀ ਢਕੀ ਹੁੰਦੀ ਹੈ ਅਤੇ ਨਾ ਹੀ ਕੋਈ ਰੋਕ-ਟੋਕ ਕਰਦਾ ਹੈ।ਸਾਹ ਲੈਣਾ ਵੀ ਔਖਾ ਹੋ ਗਿਆ ਹੈ।ਲੋਕਾਂ ਨੇ ਪ੍ਰਸ਼ਾਸਨ ਅਤੇ ਟ੍ਰੈਫਿਕ ਪੁਲਿਸ ਤੋਂ ਮੰਗ ਕੀਤੀ ਹੈ ਕਿ ਮਿੱਟੀ ਢੋਣ ਵਾਲੇ ਵਾਹਨਾਂ ਲਈ ਤਿਰਪਾਲ ਨਾਲ ਢਕਣਾ ਲਾਜ਼ਮੀ ਕੀਤਾ ਜਾਵੇ, ਓਵਰਲੋਡਿੰਗ ਖ਼ਿਲਾਫ਼ ਸਖ਼ਤ ਕਾਰਵਾਈ ਹੋਵੇ ਤੇ ਭੀੜ-ਭਾੜ ਵਾਲੇ ਸਮੇਂ ਦੌਰਾਨ ਸ਼ਹਿਰ ਵਿੱਚ ਇਨ੍ਹਾਂ ਦੇ ਦਾਖ਼ਲੇ 'ਤੇ ਪਾਬੰਦੀ ਲਾਈ ਜਾਵੇ।

## 50 ਹਜ਼ਾਰ ਰੁਪਏ ਰਿਸ਼ਵਤ ਮਾਮਲੇ 'ਚ ਇੰਸਪੈਕਟਰ ਸੁਨੀਤਾ ਰਾਣੀ ਬਰਖਾਸਤ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਵਿੱਚ ਭ੍ਰਿਸ਼ਟਾਚਾਰ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਪੁਲਿਸ ਵਿਭਾਗ ਵੱਲੋਂ ਸਖ਼ਤ ਕਾਰਵਾਈ ਕਰਦਿਆਂ ਮਹਿਲਾ ਇੰਸਪੈਕਟਰ ਸੁਨੀਤਾ ਰਾਣੀ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ। ਇੰਸਪੈਕਟਰ 'ਤੇ ਇੱਕ ਮਾਮਲੇ ਦੀ ਜਾਂਚ ਅਤੇ ਉਸ ਦੇ ਨਿਪਟਾਰੇ ਦੇ ਬਦਲੇ 50 ਹਜ਼ਾਰ ਰੁਪਏ ਦੀ ਰਿਸ਼ਵਤ ਮੰਗਣ ਤੇ ਹਾਸਲ ਕਰਨ ਦੇ ਗੰਭੀਰ ਦੋਸ਼ ਲੱਗੇ ਸਨ। ਵਿਭਾਗੀ ਜਾਂਚ ਤੋਂ ਬਾਅਦ ਦੋਸ਼ਾਂ ਦੀ ਪੁਸ਼ਟੀ ਹੋਣ 'ਤੇ ਇਹ ਕਾਰਵਾਈ ਕੀਤੀ ਗਈ ਹੈ। ਜਾਣਕਾਰੀ ਅਨੁਸਾਰ ਇੰਸਪੈਕਟਰ ਸੁਨੀਤਾ ਰਾਣੀ ਖ਼ਿਲਾਫ਼ ਰਿਸ਼ਵਤ ਲੈਣ ਸਬੰਧੀ ਸ਼ਿਕਾਇਤ ਸਾਹਮਣੇ ਆਈ ਸੀ। ਸ਼ਿਕਾਇਤ ਮਿਲਣ ਉਪਰੰਤ ਪੁਲਿਸ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਵਿਭਾਗੀ ਪੱਧਰ 'ਤੇ ਜਾਂਚ ਸ਼ੁਰੂ ਕੀਤੀ ਗਈ। ਜਾਂਚ ਦੌਰਾਨ ਮਾਮਲੇ ਨਾਲ ਜੁੜੇ ਤੱਥਾਂ ਅਤੇ ਉਪਲਬਧ ਸਬੂਤਾਂ ਦੀ ਪੜਤਾਲ ਕੀਤੀ ਗਈ। ਜਾਂਚ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਅਧਿਕਾਰੀਆਂ ਨੇ ਦੋਸ਼ਾਂ ਨੂੰ ਸਹੀ ਪਾਇਆ, ਜਿਸ ਤੋਂ ਬਾਅਦ ਇੰਸਪੈਕਟਰ ਖ਼ਿਲਾਫ਼ ਸਖ਼ਤ ਵਿਭਾਗੀ ਕਾਰਵਾਈ ਦਾ ਫੈਸਲਾ ਲਿਆ ਗਿਆ। ਇੰਸਪੈਕਟਰ ਸੁਨੀਤਾ ਰਾਣੀ ਦੀ ਬਰਖਾਸਤਗੀ ਸਬੰਧੀ ਹੁਕਮ ਫ਼ਰੀਦਕੋਟ ਰੇਂਜ ਦੀ ਸੀਨੀਅਰ ਆਈ.ਪੀ.ਐਸ. ਅਧਿਕਾਰੀ ਨੀਲਾਂਬਰੀ ਵਿਜੇ ਜਗਦਲੇ ਵੱਲੋਂ ਜਾਰੀ ਕੀਤੇ ਗਏ ਹਨ। ਵਿਭਾਗ ਵੱਲੋਂ ਕੀਤੀ ਗਈ ਇਸ ਕਾਰਵਾਈ ਨੂੰ ਪੁਲਿਸ ਮਹਿਕਮੇ ਵਿੱਚ ਭ੍ਰਿਸ਼ਟਾਚਾਰ ਪ੍ਰਤੀ ਸਖ਼ਤ ਰੁਖ਼ ਦੇ ਤੌਰ 'ਤੇ ਦੇਖਿਆ ਜਾ ਰਿਹਾ ਹੈ। ਪੁਲਿਸ ਅਧਿਕਾਰੀਆਂ ਵੱਲੋਂ ਸਰਕਾਰੀ ਡਿਊਟੀ ਦੌਰਾਨ ਰਿਸ਼ਵਤ ਜਾਂ ਕਿਸੇ ਹੋਰ ਤਰ੍ਹਾਂ ਦੇ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਹੋਣ ਦੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਣ ਦੀ ਗੱਲ ਕਹੀ ਜਾਂਦੀ ਰਹੀ ਹੈ। ਮੌਜੂਦਾ ਮਾਮਲੇ ਵਿੱਚ ਵੀ ਜਾਂਚ ਤੋਂ ਬਾਅਦ ਬਰਖਾਸਤਗੀ ਦੀ ਕਾਰਵਾਈ ਕੀਤੀ ਗਈ ਹੈ। ਇਸ ਫੈਸਲੇ ਨਾਲ ਵਿਭਾਗ ਅੰਦਰ ਭ੍ਰਿਸ਼ਟਾਚਾਰ ਨਾਲ ਜੁੜੇ ਮਾਮਲਿਆਂ ਵਿੱਚ ਜਵਾਬਦੇਹੀ ਅਤੇ ਵਿਭਾਗੀ ਕਾਰਵਾਈ ਨੂੰ ਲੈ ਕੇ ਸਖ਼ਤ ਸੰਦੇਸ਼ ਜਾਣ ਦੀ ਗੱਲ ਸਾਹਮਣੇ ਆ ਰਹੀ ਹੈ।

## ਏਕਤਾ ਉਗਰਾਹਾਂ ਵੱਲੋਂ ਡੀ ਸੀ ਦਫਤਰ ਦੇ ਘਿਰਾਓ ਸੰਬੰਧੀ ਮੀਟਿੰਗਾਂ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਪਿੰਡ ਰੌਲ ਤੇ ਬਿਲਾਸਪੁਰ ਦੀ 5 ਅਕਤੂਬਰ ਨੂੰ ਡੀ ਸੀ ਦਫਤਰ ਦਾ ਘਿਰਾਓ ਲਈ ਮੀਟਿੰਗ ਕਰਵਾਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਦੇ ਜਨਰਲ ਸਕੱਤਰ ਜਸਬੀਰ ਸਿੰਘ ਅਸਗਰੀਪੁਰ ਤੇ ਯੁਵਰਾਜ ਸਿੰਘ ਘੁਡਾਣੀ ਨੇ ਦੱਸਿਆ ਕਿ ਕਿਸਾਨਾਂ ਨੇ ਆਪਣੀਆਂ 13 ਮੰਗਾਂ ਨੂੰ ਲੈ ਕੇ ਪਿਛਲੇ ਮਹੀਨੇ 16 ਦਿਨ ਡੀਸੀ ਦਫ਼ਤਰਾਂ ਅੱਗੇ ਪੱਕੇ ਮੋਰਚੇ ਜਾਰੀ ਰੱਖੇ, ਪਰ ਪੰਜਾਬ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ 'ਤੇ ਚਰਚਾ ਕਰਨਾ ਤਾਂ ਦੂਰ ਦੀ ਗੱਲ ਕਿਸਾਨਾਂ ਦੇ ਪੱਕੇ ਮੋਰਚਿਆਂ ਨੂੰ ਹੀ ਅਣਗੌਲਿਆ ਕਰ ਦਿੱਤਾ। ਜਥੇਬੰਦੀ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕਰਦਿਆਂ 5 ਅਕਤੂਬਰ ਨੂੰ ਡੀ ਸੀ ਦਫ਼ਤਰ ਦਾ ਘਿਰਾਓ ਕਰਨ ਦਾ ਫ਼ੈਸਲਾ ਕੀਤਾ।ਆਗੂਆਂ ਨੇ ਮੰਗਾਂ 'ਤੇ ਚਰਚਾ ਕਰਦਿਆਂ ਕਿਹਾ ਕਿ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਰੱਦ ਕਰਨ, ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਖਤਮ ਕਰਨ, ਸੰਘਰਸ਼ ਦੌਰਾਨ ਪਾਏ ਕੇਸ ਵਾਪਸ ਲੈਣ ਤੇ ਪਰਾਲੀ ਸਾੜਨ 'ਤੇ ਪਾਏ ਕੇਸ ਰੱਦ ਕੀਤੇ ਜਾਣ, ਬਿਜਲੀ ਬਿੱਲ, ਬੀਜ ਬਿੱਲ ਰੱਦ ਕੀਤੇ ਜਾਣ ਤੇ ਕਾਰਪੋਰੇਟ ਘਰਾਣਿਆਂ 'ਤੇ ਟੈਕਸ ਲਾ ਕੇ ਖਜ਼ਾਨਾ ਭਰਿਆ ਜਾਵੇ। ਮੀਟਿੰਗ ਵਿੱਚ ਭੁਪਿੰਦਰ ਸਿੰਘ, ਕਮਲਪ੍ਰੀਤ ਸਿੰਘ, ਲਵਜੀਤ ਸਿੰਘ, ਪਰਮਜੀਤ ਸਿੰਘ, ਜੁਗਰਾਜ ਸਿੰਘ, ਬਹਾਦਰ ਸਿੰਘ, ਨਿਰਮਲ ਸਿੰਘ ਤੇ ਹੋਰ ਕਿਸਾਨ ਸ਼ਾਮਲ ਹੋਏ।

## ਪੀ ਏ ਯੂ ਕਿਸਾਨ ਕਲੱਬ ਵੱਲੋਂ ਮਾਸਿਕ ਸਿਖਲਾਈ ਕੈਂਪ



**ਲੁਧਿਆਣਾ (ਰੈਕਟਰ ਕਥੂਰੀਆ)**-ਪੀ.ਏ.ਯੂ. ਦੇ ਕਿਸਾਨ ਕਲੱਬ ਵੱਲੋਂ ਕਰਵਾਏ ਜਾਂਦੇ ਮਾਸਿਕ ਸਿਖਲਾਈ ਕੈਂਪਾਂ ਦੀ ਲੜੀ ਤਹਿਤ ਵਿਸ਼ੇਸ਼ ਸਿਖਲਾਈ ਕੈਂਪ ਲਾਇਆ ਗਿਆ। ਇਸ ਵਿੱਚ ਮਾਹਰਾਂ ਨੇ 110 ਦੇ ਕਰੀਬ ਕਿਸਾਨਾਂ ਦੀ ਹਾਜ਼ਰੀ ਵਿੱਚ ਚਲੰਤ ਖੇਤੀ ਕਾਰਜਾਂ ਤੇ ਸਮੱਸਿਆਵਾਂ ਬਾਰੇ ਜਾਗਰੂਕਤਾ ਫੈਲਾਈ। ਫਸਲ ਵਿਗਿਆਨ ਵਿਭਾਗ ਦੇ ਮਾਹਰ ਡਾ. ਜਗਰੂਪ ਕੌਰ ਨੇ ਪਰਾਲੀ ਦੀ ਸੰਭਾਲ ਦੇ ਨੁਕਤੇ ਤੇ ਲਾਭ ਕਿਸਾਨਾਂ ਨਾਲ ਸਾਂਝੇ ਕੀਤੇ। ਸਰਦੀਆਂ ਦੀਆਂ ਸਬਜ਼ੀਆਂ ਦੀ ਕਾਸ਼ਤ ਬਾਰੇ ਡਾ. ਰੂਮਾ ਦੇਵੀ ਨੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਫਲੋਰੀਕਲਚਰ ਮਾਹਰ ਡਾ. ਸਿਮਰਤ ਸਿੰਘ ਨੇ ਲੈਂਡਸਕੇਪਿੰਗ ਬਾਰੇ ਤੇ ਡਾ. ਸ਼ੈਲੀ ਨਈਅਰ ਨੇ ਤੇਲਬੀਜ ਫਸਲਾਂ ਦੀ ਕਾਸ਼ਤ ਬਾਰੇ ਵਿਸਥਾਰ ਨਾਲ ਦੱਸਿਆ। ਕਣਕ ਦੀ ਸਫਲਤਾ ਪੂਰਵਕ ਖੇਤੀ ਲਈ ਡਾ. ਇੰਦਰਪ੍ਰੀਤ ਕੌਰ ਧਾਲੀਵਾਲ ਵੱਲੋਂ ਕਿਸਾਨਾਂ ਨਾਲ ਵਿਚਾਰਾਂ ਦੀ ਸਾਂਝ ਪਾਈ ਗਈ। ਇਸ ਕੈਂਪ ਵਿੱਚ ਸਵਾਗਤ ਦੇ ਸ਼ਬਦ ਡਾ. ਲਵਲੀਸ਼ ਗਰਗ ਨੇ ਕਹੇ, ਜਦਕਿ ਪੀ.ਏ.ਯੂ. ਕਿਸਾਨ ਕਲੱਬ ਦੇ ਪ੍ਰਧਾਨ ਮਨਪ੍ਰੀਤ ਸਿੰਘ ਗਰੇਵਾਲ ਨੇ ਅੰਤ ਵਿੱਚ ਸਭ ਦਾ ਧੰਨਵਾਦ ਕੀਤਾ।

## ਪੰਜਾਬ ਕਿਸਾਨ ਯੂਨੀਅਨ ਮਾਲਵਾ ਜ਼ੋਨ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਕਿਸਾਨ ਯੂਨੀਅਨ ਮਾਲਵਾ ਜ਼ੋਨ ਦੀ ਮੀਟਿੰਗ ਕਾਮਰੇਡ ਗੁਰਜੰਟ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ।ਪਿਛਲੇ ਦਿਨੀਂ 20-21 ਸਤੰਬਰ ਨੂੰ ਜਲੰਧਰ ਵਿਖੇ ਹੋਈ ਆਲ ਇੰਡੀਆ ਕਿਸਾਨ ਮਹਾਂ ਸਭਾ ਦੀ ਰੈਲੀ ਤੇ ਕਾਨਫਰੰਸ 'ਚ ਕੀਤੀ ਗਈ ਸ਼ਮੂਲੀਅਤ ਦੌਰਾਨ ਰਹੀਆਂ ਘਾਟਾਂ, ਕਮਜ਼ੋਰੀਆਂ ਤੇ ਪ੍ਰਾਪਤੀਆਂ ਦੀ ਸਮੀਖਿਆ ਕੀਤੀ ਗਈ।ਵੱਖ ਵੱਖ ਜ਼ਿਲ੍ਹਿਆਂ ਤੋਂ ਪਹੁੰਚੇ ਆਗੂਆਂ ਨੇ ਪੰਜਾਬ ਕਿਸਾਨ ਯੂਨੀਅਨ ਤੇ ਜਮਹੂਰੀ ਕਿਸਾਨ ਸਭਾ ਦੇ ਹੋਏ ਰਲੇਵੇਂ ਦਾ ਸੁਆਗਤ ਕਰਦਿਆਂ ਭਵਿੱਖੀ ਕੰਮ ਵੰਡ 'ਤੇ ਚਰਚਾ ਕੀਤੀ। ਪ੍ਰੈੱਸ ਬਿਆਨ ਜਾਰੀ ਕਰਦਿਆਂ ਗੋਰਾ ਭੈਣੀਬਾਘਾ, ਗੁਰਨਾਮ ਸਿੰਘ ਭੀਖੀ, ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਜਲਦ ਹੀ ਕੁੱਲ ਹਿੰਦ ਕਿਸਾਨ ਮਹਾਂ ਸਭਾ ਦਾ ਸੂਬਾ ਇਜਲਾਸ ਕਰਕੇ ਸੂਬਾ ਕਮੇਟੀ ਦਾ ਗਠਨ ਕੀਤਾ ਜਾਵੇਗਾ।ਇਸ ਸਮੇਂ ਪੰਜਾਬ ਸਰਕਾਰ ਵੱਲੋਂ ਕਣਕ ਦੀ ਖ਼ਰੀਦ ਸਮੇਂ ਕਣਕ ਦੇ ਰੇਟ 'ਚ ਕੀਤੇ 25 ਰੁਪੈ ਦੇ ਨਿਗੂਣੇ ਵਾਧੇ ਦੀ ਸਖ਼ਤ ਨਿੰਦਾ ਕਰਦਿਆਂ ਸਵਾਮੀਨਾਥਨ ਦੀ ਰਿਪੋਰਟ ਅਨੁਸਾਰ ਕਣਕ ਦੇ ਸਮਰਥਨ ਮੁੱਲ ਦੀ ਮੰਗ ਕੀਤੀ।ਇਸ ਮੌਕੇ ਸੀ ਪੀ ਆਈ ਐਮ ਐੱਲ ਦੇ ਸੂਬਾਈ ਆਗੂ ਸੁਖਦਰਸ਼ਨ ਨੱਤ ਨੇ ਦਿੱਲੀ ਵਿਖੇ ਜੰਤਰ ਮੰਤਰ 'ਤੇ ਹੁੰਦੇ ਜਨਤਕ ਅੰਦੋਲਨਾਂ ਤੇ ਕੇਂਦਰ ਸਰਕਾਰ ਵੱਲੋਂ ਲਗਾਈ ਪਾਬੰਦੀ ਦੀ ਨਿਖੇਧੀ ਕਰਦਿਆਂ ਫਾਸ਼ੀਵਾਦ ਸਰਕਾਰ ਦਾ ਡੱਟਵਾਂ ਵਿਰੋਧ ਕਰਨ ਦਾ ਸੱਦਾ ਦਿੱਤਾ।

## ਨਸ਼ੀਲੇ ਪਦਾਰਥਾਂ ਦੇ ਮਾਮਲੇ 'ਚ ਡਾਕਟਰ ਗ੍ਰਿਫ਼ਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਨੰਦਪੁਰ ਕਲੌੜ ਵਿਖੇ ਚੈਕਿੰਗ ਦੌਰਾਨ ਕਥਿਤ ਤੌਰ 'ਤੇ ਭਾਰੀ ਮਾਤਰਾ ਵਿੱਚ ਨਸ਼ੇ ਲਈ ਵਰਤੀਆਂ ਜਾਣ ਵਾਲੀਆਂ ਗੋਲੀਆਂ ਤੇ ਕੈਪਸੂਲ ਬਰਾਮਦ ਹੋਣ 'ਤੇ ਬਸੀ ਪਠਾਨਾਂ ਪੁਲਸ ਵੱਲੋਂ ਕੇਸ ਦਰਜ ਕਰਕੇ ਇੱਕ ਪ੍ਰਾਈਵੇਟ ਡਾਕਟਰ ਨੂੰ ਗ੍ਰਿਫ਼ਤਾਰ ਕੀਤਾ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਪੁਲਸ ਨੂੰ ਮਿਲੀ ਇੱਕ ਸ਼ਿਕਾਇਤ ਦੀ ਪੜਤਾਲ ਕਰਨ ਲਈ ਥਾਣਾ ਬਸੀ ਪਠਾਨਾਂ ਦੀ ਇੱਕ ਪੁਲਸ ਪਾਰਟੀ ਸ਼ਰਮਾ ਹਸਪਤਾਲ ਨੰਦਪੁਰ ਕਲੌੜ ਵਿਖੇ ਪਹੁੰਚੀ ਸੀ, ਜਿੱਥੇ ਡਰੱਗ ਇੰਸਪੈਕਟਰ ਦੀ ਹਾਜ਼ਰੀ ਵਿੱਚ ਜਦੋਂ ਚੈਕਿੰਗ ਕੀਤੀ ਗਈ ਤਾਂ ਉੱਥੋਂ 40 ਗੋਲੀਆਂ ਬਿਊਪ੍ਰੋਨੋਰਫਿਨ, 540 ਗੋਲੀਆਂ ਅਲਪ੍ਰਾਜ਼ੋਲਮ, 400 ਗੋਲੀਆਂ ਐਟ੍ਰੋਕਸ, 40 ਗੋਲੀਆਂ ਕਲੋਨਾਜ਼ਿਪਾਮ, 100 ਗੋਲੀਆਂ ਐਟੀਜ਼ੋਲਮ ਤੇ 1900 ਕੈਪਸੂਲ ਪ੍ਰੈਗਾਬੇਲਿਨ ਬਰਾਮਦ ਹੋਏ।ਇਸ ਸਬੰਧੀ ਥਾਣਾ ਬਸੀ ਪਠਾਨਾਂ ਵਿਖੇ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਸ਼ਰਮਾ ਹਸਪਤਾਲ ਦੇ ਕਥਿਤ ਸੰਚਾਲਕ ਉੱਤਮ ਦਾਸ ਸ਼ਰਮਾ ਵਾਸੀ ਪਿੰਡ ਡਡਿਆਣਾ ਨੂੰ ਗ੍ਰਿਫ਼ਤਾਰ ਕਰਕੇ ਸਹਾਇਕ ਥਾਣੇਦਾਰ ਰਘਬੀਰ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਪੀ ਏ ਯੂ ਵਿਖੇ ਵਿਰਾਸਤੀ ਤੇ ਕੋਮਲ ਕਲਾਵਾਂ ਦੀਆਂ ਵੰਨਗੀਆਂ ਸੰਬੰਧੀ ਵਰਕਸ਼ਾਪ



**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਅੰਤਰ-ਕਾਲਜ ਯੁਵਕ ਮੇਲੇ ਦੀ ਵਿਰਾਸਤੀ ਤੇ ਕੋਮਲ ਕਲਾਵਾਂ ਦੀਆਂ ਵੰਨਗੀਆਂ ਵਿੱਚ ਹਿੱਸਾ ਲੈਣ ਵਾਲੇ ਯੂਨੀਵਰਸਿਟੀ ਵਿਦਿਆਰਥੀਆਂ ਦੇ ਹੁਨਰ ਨੂੰ ਹੋਰ ਨਿਖਾਰਨ ਲਈ ਨਿਰਦੇਸ਼ਕ ਵਿਦਿਆਰਥੀ ਭਲਾਈ ਪੀ ਏ ਯ ਲੁਧਿਆਣਾ ਵੱਲੋਂ ਦੋ ਦਿਨਾ ਵਿਰਾਸਤੀ ਤੇ ਕੋਮਲ ਕਲਾਵਾਂ ਦੀ ਵਰਕਸ਼ਾਪ ਦਾ ਆਯੋਜਨ ਵਿਦਿਆਰਥੀ ਭਵਨ ਵਿਖੇ ਕੀਤਾ ਗਿਆ।ਇਸ ਵਰਕਸ਼ਾਪ ਦਾ ਉਦਘਾਟਨ ਕਰਦਿਆਂ ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਕਮਲਜੀਤ ਸਿੰਘ ਸੂਰੀ ਨੇ ਵਿਦਿਆਰਥੀਆਂ ਨੂੰ ਸ਼ੁੱਭ-ਇੱਛਾਵਾਂ ਦਿੱਤੀਆਂ ਤੇ ਲਗਨ ਨਾਲ ਇਸ ਵਰਕਸ਼ਾਪ ਦੇ ਮਾਹਰਾਂ ਤੋਂ ਨੁਕਤੇ ਸਿੱਖਣ ਲਈ ਪ੍ਰੇਰਿਤ ਕੀਤਾ। ਡਾ. ਕਮਲਜੀਤ ਸਿੰਘ ਸੂਰੀ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦਾ ਇਸ ਸੈਸ਼ਨ ਦਾ ਅੰਤਰ-ਕਾਲਜ ਯੁਵਕ ਮੇਲਾ 30 ਅਕਤੂਬਰ ਤੋਂ 6 ਨਵੰਬਰ 2026 ਨੂੰ ਕੀਤਾ ਜਾਵੇਗਾ, ਜਿਸ ਵਿੱਚ ਪੀ ਏ ਯੂ ਦੇ ਵੱਖ-ਵੱਖ ਕਾਲਜਾਂ ਤੇ ਸੰਸਥਾਵਾਂ ਦੇ ਵਿਦਿਆਰਥੀ ਹਿੱਸਾ ਲੈਣਗੇ।ਯੂਨੀਵਰਸਿਟੀ ਦੇ ਐਸੋਸੀਏਟ ਡਾਇਰੈਕਟਰ ਕਲਚਰ ਡਾ. ਰੁਪਿੰਦਰ ਕੌਰ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਭਾਗੀਦਾਰ ਵਿਦਿਆਰਥੀਆਂ ਨੂੰ ਸਿਖਲਾਈ ਦੇਣ ਤੇ ਉਨ੍ਹਾਂ ਦੇ ਹੁਨਰ ਨੂੰ ਹੋਰ ਨਿਖਾਰਨ ਲਈ ਵਰਕਸ਼ਾਪ ਦੇ ਪਹਿਲੇ ਦਿਨ ਕੋਮਲ ਕਲਾਵਾਂ ਦੀਆਂ 11 ਵੰਨਗੀਆਂ ਲਈ ਡਾ. ਪੂਜਾ ਸ਼ਰਮਾ ਮੁਖੀ ਕੋਮਲ ਕਲਾਵਾਂ ਵਿਭਾਗ ਐੱਮ ਸੀ ਐੱਮ ਡੀ ਏ ਵੀ ਕਾਲਜ ਚੰਡੀਗੜ੍ਹ ਨੇ ਵਿਦਿਆਰਥੀਆਂ ਨਾਲ ਗ੍ਰਾਫਟੀ, ਕੋਲਾਜ਼ ਬਣਾਉਣਾ, ਪੋਸਟਰ ਮੇਕਿੰਗ, ਕਾਰਟੂਨਿੰਗ, ਰੰਗੋਲੀ, ਮਹਿੰਦੀ, ਕਲੇਅ ਮਾਡਲਿੰਗ, ਪੇਂਟਿੰਗ, ਫੋਟੋਗ੍ਰਾਫੀ, ਡੂਡਲਿੰਗ, ਕੈਲੀਗ੍ਰਾਫੀ ਦੇ ਮੁਕਾਬਲਿਆਂ ਸਬੰਧੀ ਜਾਣਕਾਰੀ ਸਾਂਝੀ ਕੀਤੀ।ਦੂਸਰੇ ਦਿਨ ਵਿਰਾਸਤੀ ਕਲਾਵਾਂ ਦੀਆਂ 11 ਵੰਨਗੀਆਂ ਲਈ ਚੰਡੀਗੜ੍ਹ ਤੋਂ ਲੋਕ ਕਲਾਵਾਂ ਦੇ ਮਾਹਰ ਡਾ. ਪ੍ਰਭਲੀਨ ਕੌਰ ਨੇ ਵਿਦਿਆਰਥੀਆਂ ਦੇ ਰੂਬਰੂ ਹੋਏ।ਡਾ. ਪ੍ਰਭਲੀਨ ਨੇ ਵਿਦਿਆਰਥੀਆਂ ਨੂੰ ਇੰਨੂ ਬੁਣਨਾ, ਛਿੱਕੂ ਬੁਣਨਾ, ਫੁੱਲਕਾਰੀ ਕੱਢਣਾ, ਮਿੱਟੀ ਦੇ ਖਿਡੌਣੇ ਬਣਾਉਣਾ, ਨਾਲੇ ਬੁਣਨਾ, ਪੀੜ੍ਹੀ ਬੁਣਨਾ, ਪੱਖੀ ਬੁਣਨਾ, ਬੁਣਾਈ, ਦਸੂਤੀ ਦੀ ਕਢਾਈ, ਕਰੋਸ਼ੀਆ, ਗੁੱਡੀਆਂ ਪਟੋਲੇ ਬਣਾਉਣਾ ਦੀਆਂ ਵੰਨਗੀਆਂ ਦੇ ਸਬੰਧੀ ਜਾਣਕਾਰੀ ਸਾਂਝੀ ਕੀਤੀ। ਯੂਨੀਵਰਸਿਟੀ ਦੇ ਰਜਿਸਟਰਿੰਗ ਅਫਸਰ ਸ੍ਰ. ਸਤਵੀਰ ਸਿੰਘ ਨੇ ਦੱਸਿਆ ਕਿ ਇਸ ਦੋ ਦਿਨ ਦੀ ਕਲਾ-ਵਰਕਸ਼ਾਪ ਵਿੱਚ 200 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ ਤੇ ਵੱਖ ਵੱਖ ਵੰਨਗੀਆਂ ਸਬੰਧੀ ਮਾਹਰਾਂ ਤੋਂ ਸਿਖਲਾਈ ਲਈ।ਵਰਕਸ਼ਾਪ ਦੌਰਾਨ ਡਾ. ਅਭੀਸ਼ੇਕ ਸ਼ਰਮਾ ਪ੍ਰਧਾਨ ਯੂਨੀਵਰਸਿਟੀ ਫਾਈਨ ਆਰਟਸ ਤੇ ਫੋਟੋਗ੍ਰਾਫੀ ਕਲੱਬ, ਡਾ. ਕਮਲਦੀਪ ਸਿੰਘ ਸੰਘਾ, ਡਾ. ਸ਼ਰਨਬੀਰ ਕੌਰ ਬੱਲ, ਡਾ. ਕਰਨਬੀਰ ਸਿੰਘ ਗਿੱਲ, ਡਾ. ਸੁਮਨ ਕੁਮਾਰੀ, ਡਾ. ਗੁਰਨਾਜ਼ ਗਿੱਲ, ਸਾਰੇ ਕਾਲਜਾਂ ਤੋਂ ਸਬੰਧਤ ਅਧਿਆਪਕ ਇੰਚਾਰਜ ਵੀ ਸ਼ਾਮਲ ਹੋਏ।ਡਾ. ਆਸ਼ੂ ਤੂਰ ਨੇ ਇਸ ਵਰਕਸ਼ਾਪ ਦੌਰਾਨ ਮੰਚ ਦਾ ਸੰਚਾਲਨ ਕੀਤਾ।

## ਹਡਾਣਾ ਨੇ ਝੋਨੇ ਦੀ ਖ਼ਰੀਦ ਸ਼ੁਰੂ ਕਰਵਾਈ



**ਦੇਵੀਗੜ੍ਹ ਸਨੌਰ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫ਼ਸਲ ਦਾ ਇੱਕ-ਇੱਕ ਦਾਣਾ ਚੁੱਕਣ ਦੇ ਵਾਅਦੇ ਤਹਿਤ ਅੱਜ ਦੇਵੀਗੜ੍ਹ ਤੇ ਦੁਧਨ ਸਾਧਾਂ ਅਨਾਜ ਮੰਡੀ ਵਿਖੇ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਨੇ ਝੋਨੇ ਦੀ ਸਰਕਾਰੀ ਖ਼ਰੀਦ ਦੀ ਰਸਮੀ ਸ਼ੁਰੂਆਤ ਕਰਵਾਈ।ਇਸ ਦੌਰਾਨ ਉਨ੍ਹਾਂ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਫ਼ਸਲ ਦੀ ਸਮੇਂ ਸਿਰ ਅਦਾਇਗੀ ਤੇ ਨਿਰਵਿਘਨ ਲਿਫ਼ਟਿੰਗ ਲਈ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਵੀ ਕੀਤੇ।ਹਡਾਣਾ ਨੇ ਕਿਸਾਨ ਭਰਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮੰਡੀਆਂ ਵਿੱਚ ਸੁੱਕੀ ਫ਼ਸਲ ਹੀ ਲੈ ਕੇ ਆਉਣ ਤਾਂ ਜੋ ਖ਼ਰੀਦ ਸਮੇਂ ਨਮੀ ਕਾਰਨ ਕਿਸੇ ਵੀ ਕਿਸਮ ਦੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਵੇਦ ਪ੍ਰਕਾਸ਼, ਚੇਅਰਮੈਨ ਬਲਦੇਵ ਸਿੰਘ, ਪ੍ਰਧਾਨ ਭੁਪਿੰਦਰ ਸਿੰਘ, ਇੰਸਪੈਕਟਰ ਗੁਰਪ੍ਰੀਤ ਸਿੰਘ, ਬਿਕਰਮ ਸਿੰਘ ਫ਼ਰੀਦਪੁਰ, ਸੀਨੀਅਰ ਮੀਤ ਪ੍ਰਧਾਨ ਲਖਵੀਰ ਸਿੰਘ ਲੱਖੀ, ਵਾਈਸ ਚੇਅਰਮੈਨ ਸਿਮਰਜੀਤ ਸਿੰਘ ਸੋਹਲ ਸਮੇਤ ਵੱਡੀ ਗਿਣਤੀ ਵਿੱਚ ਆੜ੍ਹਤੀ, ਕਿਸਾਨ ਤੇ ਪਤਵੰਤੇ ਹਾਜ਼ਰ ਸਨ।

## ਦਸਮੇਸ਼ ਸਕੂਲ ਹਰੀਨੌ ਵਿਖੇ ਕੌਮੀ ਖ਼ੂਨਦਾਨ ਦਿਵਸ ਮਨਾਇਆ



**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀਨੌ ਵਿਖੇ ਸਕੂਲ ਦੀ ਐੱਨ ਐੱਸ ਐੱਸ ਯੂਨਿਟ ਵੱਲੋਂ ਕੌਮੀ ਖੂਨਦਾਨ ਦਿਵਸ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਖੂਨਦਾਨ ਦੀ ਲੋੜ, ਮਹੱਤਤਾ ਤੇ ਸਮਾਜ ਵਿੱਚ ਇਸ ਦੀ ਭੂਮਿਕਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਸ੍ਰੀਮਤੀ ਸ਼ਮਿੰਦਰ ਕੌਰ ਨੇ ਦੱਸਿਆ ਕਿ ਖੂਨ ਦਾਨ ਇੱਕ ਮਹਾਨ ਦਾਨ ਹੈ, ਜਿਸ ਨਾਲ ਲੋੜਵੰਦ ਮਰੀਜ਼ਾਂ ਦੀਆਂ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ।ਦੁਰਘਟਨਾਵਾਂ, ਗੰਭੀਰ ਬਿਮਾਰੀਆਂ, ਸਰਜਰੀ ਤੇ ਹੋਰ ਐਮਰਜੈਂਸੀ ਹਾਲਾਤਾਂ ਵਿੱਚ ਖੂਨ ਦੀ ਬਹੁਤ ਲੋੜ ਹੁੰਦੀ ਹੈ।ਇਸ ਲਈ ਹਰ ਤੰਦਰੁਸਤ ਤੇ ਯੋਗ ਵਿਅਕਤੀ ਨੂੰ ਖੂਨ ਦਾਨ ਪ੍ਰਤੀ ਜਾਗਰੂਕ ਹੋਣਾ ਚਾਹੀਦਾ ਹੈ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰ. ਬਲਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਖੂਨਦਾਨ ਨਾਲ ਜੁੜੀਆਂ ਗਲਤ ਧਾਰਨਾਵਾਂ ਤੋਂ ਦੂਰ ਰਹਿਣ ਤੇ ਸਮਾਜ ਵਿੱਚ ਖੂਨਦਾਨ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਵਿਦਿਆਰਥੀਆਂ ਨੂੰ ਸਮਾਜ ਸੇਵਾ ਦੇ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਤੇ ਮਨੁੱਖਤਾ ਦੀ ਭਲਾਈ ਲਈ ਆਪਣਾ ਯੋਗਦਾਨ ਪਾਉਣ ਦਾ ਸੰਦੇਸ਼ ਦਿੱਤਾ।

# ਅਧਿਆਪਕ ਤੇ ਲੇਖਕ ਕੇ ਐੱਲ ਗਰਗ ਨੂੰ ਸ਼ਰਧਾਂਜਲੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਏਡਿਡ ਸਕੂਲ ਟੀਚਰਜ਼ ਐਂਡ ਹੋਰ ਇੰਪਲਾਈਜ਼ ਯੂਨੀਅਨਾਂ ਵੱਲੋਂ ਖਾਲਸਾ ਸਕੂਲ ਮੋਗਾ ਵਿਖੇ ਇੱਕ ਸ਼ੋਕ ਸਭਾ ਦਾ ਆਯੋਜਨ ਕੀਤਾ ਗਿਆ। ਇਸ ਸਭਾ ਵਿੱਚ ਯੂਨੀਅਨ ਦੇ ਸਾਬਕਾ ਪ੍ਰਿੰਸੀਪਲ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਸ੍ਰੀ ਕੇ. ਐੱਲ. ਗਰਗ, ਜਿਨ੍ਹਾਂ ਦਾ 30 ਸਤੰਬਰ 2026 ਨੂੰ ਦੇਹਾਂਤ ਹੋ ਗਿਆ ਸੀ, ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਸ਼ੋਕ ਸਭਾ ਵਿੱਚ ਵੱਡੀ ਗਿਣਤੀ ਵਿੱਚ ਸੇਵਾ-ਨਿਭਾਅ ਰਹੇ ਤੇ ਸੇਵਾ-ਮੁਕਤ ਅਧਿਆਪਕਾਂ ਤੇ ਕਰਮਚਾਰੀਆਂ ਦੇ ਨਾਲ-ਨਾਲ ਯੂਨੀਅਨਾਂ ਦੇ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ ਤੇ ਵਿੱਛੜੀ ਰੂਹ ਨੂੰ ਆਪਣੀ ਦਿਲੀ ਸ਼ਰਧਾਂਜਲੀ ਭੇਟ ਕੀਤੀ।

ਇਸ ਮੌਕੇ ਹਾਜ਼ਰ ਸ਼ਖ਼ਸੀਅਤਾਂ ਵਿੱਚ ਪਰਮਿੰਦਰ ਸ਼ਰਮਾ, ਗਮਦੂਰ ਸਿੰਘ, ਅੰਮ੍ਰਿਤ ਲਾਲ, ਪ੍ਰਵੀਨ ਕੁਮਾਰ, ਬੀ. ਐੱਸ. ਰਾਣਾ, ਪੂਰਨ ਸਿੰਘ ਸੰਧੂ, ਪੀ. ਕੇ. ਭੰਡਾਰੀ, ਰਾਜੀਵ ਧਵਨ, ਵਿਕਾਸ ਸ਼ਰਮਾ, ਪ੍ਰਿੰਸੀਪਲ ਕੁਲਵੰਤ ਸਿੰਘ ਕਲਸੀ, ਰਾਕੇਸ਼ ਸਚਦੇਵਾ, ਦਰਸ਼ਨ ਸਿੰਘ, ਨਰਿੰਦਰ ਕੁਮਾਰ, ਚੇਤ ਰਾਮ, ਸੁਰਜੀਤ ਸਿੰਘ ਤੇ ਸੰਜੀਵ ਮੋਗਲਾ ਸ਼ਾਮਲ ਸਨ।ਬੁਲਾਰਿਆਂ ਨੇ ਸ੍ਰੀ ਕੇ. ਐੱਲ. ਗਰਗ ਨੂੰ ਇੱਕ ਨੇਕ, ਨਿਮਰ, ਇਮਾਨਦਾਰ ਤੇ ਸਮਰਪਿਤ ਸਿੱਖਿਆ-ਸ਼ਾਸਤਰੀ ਵਜੋਂ ਯਾਦ ਕੀਤਾ, ਜਿਨ੍ਹਾਂ ਨੇ ਅਧਿਆਪਕਾਂ ਤੇ ਕਰਮਚਾਰੀਆਂ ਦੀ ਭਲਾਈ ਲਈ ਅਹਿਮ ਯੋਗਦਾਨ ਪਾਇਆ।ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਆਪਣੇ ਕਾਰਜਕਾਲ ਦੌਰਾਨ, ਉਨ੍ਹਾਂ ਨੇ ਅਧਿਆਪਨ ਤੇ ਗੈਰ-ਅਧਿਆਪਨ ਅਮਲੇ ਦੇ ਜਾਇਜ਼ ਹੱਕਾਂ ਤੇ ਹਿੱਤਾਂ ਲਈ ਅਣਥੱਕ ਕੰਮ ਕੀਤਾ।

ਮੈਂਬਰਾਂ ਨੇ ਉਨ੍ਹਾਂ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਤੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖਸ਼ਣ ਤੇ ਪਰਿਵਾਰ ਨੂੰ ਇਸ ਨਾ-ਪੂਰਿਆ ਜਾਣ ਵਾਲਾ ਘਾਟਾ ਸਹਿਣ ਕਰਨ ਦੀ ਹਿੰਮਤ ਦੇਣ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸਕੱਤਰ ਪੰਜਾਬ ਏਡਿਡ ਸਕੂਲ ਟੀਚਰਜ਼ ਤੋਂ ਇਲਾਵਾ ਇੰਪਲਾਈਜ਼ ਯੂਨੀਅਨਾਂ ਦੇ ਆਗੂ ਵੀ ਮੌਜੂਦ ਸਨ।

## ਕਣਕ ਦੇ ਘੱਟੋ-ਘੱਟ ਸਮਰਥਨ ਮੁੱਲ 'ਚ ਵਾਧਾ ਕਿਸਾਨਾਂ ਨਾਲ ਕੋਝਾ ਮਜ਼ਾਕ : ਕਮਾਲਪੁਰਾ/ਚੱਕ ਭਾਈ ਕਾ



**ਰਾਏਕੋਟ/ਜਗਰਾਉਂ (ਇਕਬਾਲ ਸਿੰਘ ਫੇਰੂਰਾਈ/ਸੰਜੀਵ ਅਰੋੜਾ)**-ਕੇਂਦਰ ਸਰਕਾਰ ਵੱਲੋਂ ਜੋ ਹਾੜ੍ਹੀ ਦੀਆ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਜਾਰੀ ਕੀਤੇ ਗਏ ਹਨ, ਉਨ੍ਹਾਂ ਵਿੱਚ ਕਣਕ ਦੇ ਸਮਰਥਨ ਮੁੱਲ ਵਿੱਚ ਕੇਵਲ 25 ਰੁਪਏ ਪ੍ਰਤੀ ਕੁਇੰਟਲ ਦਾ ਜੋ ਵਾਧਾ ਕੀਤਾ ਗਿਆ ਹੈ, ਉਹ ਕਿਸਾਨਾਂ ਨਾਲ ਇਕ ਕੋਝਾ ਮਜ਼ਾਕ ਹੈ ਤੇ ਇਸ ਨਿਗੂਣੇ ਵਾਧੇ ਨੂੰ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਮੁੱਢੋਂ ਹੀ ਰੱਦ ਕਰਦੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰੈੱਸ ਨਾਲ ਸਾਂਝਾ ਬਿਆਨ ਜਾਰੀ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਮਾਸਟਰ ਮਹਿੰਦਰ ਸਿੰਘ ਕਮਾਲਪੁਰਾ ਤੇ ਜ਼ਿਲ੍ਹਾ ਮੀਤ ਪ੍ਰਧਾਨ ਹਰਬਖ਼ਸ਼ੀਸ਼ ਸਿੰਘ ਰਾਏ ਚੱਕ ਭਾਈ ਕਾ ਨੇ ਸਾਂਝੇ ਰੂਪ ਵਿੱਚ ਕੀਤਾ।ਕਿਸਾਨ ਆਗੂਆਂ ਨੇ ਕਿਹਾ ਕਿ ਮਹਿੰਗਾਈ ਦੀ ਦਰ ਬਹੁਤ ਵਧ ਗਈ, ਜਦਕਿ ਕਣਕ ਦੇ ਸਮਰਥਨ ਮੁੱਲ ਵਿੱਚ ਵਾਧਾ ਕੇਵਲ 50 ਪੈਸੇ ਪ੍ਰਤੀਸ਼ਤ ਨਿਗੂਣਾ ਵਾਧਾ ਕੀਤਾ।ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਨੂੰ ਉਨ੍ਹਾਂ ਦੀਆਂ ਫਸਲਾਂ ਦੇ ਮੁੱਲ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ ਤੈਅ ਕੀਤੇ ਜਾਣ।

## ਆਕਸਫੋਰਡ ਸਕੂਲ ਨੇ ਨਿਵੇਕਲੇ ਢੰਗ ਨਾਲ ਮਨਾਈ ਗਾਂਧੀ ਜਯੰਤੀ



**ਭਗਤਾ ਭਾਈਕਾ (ਰਾਜੀਵ ਗੋਇਲ)**-'ਦਿ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਵਿਖੇ ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੀ 'ਗਾਂਧੀ ਜਯੰਤੀ' ਨੂੰ ਇੱਕ ਵੱਖਰੇ ਤੇ ਨਿਵੇਕਲੇ ਢੰਗ ਨਾਲ ਮਨਾਉਂਦੇ ਹੋਏ ਸਕੂਲ ਦੇ ਐੱਨ.ਸੀ.ਸੀ. ਕੈਡਿਟਾਂ ਸਮੇਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਇੱਕ ਵਿਸ਼ੇਸ਼ ਰੈਲੀ ਕੱਢੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਵੱਲੋਂ ਹਰੀ ਝੰਡੀ ਦਿਖਾਉਣ 'ਤੇ ਇਹ ਰੈਲੀ ਬਾਜਾਖਾਨਾ ਤੇ ਬਰਗਾੜੀ ਲਈ ਰਵਾਨਾ ਹੋਈ। ਇਸ ਵਿੱਚ ਗਾਂਧੀ ਜੀ ਦੇ ਪੂਰਨਿਆਂ ਉੱਤੇ ਚਲਦੇ ਹੋਏ 'ਸਵੱਛ ਭਾਰਤ' ਦੇ ਸੁਪਨੇ ਨੂੰ ਸਾਕਾਰ ਕਰਨ ਲਈ 'ਸਵੱਛਤਾ ਵੱਲ ਕਦਮ ਵਧਾਓ' ਦਾ ਸੁਨੇਹਾ ਦਿੱਤਾ ਗਿਆ। ਬਾਜਾਖਾਨਾ ਤੇ ਬਰਗਾੜੀ ਵਿੱਚ ਇਸ ਰੈਲੀ ਨੂੰ ਭਰਪੂਰ ਹੁੰਗਾਰਾ ਮਿਲਿਆ। ਇੰਨਾ ਹੀ ਨਹੀਂ ਸਕੂਲ ਵਿੱਚ ਗਾਂਧੀ ਜਯੰਤੀ ਨੂੰ ਸਮਰਪਤ 'ਚਰਖੇ ਬਣਾਉਣ' ਦੇ ਮੁਕਾਬਲੇ ਹੋਏ, ਜਿਸ ਵਿੱਚ ਚੌਥੀ ਤੋਂ ਬਾਰਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਸਮੇਂ ਸਕੂਲ ਦੇ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਗਤਾ ਭਾਈ ਕਾ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ ਸ਼ੈਰੀ (ਵਾਈਸ ਚੇਅਰਮੈਨ), ਰਮਨਦੀਪ ਸਿੰਘ ਤੇ ਸਕੂਲ ਦੇ ਕੁਆਰਡੀਨੇਟਰਜ਼ ਵੀ ਮੌਜੂਦ ਸਨ।

## ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ 'ਚ ਹਰਸਿਮਰਤ ਨੇ ਜਿੱਤੇ ਦੋ ਤਮਗੇ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰੀ ਐਥਲੈਟਿਕਸ ਮੁਕਾਬਲਿਆਂ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਹਰਸਿਮਰਤ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 200 ਮੀਟਰ ਦੌੜ 'ਚ ਚਾਂਦੀ ਦਾ ਤਮਗਾ ਤੇ 100 ਮੀਟਰ ਦੌੜ 'ਚ ਕਾਂਸੀ ਦਾ ਤਮਗਾ ਹਾਸਲ ਕੀਤਾ।ਉਸ ਨੇ ਆਪਣੀ ਮਿਹਨਤ, ਲਗਨ ਤੇ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਪ੍ਰਾਪਤੀ ਲਈ ਵਿਦਿਆਰਥਣ ਨੂੰ ਕੋਚ ਸ੍ਰੀ ਹਿਮਾਂਸ਼ੂ ਵੱਲੋਂ ਵਿਸ਼ੇਸ਼ ਸਿਖਲਾਈ ਤੇ ਮਾਰਗਦਰਸ਼ਨ ਦਿੱਤਾ ਗਿਆ।ਸਕੂਲ ਦੇ ਡਾਇਰੈਕਟਰ ਸ੍ਰੀ ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਹਰਸਿਮਰਤ ਕੌਰ ਤੇ ਕੋਚ ਸ੍ਰੀ ਹਿਮਾਂਸ਼ੂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।ਸਕੂਲ ਪ੍ਰਬੰਧਨ ਨੇ ਆਸ ਪ੍ਰਗਟ ਕੀਤੀ ਕਿ ਹਰਸਿਮਰਤ ਕੌਰ ਭਵਿੱਖ ਵਿੱਚ ਵੀ ਆਪਣੀ ਮਿਹਨਤ ਤੇ ਲਗਨ ਨਾਲ ਹੋਰ ਉੱਚੀਆਂ ਪ੍ਰਾਪਤੀਆਂ ਹਾਸਲ ਕਰਕੇ ਸਕੂਲ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰੇਗੀ।

## ਮਾਲਵਾ ਕਾਲਜ 'ਚ ਚਾਰ ਰੋਜ਼ਾ ਯੂਥ ਫੈਸਟੀਵਲ 6 ਤੋਂ

**ਸਮਰਾਲਾ (ਸੁਰਜੀਤ ਸਿੰਘ)**-ਮਾਲਵਾ ਕਾਲਜ ਬੋਂਦਲੀ ਵਿਖੇ ਚਾਰ ਰੋਜ਼ਾ ਯੂਥ ਤੇ ਹੈਰੀਟੇਜ ਫੈਸਟੀਵਲ 6 ਅਕਤੂਬਰ ਤੋਂ ਸ਼ੁਰੂ ਹੋ ਰਿਹਾ ਹੈ।ਕਾਲਜ ਪ੍ਰਿੰਸੀਪਲ ਡਾ. ਦਿਨੇਸ਼ ਸ਼ਰਮਾ ਨੇ ਦੱਸਿਆ ਕਿ ਤੀਹ ਸਾਲ ਦੇ ਅਰਸੇ ਤੋਂ ਬਾਅਦ ਇਸ ਵਾਰ ਕਾਲਜ ਵੱਲੋਂ ਯੂਥ ਤੇ ਹੈਰੀਟੇਜ ਫੈਸਟੀਵਲ ਦਾ ਆਯੋਜਨ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕਾਲਜ ਵਿੱਚ ਲੁਧਿਆਣਾ ਜ਼ੋਨ-2 ਦੇ 30 ਕਾਲਜਾਂ ਦੀਆਂ ਟੀਮਾਂ ਇਸ ਮਹਾਂ- ਉਤਸਵ ਵਿੱਚ ਭਾਗ ਲੈਣਗੀਆਂ।ਪ੍ਰਿੰਸੀਪਲ ਨੇ ਦੱਸਿਆ ਕਿ ਇਸ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਪਹਿਲੇ ਦਿਨ ਉਦਘਾਟਨੀ ਰਸਮ ਉਪਰੰਤ ਮੁੱਖ ਤੌਰ 'ਤੇ ਲੋਕ ਗੀਤ, ਗ਼ਜ਼ਲ, ਸਮੂਹ ਗਾਨ ਤੇ ਕਵਿੱਜ਼ ਮੁਕਾਬਲੇ ਹੋਣਗੇ।ਦੂਜੇ ਦਿਨ ਡੀਬੇਟ, ਹਾਸਰਸ ਤੇ ਨਾਟਕ, ਚਿੱਤਰਕਾਰੀ, ਰੰਗੋਲੀ ਤੇ ਪੋਸਟਰ ਮੇਕਿੰਗ ਆਦਿ।ਤੀਜੇ ਦਿਨ ਭੰਗੜਾ, ਗਿੱਧਾ, ਵੀਰ ਗਾਥਾਵਾਂ, ਕਲੀਆਂ ਤੇ ਕਵੀਸ਼ਰ ਤੋਂ ਇਲਾਵਾ ਹੋਰ ਰੌਚਕ ਆਈਟਮਾਂ ਅਤੇ ਪ੍ਰੋਗਰਾਮ ਦੇ ਚੌਥੇ ਤੇ ਆਖਰੀ ਦਿਨ ਨੂੰ ਮੁੰਡੇ ਤੇ ਕੁੜੀਆਂ ਦੇ ਲੋਕ ਨਾਚ, ਸਕਿੱਟਾਂ, ਨਕਲਾਂ ਤੇ ਔਰਤਾਂ ਦੇ ਰਵਾਇਤੀ ਗੀਤ ਆਦਿ ਆਈਟਮਾਂ ਪੇਸ਼ ਕੀਤੀਆਂ ਜਾਣਗੀਆਂ।

## ਕਾਂਗਰਸ ਸਰਕਾਰ ਬਣਦੇ ਹੀ ਡਰੱਗ ਨੂੰ ਖਤਮ ਕਰਕੇ ਲਾਅ ਐਂਡ ਆਰਡਰ 'ਤੇ ਕਾਬੂ ਪਾਵਾਂਗੇ : ਡਾ. ਅਮਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿੱਚ ਕਾਂਗਰਸ ਸਰਕਾਰ ਬਣਦੇ ਹੀ ਡਰੱਗ ਨੂੰ ਖਤਮ ਕਰਕੇ ਲਾਅ ਐਂਡ ਆਰਡਰ ਦੀ ਸਥਿਤੀ 'ਤੇ ਕਾਬੂ ਪਾਇਆ ਜਾਵੇਗਾ।ਇਹ ਕੰਮ ਸਿਰਫ ਤੇ ਸਿਰਫ ਕਾਂਗਰਸ ਹੀ ਕਰ ਸਕਦੀ ਹੈ।ਮੌਜੂਦਾ ਸਰਕਾਰ ਨੇ ਪੰਜਾਬ ਦਾ ਬੇੜਾ ਗਰਕ ਕਰ ਦਿੱਤਾ ਹੈ।ਇਹ ਵਿਚਾਰ ਕਾਂਗਰਸ ਦੀ ਇਲੈਕਸ਼ਨ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਤੇ ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ ਨੇ ਗੱਲਬਾਤ ਦੌਰਾਨ ਪ੍ਰਗਟ ਕੀਤੇ।ਡਾ. ਅਮਰ ਸਿੰਘ ਨੇ ਆਖਿਆ ਕਿ ਕਾਂਗਰਸ ਨੇ ਹਮੇਸ਼ਾ ਹੀ ਸੂਬੇ ਦੀ ਭਲਾਈ ਲਈ ਕੰਮ ਕੀਤੇ ਹਨ ਤੇ ਅਸੀਂ ਇਲੈਕਸ਼ਨ ਮੈਨੀਫੈਸਟੋ ਅਜਿਹਾ ਤਿਆਰ ਕਰਾਂਗੇ, ਜਿਸ ਵਿੱਚ ਹਰ ਵਰਗ ਨੂੰ ਨੁਮਾਇੰਦਗੀ ਮਿਲੇਗੀ।ਉਨ੍ਹਾ ਆਖਿਆ ਕਿ ਕਿਸੇ ਵੀ ਵਰਗ ਨਾਲ ਕੋਈ ਵੀ ਧੱਕਾ ਕਾਂਗਰਸ ਸਰਕਾਰ ਵਿੱਚ ਨਹੀਂ ਹੋਵੇਗਾ ਤੇ ਬਕਾਇਦਾ ਅਸੀਂ ਹਰ ਵਰਗ, ਜਿਨ੍ਹਾਂ ਵਿੱਚ ਮੁਲਾਜ਼ਮ, ਵਪਾਰੀ, ਮਜ਼ਦੂਰ, ਕਿਸਾਨਾਂ ਦੀਆਂ ਮੰਗਾਂ ਪੂਰੀਆਂ ਕਰਾਂਗੇ।ਉਨ੍ਹਾ ਆਖਿਆ ਕਿ ਸੂਬੇ ਦੇ ਲੋਕ ਇਹ ਚਾਹੁੰਦੇ ਹਨ ਕਿ ਪੰਜਾਬ ਵਿਚ ਕਾਂਗਰਸ ਸਰਕਾਰ ਲਿਆਂਦੀ ਜਾਵੇ। ਇਸ ਮੌਕੇ ਕਾਂਗਰਸ ਵੱਲੋਂ ਆ ਰਹੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਬਣਾਈ ਗਈ ਇਲੈਕਸ਼ਨ ਮੈਨੀਫੈਸਟੋ ਦੀ ਮੀਟਿੰਗ ਵੀ ਪ੍ਰਭਾਤ ਪਰਵਾਨਾ ਹਾਲ ਵਿੱਚ ਕਮੇਟੀ ਦੇ ਚੇਅਰਮੈਨ ਡਾ. ਅਮਰ ਸਿੰਘ ਮੈਂਬਰ ਪਾਰਲੀਮੈਂਟ ਦੀ ਅਗਵਾਈ ਹੇਠ ਹੋਈ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਗੁਰਜੀਤ ਸਿੰਘ ਔਜਲਾ ਕੋ- ਚੇਅਰਮੈਨ, ਪ੍ਰਗਟ ਸਿੰਘ ਵਿਧਾਇਕ, ਹਰਦਿਆਲ ਸਿੰਘ ਕੰਬੋਜ ਸਾਬਕਾ ਵਿਧਾਇਕ, ਡਾ. ਧਰਮਵੀਰ ਗਾਂਧੀ ਮੈਂਬਰ ਪਾਰਲੀਮੈਂਟ ਵਿਸ਼ੇਸ਼ ਤੌਰ 'ਤੇ ਪੁੱਜੇ।ਕਈ ਘੰਟੇ ਚੱਲੀ ਇਸ ਇਲੈਕਸ਼ਨ ਮੈਨੀਫੈਸਟੋ ਕਮੇਟੀ ਦੀ ਮੀਟਿੰਗ ਵਿੱਚ ਵੱਖ ਵੱਖ ਐਸੋਸੀਏਸ਼ਨਾਂ ਤੇ ਨੇਤਾਵਾਂ ਨੇ ਆਪਣੇ ਸੁਝਾਅ ਰੱਖੇ।

## ਹੋਲੀ ਹਾਰਟ ਸਕੂਲ ਵਿਖੇ ਗਾਂਧੀ ਜਯੰਤੀ ਉਤਸ਼ਾਹ ਨਾਲ ਮਨਾਈ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ 'ਗਾਂਧੀ ਜਯੰਤੀ' ਸਮਾਗਮ ਬੜੀ ਧੂਮ-ਧਾਮ ਤੇ ਸ਼ਰਧਾ-ਭਾਵਨਾ ਨਾਲ ਕਰਵਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਤੇ ਸਮੂਹ ਸਟਾਫ ਵੱਲੋਂ ਮਹਾਤਮਾ ਗਾਂਧੀ ਜੀ ਦੀ ਤਸਵੀਰ ਅੱਗੇ ਸ਼ਮ੍ਹਾਂ ਰੋਸ਼ਨ ਕਰਕੇ ਤੇ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ।ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਰਾਸ਼ਟਰਪਿਤਾ ਦੀ ਯਾਦ 'ਚ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ। ਸਮਾਗਮ ਦੌਰਾਨ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਲਈ ਕਈ ਤਰ੍ਹਾਂ ਦੇ ਮੁਕਾਬਲੇ ਵੀ ਕਰਵਾਏ ਗਏ।ਸਕੂਲ ਪ੍ਰਬੰਧਕ ਚੇਅਰਮੈਨ ਸੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਤੇ ਰਮਨ ਅਰੋੜਾ ਵੱਲੋਂ ਗਾਂਧੀ ਜਯੰਤੀ ਦੇ ਇਸ ਸ਼ੁਭ ਅਵਸਰ 'ਤੇ ਸਕੂਲ ਦੀਆਂ ਜਮਾਤਾਂ ਤੇ ਖੇਡ ਦੇ ਮੈਦਾਨ ਦੀ ਸਫ਼ਾਈ ਕੀਤੀ ਅਤੇ ਸਮਾਜ ਨੂੰ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਦਾ ਸੁਨੇਹਾ ਦਿੱਤਾ।ਸਮਾਗਮ ਦੇ ਅੰਤ ਵਿੱਚ ਪ੍ਰਿੰਸੀਪਲ ਨੇ ਸਾਰੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਅਪੀਲ ਕੀਤੀ ਕਿ ਉਹ ਬਾਪੂ ਗਾਂਧੀ ਦੇ ਦਰਸਾਏ ਸੱਚ, ਅਹਿੰਸਾ ਤੇ ਭਾਈਚਾਰੇ ਦੇ ਮਾਰਗ 'ਤੇ ਚੱਲਣ ਦਾ ਪ੍ਰਣ ਲੈਣ।ਮੁਕਾਬਲਿਆਂ ਵਿੱਚੋਂ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਹ ਸਮਾਗਮ ਰਾਸ਼ਟਰੀ ਗਾਨ ਨਾਲ ਸਫਲਤਾਪੂਰਵਕ ਸੰਪੰਨ ਹੋਇਆ।

## ਪੀ ਐੱਮ ਸ਼੍ਰੀ ਸਕੂਲ ਸੁਰਗਾਪੁਰੀ ਵੱਲੋਂ ਵਿੱਦਿਅਕ ਟੂਰ



**ਕੋਟਕਪੂਰਾ (ਰਛਪਾਲ ਭੁੱਲਰ)**-ਪੀ.ਐੱਮ.ਸ਼੍ਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਕਲਾਸਰੂਮ ਤੋਂ ਬਾਹਰ ਪ੍ਰਤੱਖ ਅਨੁਭਵ ਰਾਹੀਂ ਸਿੱਖਣ ਦੇ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪੀ.ਐੱਮ. ਸ਼੍ਰੀ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਵੱਲੋਂ ਹੈੱਡਮਾਸਟਰ ਸ਼੍ਰੀ ਮਨੀਸ਼ ਛਾਬੜਾ ਦੀ ਅਗਵਾਈ ਹੇਠ ਜਮਾਤ ਛੇਵੀਂ ਤੋਂ ਦਸਵੀਂ ਤੱਕ ਦੇ ਵਿਦਿਆਰਥੀਆਂ ਲਈ ਵਿੱਦਿਅਕ ਟੂਰ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਸਕੂਲ ਮੁਖੀ ਸ਼੍ਰੀ ਮਨੀਸ਼ ਛਾਬੜਾ ਨੇ ਦੱਸਿਆ ਕਿ ਜਮਾਤ ਛੇਵੀਂ ਦੇ ਵਿਦਿਆਰਥੀਆਂ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ ਬਠਿੰਡਾ ਵਿਖੇ ਲਿਜਾਇਆ ਗਿਆ, ਜਮਾਤ ਸੱਤਵੀਂ ਤੇ ਅੱਠਵੀਂ ਦੇ ਵਿਦਿਆਰਥੀਆਂ ਨੇ ਕਿਲ੍ਹਾ ਮੁਬਾਰਕ, ਫਰੀਦਕੋਟ, ਗੁਰਦੁਆਰਾ ਸ੍ਰੀ ਸਾਰਾਗੜ੍ਹੀ ਤੇ ਫਿਰੋਜ਼ਪੁਰ ਬਾਰਡਰ ਦਾ ਦੌਰਾ ਕੀਤਾ।ਇਸੇ ਤਰ੍ਹਾਂ ਜਮਾਤ ਨੌਵੀਂ ਤੇ ਦਸਵੀਂ ਦੇ ਵਿਦਿਆਰਥੀਆਂ ਨੂੰ ਸ੍ਰੀ ਚਮਕੌਰ ਸਾਹਿਬ ਤੇ ਗੁਰਦੁਆਰਾ ਕਤਲਗੜ੍ਹ ਸਾਹਿਬ ਦੇ ਦਰਸ਼ਨ ਕਰਵਾਏ ਗਏ।ਇਸ ਮੌਕੇ ਬੱਚਿਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਉਨ੍ਹਾਂ ਨੇ ਯਾਤਰਾਵਾਂ ਦਾ ਭਰਪੂਰ ਆਨੰਦ ਮਾਣਿਆ।

## ਸਫਾ 1 ਦੇ ਬਾਕੀ...

### ਮਾਨ ਵੱਲੋਂ ਸਰਹੱਦੀ ਜ਼ਿਲ੍ਹਿਆਂ...

ਵੀ ਲੜਾਈ ਹੈ। ਸੂਬਾ ਸਰਕਾਰ ਨਸ਼ਿਆਂ ਨਾਲ ਲੜ ਰਹੇ ਹਰੇਕ ਵਿਅਕਤੀ ਨੂੰ ਸਨਮਾਨਜਨਕ ਤੇ ਉਸਾਰੂ ਜ਼ਿੰਦਗੀ ਵੱਲ ਲਿਜਾਣ ਅਤੇ ਉਨ੍ਹਾਂ ਦੇ ਮੁਕੰਮਲ ਪੁਨਰਵਾਸ ਲਈ ਵਚਨਬੱਧ ਹੈ।ਉਨ੍ਹਾਂ ਕਿਹਾ, ਇਹ ਪਾਇਲਟ ਵੈੱਲਨੈੱਸ ਪ੍ਰੋਗਰਾਮ ਮੌਜੂਦਾ ਡਾਕਟਰੀ ਇਲਾਜ ਦਾ ਪੂਰਕ ਬਣੇਗਾ ਅਤੇ ਮੈਡੀਕਲ ਸਟਾਫ਼ ਦੇ ਸਹਿਯੋਗ ਨਾਲ ਨਾਲੋ-ਨਾਲ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦੀ ਰੂਪ-ਰੇਖਾ ਇਸ ਢੰਗ ਨਾਲ ਤਿਆਰ ਕੀਤੀ ਗਈ ਹੈ ਕਿ ਸਿਖਲਾਈ ਪ੍ਰਾਪਤ ਸਥਾਨਕ ਅਮਲਾ ਹੌਲੀ-ਹੌਲੀ ਇਸ ਦੀ ਵਾਗਡੋਰ ਸੰਭਾਲ ਲਵੇਗਾ, ਜਿਸ ਨਾਲ ਬਾਹਰੀ ਸਹਾਇਤਾ 'ਤੇ ਨਿਰਭਰ ਰਹੇ ਬਿਨਾਂ ਇਸ ਦਾ ਨਿਰੰਤਰ ਸੰਚਾਲਨ ਯਕੀਨੀ ਹੋ ਸਕੇਗਾ। ਉਨ੍ਹਾਂ ਅੱਗੇ ਕਿਹਾ ਕਿ ਇਹ ਪਹਿਲਕਦਮੀ ਨਸ਼ਿਆਂ ਖ਼ਿਲਾਫ਼ ਮਹਿਜ਼ ਕਾਨੂੰਨੀ ਕਾਰਵਾਈ ਤੋਂ ਅੱਗੇ ਵਧ ਕੇ ਪੁਨਰਵਾਸ, ਦੁਬਾਰਾ ਨਸ਼ੇ ਦੀ ਲਤ ਲੱਗਣ ਤੋਂ ਰੋਕਣ, ਭਾਈਚਾਰਕ ਸਾਂਝ ਅਤੇ ਲੰਮੇ ਸਮੇਂ ਦੇ ਸੁਧਾਰ 'ਤੇ ਵਧੇਰੇ ਜ਼ੋਰ ਦਿੰਦਿਆਂ ਯੁੱਧ ਨਸ਼ਿਆਂ ਵਿਰੁੱਧ ਨੂੰ ਹੋਰ ਮਜ਼ਬੂਤੀ ਦੇਵੇਗੀ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਨਸ਼ਿਆਂ ਵਿਰੁੱਧ ਆਪਣੀ ਲੜਾਈ ਹਰ ਸੰਭਵ ਸਾਧਨ ਜਿਵੇਂ ਕਿ ਡਾਕਟਰੀ ਇਲਾਜ, ਕਾਊਂਸਲਿੰਗ, ਪੁਨਰਵਾਸ, ਸਮਾਜਿਕ ਸਹਿਯੋਗ ਅਤੇ ਸਖ਼ਤ ਕਾਨੂੰਨੀ ਕਾਰਵਾਈ ਰਾਹੀਂ ਜਾਰੀ ਰੱਖੇਗਾ। ਸਾਡਾ ਮੰਤਵ ਬਿਲਕੁਲ ਸਪੱਸ਼ਟ ਹੈ ਕਿ ਲੋਕਾਂ ਨੂੰ ਇਲਾਜ ਤੱਕ ਸਿਰਫ਼ ਲਿਆਉਣਾ ਹੀ ਨਹੀਂ, ਸਗੋਂ ਉਨ੍ਹਾਂ ਨੂੰ ਇਲਾਜ ਨਾਲ ਜੋੜੀ ਰੱਖਣਾ ਅਤੇ ਸਵੈ-ਮਾਣ ਤੇ ਇੱਜ਼ਤ ਭਰੀ ਤੰਦਰੁਸਤ ਜ਼ਿੰਦਗੀ ਵੱਲ ਵਾਪਸ ਮੋੜਨਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਚੇਨ ਤੋੜ ਕੇ ਅਤੇ ਤਸਕਰਾਂ ਨੂੰ ਸਲਾਖਾਂ ਪਿੱਛੇ ਭੇਜ ਕੇ ਪਹਿਲਾਂ ਹੀ ਨਸ਼ਾ ਤਸਕਰੀ ਨੈੱਟਵਰਕ ਦਾ ਲੱਕ ਤੋੜ ਦਿੱਤਾ ਹੈ। ਹੁਣ ਅਗਲਾ ਅਹਿਮ ਕਦਮ ਨਸ਼ੇ ਤੋਂ ਪ੍ਰਭਾਵਿਤ ਲੋਕਾਂ ਦਾ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਪੁਨਰਵਾਸ ਯਕੀਨੀ ਬਣਾਉਣਾ ਹੈ ਤਾਂ ਜੋ ਉਹ ਆਪਣਾ ਜੀਵਨ ਸਵੈ-ਮਾਣ ਨਾਲ ਜਿਉਂ ਸਕਣ। ਇਸ ਦੌਰਾਨ ਮੁੱਖ ਮੰਤਰੀ ਨੇ 'ਆਰਟ ਆਫ਼ ਲਿਵਿੰਗ ਫਾਊਂਡੇਸ਼ਨ' ਨੂੰ ਮਾਨਸਾ ਅਤੇ ਸੰਗਰੂਰ ਜ਼ਿਲ੍ਹਿਆਂ ਵਿੱਚ ਧਰਤੀ ਹੇਠਲੇ ਪਾਣੀ ਦੇ ਰੀਚਾਰਜ ਅਤੇ ਸੰਭਾਲ ਲਈ ਵਿਆਪਕ ਰਣਨੀਤੀਆਂ ਉਲੀਕਣ ਹਿੱਤ ਪਾਇਲਟ ਪ੍ਰੋਜੈਕਟ ਸ਼ੁਰੂ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ, ਇਹ ਪਹਿਲਕਦਮੀ ਪਹਿਲਾਂ ਮਾਨਸਾ ਅਤੇ ਸੰਗਰੂਰ ਵਿੱਚ ਲਾਗੂ ਕੀਤੀ ਜਾਵੇਗੀ ਅਤੇ ਬਾਅਦ ਵਿੱਚ ਇਸ ਦਾ ਵਿਸਥਾਰ ਪੂਰੇ ਸੂਬੇ ਵਿੱਚ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਦੀ ਇੱਕ-ਇੱਕ ਬੂੰਦ ਬਚਾਉਣੀ ਜ਼ਰੂਰੀ ਹੈ ਤਾਂ ਜੋ ਕੁਦਰਤ ਦੇ ਇਸ ਅਣਮੁੱਲੇ ਤੋਹਫ਼ੇ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੁਰੱਖਿਅਤ ਰੱਖਿਆ ਜਾ ਸਕੇ। ਇਸ ਮੌਕੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।'ਆਰਟ ਆਫ਼ ਲਿਵਿੰਗ ਫਾਊਂਡੇਸ਼ਨ' ਵੱਲੋਂ ਵਿਅਕਤੀ ਵਿਕਾਸ ਕੇਂਦਰ ਇੰਡੀਆ ਦੇ ਚੇਅਰਮੈਨ ਬ੍ਰਹਮਚਾਰੀ ਪ੍ਰਗਿਆ ਚੈਤੰਨਿਆ ਅਤੇ ਹੋਰ ਨੁਮਾਇੰਦਿਆਂ ਨੇ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ।

### ਇੱਕੋ ਦਿਨ ਛੇ...

ਕੁਦੀਏਵ ਨੂੰ ਫਸਵੇਂ ਮੁਕਾਬਲੇ ਵਿਚ 10-9 ਨਾਲ ਹਰਾ ਕੇ ਪੁਰਸ਼ਾਂ ਦੇ ਫਰੀਸਟਾਈਲ 65 ਕਿਲੋਗ੍ਰਾਮ ਵਿੱਚ ਸੋਨ ਤਗਮਾ ਜਿੱਤਿਆ, ਜਦ ਕਿ ਭਾਰਤੀ ਮੁੱਕੇਬਾਜ਼ ਪਰਵੀਨ ਹੁੱਡਾ ਨੇ ਚੀਨੀ ਤਾਈਪੇ ਦੀ ਨੀਨ-ਚਿਨ ਚੇਨ ਨੂੰ 3-2 ਨਾਲ ਹਰਾ ਕੇ ਏਸ਼ੀਆਈ ਖੇਡਾਂ ਵਿੱਚ ਔਰਤਾਂ ਦੇ 65 ਕਿਲੋਗ੍ਰਾਮ ਵਰਗ ਵਿਚ ਸੋਨ ਤਗਮਾ ਜਿੱਤਿਆ।

ਤੀਰਅੰਦਾਜ਼ੀ ਮੁਕਾਬਲਿਆਂ 'ਚ ਦੇਸ਼ ਨੂੰ ਇੱਕ ਹੋਰ ਵੱਡੀ ਸਫ਼ਲਤਾ ਮਿਲੀ ਹੈ। ਭਾਰਤ ਦੀ ਮਹਿਲਾ ਰਿਕਵਰ ਟੀਮ ਨੇ ਸ਼ੁੱਕਰਵਾਰ ਨੂੰ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 10 ਵਾਰ ਦੀ ਓਲੰਪਿਕ ਚੈਂਪੀਅਨ ਦੱਖਣੀ ਕੋਰੀਆ ਨੂੰ 5-3 ਨਾਲ ਹਰਾ ਕੇ ਪਹਿਲੀ ਵਾਰ ਏਸ਼ੀਆਈ ਖੇਡਾਂ ਦਾ ਸੋਨ ਤਮਗਾ ਆਪਣੇ ਨਾਂਅ ਕਰ ਲਿਆ ਹੈ। ਤਜਰਬੇਕਾਰ ਖਿਡਾਰਨ ਅੰਕਿਤਾ ਭਾਕਤ, ਕੀਰਤੀ ਸ਼ਰਮਾ ਅਤੇ 17 ਸਾਲਾ ਕੁਮਕੁਮ ਮੋਹਦ ਨੇ ਚੁਣੌਤੀਪੂਰਨ ਹਵਾ ਵਾਲੇ ਹਾਲਾਤ ਵਿੱਚ ਆਪਣੇ ਦਿਮਾਗ ਦਾ ਸੰਤੁਲਨ ਬਣਾਈ ਰੱਖਿਆ ਅਤੇ ਮੌਜੂਦਾ ਚੈਂਪੀਅਨਾਂ ਨੂੰ ਪਛਾੜ ਕੇ ਇੱਕ ਇਤਿਹਾਸਕ ਜਿੱਤ ਦਰਜ ਕੀਤੀ।

### ਵੋਟ ਚੋਰੀ ਖਿਲਾਫ...

ਸੁਧਾਈ ਦੀ ਪ੍ਰਕਿਰਿਆ ਨੂੰ ਲੈ ਕੇ ਲੋਕਾਂ ਵਿੱਚ ਚਿੰਤਾ ਹੈ ਅਤੇ ਇਸ ਦੇ ਵਿਰੋਧ ਵਿੱਚ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ।

ਪੁਲਸ ਨੇ ਸ਼ੁੱਕਰਵਾਰ ਨੂੰ ਜੰਤਰ-ਮੰਤਰ ਵਿਖੇ ਮੁੱਖ ਚੋਣ ਕਮਿਸ਼ਨਰ (ਸੀ.ਈ.ਸੀ.) ਵਿਰੁੱਧ ਪ੍ਰਦਰਸ਼ਨ ਦੌਰਾਨ 'ਆਪ' ਆਗੂਆਂ ਸੌਰਭ ਭਾਰਦਵਾਜ, ਸੰਜੀਵ, ਆਤਿਸ਼ੀ ਅਤੇ ਸੰਜੇ ਸਿੰਘ ਦੇ ਨਾਲ-ਨਾਲ ਕੁਝ ਵਿਦਿਆਰਥੀ ਜਥੇਬੰਦੀਆਂ ਦੇ ਕਾਰਕੁਨਾਂ ਸਮੇਤ 500 ਤੋਂ ਵੱਧ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਲੈ ਲਿਆ। ਸਿਆਸੀ ਪਾਰਟੀਆਂ ਅਤੇ ਏ ਆਈ ਐੱਸ ਏ, ਐੱਸ ਐੱਫ ਆਈ , ਐੱਨ ਐੱਸ ਯੂ ਆਈ ਅਤੇ ਹੋਰ ਵਿਦਿਆਰਥੀ ਜਥੇਬੰਦੀਆਂ ਦੇ ਮੈਂਬਰ ਤੇ ਸਮਰਥਕ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਐੱਸ ਆਈ ਆਰ) ਵਿੱਚ ਬੇਨਿਯਮੀਆਂ ਅਤੇ ਵੱਡੇ ਪੱਧਰ 'ਤੇ ਵੋਟਰਾਂ ਦੇ ਨਾਂਅ ਕੱਟਣ ਨੂੰ ਲੈ ਕੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਨ। ਪੁਲਸ ਨੇ ਕਿਹਾ ਕਿ ਉਨ੍ਹਾਂ ਨੇ 'ਆਪ' ਆਗੂ ਅਤੇ ਰਾਜ ਸਭਾ ਮੈਂਬਰ ਸੰਜੇ ਸਿੰਘ ਨੂੰ ਨਾਰਥ ਐਵੇਨਿਊ ਵਿਖੇ ਰੋਕ ਲਿਆ, ਜਿਸ ਨਾਲ ਉਹ ਪ੍ਰਦਰਸ਼ਨ ਵਾਲੀ ਥਾਂ ਵੱਲ ਨਹੀਂ ਜਾ ਸਕੇ। ਭਾਰਦਵਾਜ ਨੇ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ ਕਿ ਸ਼ਾਂਤਮਈ ਪ੍ਰਦਰਸ਼ਨ ਦੇ ਬਾਵਜੂਦ ਉਨ੍ਹਾਂ ਨੂੰ ਅਤੇ ਝਾਅ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਉਨ੍ਹਾਂ ਪਾਰਟੀ ਵਰਕਰਾਂ ਅਤੇ ਸਮਰਥਕਾਂ ਨੂੰ ਅੰਦੋਲਨ ਜਾਰੀ ਰੱਖਣ ਅਤੇ ਜੰਤਰ-ਮੰਤਰ ਪਹੁੰਚਣ ਦੀ ਅਪੀਲ ਕੀਤੀ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਪ੍ਰਸਤਾਵਿਤ ਪ੍ਰਦਰਸ਼ਨ ਤੋਂ ਪਹਿਲਾਂ ਨਵੀਂ ਦਿੱਲੀ ਜ਼ਿਲ੍ਹੇ ਵਿੱਚ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ (ਬੀ.ਐੱਨ.ਐੱਸ.ਐੱਸ.) ਦੀ ਧਾਰਾ 163 ਤਹਿਤ ਪਾਬੰਦੀਆਂ ਦੇ ਹੁਕਮ ਲਾਗੂ ਕਰ ਦਿੱਤੇ ਗਏ ਸਨ। ਇਹ ਹੁਕਮ ਬਿਨਾਂ ਪੂਰਵ ਲਿਖਤੀ ਪ੍ਰਵਾਨਗੀ ਦੇ ਜਨਤਕ ਮੀਟਿੰਗਾਂ ਜਾਂ ਪੰਜ ਜਾਂ ਇਸ ਤੋਂ ਵੱਧ ਲੋਕਾਂ ਦੇ ਇਕੱਠੇ ਹੋਣ, ਜਲੂਸ ਕੱਢਣ, ਪ੍ਰਦਰਸ਼ਨ ਕਰਨ, ਘੇਰਾਬੰਦੀ ਕਰਨ ਅਤੇ ਧਰਨੇ ਦੇਣ 'ਤੇ ਪਾਬੰਦੀ ਲਗਾਉਂਦਾ ਹੈ। ਦਿੱਲੀ ਪੁਲਸ ਨੇ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਆਈਸਾ), ਰਾਜ ਸਭਾ ਮੈਂਬਰ ਮਨੋਜ ਝਾਅ ਅਤੇ ਵਕੀਲ ਪ੍ਰਸ਼ਾਂਤ ਭੂਸ਼ਣ ਵੱਲੋਂ ਸੱਦੇ ਗਏ ਪ੍ਰਸਤਾਵਿਤ ਪ੍ਰਦਰਸ਼ਨ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਇਹ ਇਕੱਠ ਗਾਂਧੀ ਜੈਯੰਤੀ ਦੇ ਮੌਕੇ 'ਤੇ ਸਵੇਰੇ 11 ਵਜੇ ਤੈਅ ਕੀਤਾ ਗਿਆ ਸੀ। ਪ੍ਰਦਰਸ਼ਨ ਵਾਲੀ ਥਾਂ 'ਤੇ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਇੰਟਰਨੈੱਟ ਸੇਵਾਵਾਂ ਵੀ ਮੁਅੱਤਲ ਕਰ ਦਿੱਤੀਆਂ ਗਈਆਂ ਹਨ। ਐੱਸ ਐੱਫ ਆਈ ਦੀ ਜਨਰਲ ਸਕੱਤਰ ਆਇਸ਼ੀ ਘੋਸ਼ ਨੇ ਕਿਹਾ ਕਿ ਕਈ ਕਾਰਕੁਨਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਘੋਸ਼ ਨੇ ਕਿਹਾ ਕਿ ਦਿੱਲੀ ਪੁਲਸ ਰਾਜਧਾਨੀ ਵਿੱਚ ਅਪਰਾਧਾਂ ਨੂੰ ਰੋਕਣ ਵਿੱਚ ਕਾਮਯਾਬ ਨਹੀਂ ਹੋ ਰਹੀ ਹੈ, ਪਰ ਜਦੋਂ ਗਿਆਨੇਸ਼ ਕੁਮਾਰ ਵਰਗੇ ਕਿਸੇ ਵਿਅਕਤੀ ਦੀ ਰੱਖਿਆ ਦੀ ਗੱਲ ਆਉਂਦੀ ਹੈ, ਤਾਂ ਉਹ ਸੜਕਾਂ 'ਤੇ ਉਤਰ ਆਉਂਦੇ ਹਨ। ਉਨ੍ਹਾਂ ਅੱਗੇ ਕਿਹਾ, "ਇਹ ਲੋਕਤੰਤਰ ਨਹੀਂ ਹੈ। ਜੇ ਪੁਲਸ ਸੋਚਦੀ ਹੈ ਕਿ ਉਸ ਨੂੰ ਹਿਰਾਸਤ ਵਿੱਚ ਲੈ ਕੇ ਅੰਦੋਲਨ ਨੂੰ ਰੋਕ ਸਕਦੀ ਹੈ, ਤਾਂ ਅਸੀਂ ਉਨ੍ਹਾਂ ਨੂੰ ਦੱਸਣਾ ਚਾਹੁੰਦੇ ਹਾਂ ਕਿ ਇਹ ਤਾਂ ਸਿਰਫ਼ ਸ਼ੁਰੂਆਤ ਹੈ।"

### ਬੀ ਜੇ ਪੀ ਹਕੂਮਤ...

ਅਫ਼ਸਰਸ਼ਾਹੀ ਕੋਈ ਨਿਆਂ ਨਹੀਂ ਦੇ ਰਹੀ।ਜੇ ਇਹੋ ਹਾਲਾਤ ਰਹੇ ਤਾਂ ਇੱਕ ਦੋ ਦਿਨਾਂ ਵਿੱਚ ਮੀਟਿੰਗ ਕਰਕੇ ਫਿਰ ਪੱਕੇ ਰੂਪ ਵਿੱਚ ਬੀ ਡੀ ਪੀ ਓ ਦਫਤਰ ਅੱਗੇ ਧਰਨਾ ਲਾ ਦਿੱਤਾ ਜਾਵੇਗਾ। ਸੀ ਪੀ ਆਈ ਦੇ ਬਲਾਕ ਸਕੱਤਰ ਨਰਿੰਦਰ ਸਿੰਘ ਅਲਗੋਂ ਅਤੇ ਕਿਸਾਨ ਆਗੂ ਰਛਪਾਲ ਸਿੰਘ ਬਾਠ ਨੇ ਕਿਹਾ ਕਿ ਪੰਜਾਬ ਦੇ ਹਾਲਾਤ ਬਹੁਤ ਵਿਗੜੇ ਹੋਏ ਹਨ।ਆਮ ਲੋਕ ਸੂਰਜ ਛਿਪਣ ਤੋਂ ਬਾਅਦ ਸੜਕਾਂ 'ਤੇ ਨਹੀਂ ਚੱਲ ਸਕਦੇ, ਕਿਉਂਕਿ ਗੈਂਗਸਟਰਾਂ ਦਾ ਇਲਾਕੇ ਵਿੱਚ ਬੋਲਬਾਲਾ ਹੈ।ਲੋਕਾਂ ਨੂੰ ਲੁੱਟਿਆ ਜਾ ਰਿਹਾ ਹੈ। ਜਿਹੜਾ ਵੀ ਉਨ੍ਹਾਂ ਅੱਗੇ ਵੇਰ੍ਹਦਾ ਹੈ, ਉਸ ਦਾ ਕਤਲ ਕਰ ਦਿੱਤਾ ਜਾਂਦਾ ਹੈ।ਆਗੂਆਂ ਨੇ ਕਿਹਾ ਕਿ ਨਰੇਗਾ ਦੇ ਨਵੇਂ ਕਾਨੂੰਨ ਨੇ ਨਰੇਗਾ ਦੀ ਰੂਹ ਹੀ ਫੂਕਤੀ ਹੈ।ਅਫ਼ਸਰਸ਼ਾਹੀ ਵੱਲੋਂ ਨਵੇਂ ਕਾਨੂੰਨ ਰਾਹੀਂ ਲੋਕਾਂ ਨੂੰ ਕੰਮ ਨਹੀਂ ਦਿੱਤਾ ਜਾ ਰਿਹਾ।ਇਸ ਹਾਲਤ ਵਿਚ ਨਰੇਗਾ ਕਾਮੇ ਕੰਮ ਲੈਣ ਵਾਸਤੇ ਭਿੱਖੀਵਿੰਡ ਬਲਾਕ ਵਿੱਚ ਜਲਦੀ ਹੀ ਪੱਕਾ ਮੋਰਚਾ ਲਾ ਰਹੇ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਹਾੜ੍ਹੀ ਦੀਆਂ ਫਸਲਾਂ ਦੀ ਐਲਾਨੀ ਐੱਮ ਐੱਸ ਪੀ ਨਿਗੂਣੀ : ਐੱਸ ਕੇ ਐੱਮ



**ਤਰਨਤਾਰਨ ਪ੍ਰਿਤਪਾਲ ਸਿੰਘ)**- ਸ਼ੋਰੋਂ ਖੰਡ ਮਿੱਲ ਮੋਰਚੇ ਦੇ 134 ਵੇਂ ਦਿਨ ਇਕੱਠੇ ਹੋਏ ਕਿਸਾਨਾਂ ਨੇ ਕੇਂਦਰ ਸਰਕਾਰ ਖ਼ਿਲਾਫ਼ ਜੰਮ ਕੇ ਰੋਸ ਪ੍ਰਦਰਸ਼ਨ ਕਰਦਿਆਂ ਹਾੜ੍ਹੀ ਫ਼ਸਲਾਂ ਦੇ ਐਲਾਨ ਕੀਤੇ ਖਰੀਦ ਰੇਟ ਰੱਦ ਕਰਨ ਦੀ ਮੰਗ ਕੀਤੀ ਹੈ। ਉਹਨਾਂ ਕਿਹਾ ਕਿ ਪੰਜਾਬ ਹਰਿਆਣਾ ਯੂ ਪੀ ਦੇ ਕਿਸਾਨ ਕਨਕ ਵੱਡੀ ਮਾਤਰਾ ਵਿੱਚ ਪੈਦਾ ਕਰਕੇ ਦੇਸ਼ ਦੇ ਅੰਨ ਭੰਡਾਰ ਭਰਦੇ ਹਨ। ਪਰ ਇਹਨਾਂ ਨਿਗੂਣੀਆਂ ਕੀਮਤਾਂ ਨਾਲ ਕਿਸਾਨਾਂ ਦੀ ਮਿਹਨਤ ਦਾ ਮੁੱਲ ਨਹੀਂ ਮੁੜਦਾ।

ਇਸ ਕਰਕੇ ਸਵਾਮੀ ਨਾਥਨ ਕਮਿਸ਼ਨ ਅਨੁਸਾਰ ਫਸਲਾਂ ਦੇ ਭਾਅ ਦਿੱਤੇ ਜਾਣ। ਇਸ ਮੌਕੇ ਕਿਸਾਨ ਆਗੂ ਦਲਜੀਤ ਸਿੰਘ ਦਿਆਲਪੁਰਾ, ਤਰਸੇਮ ਸਿੰਘ ਲੁਹਾਰ, ਜੱਸਾ ਸਿੰਘ ਕੱਦਗਿੱਲ, ਜਸਬੀਰ ਸਿੰਘ ਨਿੱਜਰਪੁਰਾ, ਸੁਖਚੈਨ ਸਿੰਘ ਸਰਹਾਲੀ, ਬਲਦੇਵ ਸਿੰਘ, ਸੁਖਵਿੰਦਰ ਸਿੰਘ, ਮੇਘ ਸਿੰਘ, ਤਰਲੋਕ ਸਿੰਘ, ਮੁਖਤਿਆਰ ਸਿੰਘ, ਪਲਵਿੰਦਰ ਸਿੰਘ, ਹਰਚੰਦ ਸਿੰਘ, ਸੁਲੱਖਣ ਸਿੰਘ ਨੇ ਕੇਂਦਰ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇ ਲਗਾਏ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਕੇਂਦਰ ਸਰਕਾਰ ਵਿਰੁੱਧ ਰੋਸ ਪ੍ਰਗਟ ਕਰਕੇ ਕਿਸਾਨਾਂ ਨੂੰ ਐੱਮਐੱਸਪੀ ਦੇਣ ਲਈ ਮਜਬੂਰ ਕਰੇ। ਨਹੀਂ ਤਾਂ ਪੰਜਾਬ ਸਰਕਾਰ ਆਪਣੇ ਕੀਤੇ ਵਾਅਦੇ ਅਨੁਸਾਰ ਆਪ ਐੱਮਐੱਸਪੀ ਦਾ ਪ੍ਰਬੰਧ ਕਰੇ।

# ਕੈਬਨਿਟ ਮੰਤਰੀ ਕਟਾਰੂਚੱਕ ਦੀ ਹਾਜ਼ਰੀ 'ਚ ਬਟਾਲਾ ਦਾਣਾ ਮੰਡੀ ਤੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਲਾਲ ਚੰਦ ਕਟਾਰੂਚੱਕ, ਕੈਬਨਿਟ ਮੰਤਰੀ ਪਵਿੱਤਰ ਧਰਤੀ ਬਟਾਲਾ ਵਿਖੇ ਪਹੁੰਚੇ ਅਤੇ ਦਾਣਾ ਮੰਡੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ। ਉਨ੍ਹਾਂ ਗੁਰਪ੍ਰੀਤ ਸਿੰਘ ਪਿੰਡ ਡੁੱਲਟ ਅਤੇ ਪ੍ਰਭਜੋਤ ਕੌਰ ਵਲੋਂ ਲਿਆਂਦੀ ਫਸਲ ਦੀ ਢੇਰੀਆਂ ਦੀ ਖਰੀਦ ਕਰਵਾਈ।ਇਸ ਮੌਕੇ ਮੈਡਮ ਰਜ਼ਨੀਸ਼ ਕੁਮਾਰੀ ਡਿਪਟੀ ਡਾਇਰੈਕਟਰ ਫੂਡ ਸਪਲਾਈ ਵਿਭਾਗ ਪੰਜਾਬ, ਸਾਰੰਗਪ੍ਰੀਤ ਸਿੰਘ ਔਜਲਾ ਐੱਸ ਡੀ ਐੱਮ ਬਟਾਲਾ, ਮਾਨਿਕ ਮਹਿਤਾ, ਚੇਅਰਮੈਨ ਮਾਰਕੀਟ ਕਮੇਟੀ ਬਟਾਲਾ, ਚੇਅਰਮੈਨ ਰਵਿੰਦਰ ਸਿੰਘ, ਅਮਨਜੀਤ ਸਿੰਘ ਡੀ ਐੱਫ ਐੱਸ ਸੀ ਗੁਰਦਾਸਪੁਰ, ਪ੍ਰਧਾਨ ਮਨਬੀਰ ਸਿੰਘ ਰੰਧਾਵਾ, ਪ੍ਰਧਾਨ ਗੁਰਬਿੰਦਰ ਸਿੰਘ ਜੌਲੀ, ਕੁਲਜੀਤ ਸਿੰਘ ਜ਼ਿਲ੍ਹਾ ਮੰਡੀ ਅਫਸਰ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ, ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੇ 9 ਸ਼ੀਜਨ ਫਸਲਾਂ ਦੀ ਖਰੀਦ ਸਫਲਤਾਪੂਰਵਕ ਕਰਵਾਈ ਹੈ ਅਤੇ ਇਹ ਸ਼ੀਜਨ ਵੀ ਸਫ਼ਲਤਾਪੂਰਵਕ ਸੰਪੰਨ ਹੋਵੇਗਾ।ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਕਿਸਾਨ ਦੀ ਫ਼ਸਲ ਦਾ ਦਾਣਾ ਦਾਣਾ ਨਿਰਵਿਘਨ ਖਰੀਦਿਆ ਜਾਵੇਗਾ।ਨਾਲ ਹੀ ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿੱਚ ਫਸਲ ਸੁਕਾ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।ਖ਼ੁਰਾਕ, ਸਿਵਲ ਸਪਲਾਈ ਖਪਤਕਾਰ ਮਾਮਲੇ ਪੰਜਾਬ, ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸੂਬੇ ਵਿਚ ਅੱਜ ਪਹਿਲੀ ਅਕਤੂਬਰ ਤੋਂ ਸ਼ੁਰੂ ਹੋਏ ਝੋਨੇ ਦੇ ਆਗਾਮੀ



ਖ਼ਰੀਦ ਸੀਜ਼ਨ ਤੋਂ ਪਹਿਲਾਂ, ਪੰਜਾਬ ਰਾਜ ਨੂੰ ਅਕਤੂਬਰ ਮਹੀਨੇ ਲਈ 42786.68 ਰੁਪਏ ਦੀ ਨਕਦ ਕਰਜ਼ਾ ਹੱਦ ਦੀ ਮਨਜ਼ੂਰੀ ਦੇ ਰੂਪ ਵਿਚ ਵੱਡੀ ਰਾਹਤ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸੀ.ਸੀ.ਐੱਲ. ਦੀ ਮਨਜ਼ੂਰੀ ਨਾਲ ਸੂਬਾ ਸਰਕਾਰ ਵਲੋਂ ਖ਼ਰੀਦੇ ਜਾਣ ਵਾਲੇ ਝੋਨੇ ਲਈ ਕਿਸਾਨਾਂ ਨੂੰ ਤੁਰੰਤ ਤੇ ਨਿਰਵਿਘਨ ਭੁਗਤਾਨ ਯਕੀਨੀ ਬਣਾਇਆ ਜਾ ਸਕੇਗਾ।ਹੋਰ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਕਿਸਾਨਾਂ ਵਲੋਂ ਮੰਡੀਆਂ ਵਿਚ ਲਿਆਂਦੇ ਜਾਣ ਵਾਲੇ ਝੋਨੇ ਦੀ ਪੈਕਿੰਗ ਲਈ ਵਿਭਾਗ ਵਲੋਂ ਲੋੜੀਂਦਾ ਬਾਰਦਾਨਾ ਵੀ ਪ੍ਰਾਪਤ ਹੋ ਗਿਆ ਹੈ ਤੇ ਸੂਬੇ ਨੂੰ ਸੀਜ਼ਨ 2026-27 ਲਈ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖ਼ਰੀਦ ਦਾ ਟੀਚਾ ਮਿਲਿਆ ਹੈ। ਉਨ੍ਹਾਂ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ 2461 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖ਼ਰੀਦੀ ਜਾਵੇਗੀ। ਖ਼ਰੀਦ ਕਾਰਜਾਂ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਹੁਣ ਤੱਕ 1887 ਮੰਡੀਆਂ ਨੋਟੀਫਾਈ ਕੀਤੀਆਂ ਜਾ ਚੁੱਕੀਆਂ ਹਨ ਤੇ ਜ਼ਰੂਰਤ ਅਨੁਸਾਰ ਹੋਰ ਮੰਡੀਆਂ ਵੀ ਕਾਰਜਸ਼ੀਲ ਕੀਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਕਿਸਾਨਾਂ ਦੇ ਖ਼ੂਨ-ਪਸੀਨੇ ਨਾਲ ਉਗਾਏ ਇਕ-ਇਕ ਦਾਣੇ ਨੂੰ ਖਰੀਦਣ ਪ੍ਰਤੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਅਨਲੋਡਿੰਗ ਅਤੇ ਪੈਕਿੰਗ ਦਾ ਕੰਮ ਕਰਨ ਵਾਲੇ ਮਜ਼ਦੂਰਾਂ ਲਈ ਸਾਫ਼ ਪੀਣ ਵਾਲੇ ਪਾਣੀ ਆਦਿ ਦੇ ਸੁਚੱਜੇ ਪ੍ਰਬੰਧ ਯਕੀਨੀ ਬਣਾਏ ਗਏ ਹਨ ਇਸ ਮੌਕੇ ਉਹ ਆੜ੍ਹਤੀਆਂ ਅਤੇ ਕਿਸਾਨਾਂ ਨੂੰ ਵੀ ਮਿਲੇ ਤੇ ਕਿਹਾ ਕਿ ਮੰਡੀਆਂ ਵਿੱਚ ਉਨ੍ਹਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ। ਉਪਰੰਤ ਉਨ੍ਹਾਂ ਡੀ ਐੱਫ ਐੱਸ ਸੀ ਸਮੇਤ ਸਬੰਧਤ ਖਰੀਦ ਏਜੰਸੀਆਂ ਵਾਲਿਆਂ ਨਾਲ ਮੀਟਿੰਗ ਕਰਕੇ ਲੋੜੀਂਦੇ ਦਿਸ਼ਾ ਨਿਰਦੇਸ਼ ਵੀ ਦਿੱਤੇ।ਇਸ ਮੌਕੇ ਮਾਨਿਕ ਮਹਿਕਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ ਅਤੇ ਉਨ੍ਹਾਂ ਦੀ ਪੂਰੀ ਟੀਮ ਵਲੋਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੂੰ ਸਨਮਾਨਿਤ ਵੀ ਕੀਤਾ।

# ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਭਰਪੂਰ ਜਾਣਕਾਰੀ ਦੇਣ ਅਤੇ ਉਨ੍ਹਾਂ ਦੀ ਪਾਲਣਾ ਕਰਨ ਸੰਬੰਧੀ ਸੈਮੀਨਾਰ

**ਅੰਮ੍ਰਿਤਸਰ (ਅਰੋੜਾ)**- ਗੁਰੂ ਦੀ ਨਗਰੀ ਵਿਖੇ ਦੇਸ਼ ਅਤੇ ਸਮਾਜ ਭਲਾਈ ਕਾਰਜਾਂ ਦੇ ਨਾਲ-ਨਾਲ ਲੋੜਵੰਦ ਪਰਿਵਾਰਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਪੁਸਤਕਾਂ, ਸਟੇਸ਼ਨਰੀ, ਕੱਪੜੇ, ਬੈਗ ਅਤੇ ਸਮੇਂ-ਸਮੇਂ ਤੇ ਖਾਣ-ਪੀਣ ਦੀ ਸਮੱਗਰੀ ਮੁਹੱਈਆ ਕਰਵਾਉਣ ਵਾਲੀ ਏ.ਆਈ.ਸੀ.ਈ. ਸੋਸਾਇਟੀ ਵੱਲੋਂ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਅਤੇ ਉਨ੍ਹਾਂ ਦੀ ਜਾਣਕਾਰੀ ਦੇਣ ਲਈ ਸੈਮੀਨਾਰ ਦਾ ਆਯੋਜਨ ਸੋਸਾਇਟੀ ਦੇ ਮੀਤ ਪ੍ਰਧਾਨ ਸੰਜੇ ਮਲਿਕ ਅਤੇ ਸੋਸਾਇਟੀ ਦੇ ਡਾਇਰੈਕਟਰ ਡਾ. ਕੁਲਦੀਪ ਸਿੰਘ ਅਰੋੜਾ ਦੀ ਪ੍ਰਧਾਨਗੀ ਹੇਠ ਕੀਤਾ ਗਿਆ। ਸੈਮੀਨਾਰ ਵਿਖੇ ਸੋਸਾਇਟੀ ਦੇ ਪੈਟਰਨ ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ ਅਤੇ ਸਾਬਕਾ ਜ਼ਿਲ੍ਹਾ ਖਜ਼ਾਨਾ ਅਫ਼ਸਰ ਵਿਜੇ ਭਸੀਨ ਮੁੱਖ ਸਪੀਕਰ ਅਤੇ ਰੋਟਰੀ ਕਲੱਬ ਨਾਰਥ ਦੇ ਪ੍ਰਧਾਨ ਇੰਜੀ. ਪਰਮੀਤ ਸਿੰਘ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।ਸੋਸਾਇਟੀ ਦੇ ਪੈਟਰਨ ਰਸਜੀਤ ਸਿੰਘ ਖੇੜਾ ਅਤੇ ਸੋਸਾਇਟੀ ਦੇ ਚੀਫ਼ ਐਡਵਾਈਜ਼ਰ ਵਿਜੇ ਭਸੀਨ ਨੇ ਵਿਦਿਆਰਥੀਆਂ ਨੂੰ ਹਮੇਸ਼ਾ ਟ੍ਰੈਫਿਕ ਨਿਯਮਾਂ ਦੀ ਪਾਲਣਾ ਕੀਤੇ ਜਾਣ ਦਾ ਸੰਦੇਸ਼ ਦਿੱਤਾ।ਸੈਮੀਨਾਰ ਵਿਖੇ ਸੋਸਾਇਟੀ ਦੇ ਮੀਤ ਪ੍ਰਧਾਨ ਸੰਜੇ ਮਲਿਕ ਅਤੇ ਰੋਟਰੀ ਨਾਰਥ ਦੇ ਪ੍ਰਧਾਨ ਪਰਮੀਤ ਸਿੰਘ ਖੇੜਾ ਨੇ ਵੀ ਆਪਣੇ ਵਿਚਾਰ ਰੱਖੇ।ਸੈਮੀਨਾਰ ਦੇ ਅੰਤ ਵਿੱਚ ਮੁੱਖ ਸਪੀਕਰਾਂ ਅਤੇ ਵਿਸ਼ੇਸ਼ ਮਹਿਮਾਨਾਂ ਨੂੰ ਸਨਮਾਨਿਤ ਕੀਤੇ ਜਾਣ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਖਾਣ-ਪੀਣ ਦੀ ਸਮੱਗਰੀ ਵੀ ਵੰਡੀ ਗਈ। ਸੈਮੀਨਾਰ ਦੇ ਅੰਤ ਵਿੱਚ ਸੋਸਾਇਟੀ ਦੇ ਸਕੱਤਰ ਅਤੇ ਐੱਮ.ਓ.ਸੀ. ਆਰ.ਐੱਸ. ਚੱਠਾ ਨੇ ਸਾਰੇ ਮੈਂਬਰਾਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਅੰਦੇਸ਼ ਭੱਲਾ, ਕੇ.ਐੱਸ. ਚੱਠਾ, ਰਮੇਸ਼ ਮਹਾਜਨ, ਸੰਦੀਪ ਗੁਲਾਟੀ, ਹਰਜਿੰਦਰ ਕੌਰ, ਪ੍ਰਿੰਸੀਪਲ ਇੰਦੂ ਗੁਲਾਟੀ, ਮੈਡਮ ਕਮਲਦੀਪ ਕੌਰ, ਮੈਡਮ ਪੁਨੀਤ ਕੌਰ, ਮੈਡਮ ਪ੍ਰੀਤੀ ਆਦਿ ਵੀ ਮੌਜੂਦ ਸਨ।



# ਪਰਲ ਨਿਵੇਸ਼ਕਾਂ ਦੇ ਭੁਗਤਾਨ ਲਈ ਸੰਘਰਸ਼ ਹੋਰ ਪ੍ਰਚੰਡ ਕੀਤਾ ਜਾਵੇਗਾ : ਦਾਨਗੜ੍ਹ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)** ਪਰਲ ਨਿਵੇਸ਼ਕਾਂ ਦੇ ਪੈਸਿਆਂ ਦੇ ਭੁਗਤਾਨ ਦੀ ਮੰਗ ਨੂੰ ਲੈ ਕੇ ਸੰਘਰਸ਼ ਨੂੰ ਆਉਣ ਵਾਲੇ ਸਮੇਂ ਵਿੱਚ ਹੋਰ ਪ੍ਰਚੰਡ ਕੀਤਾ ਜਾਵੇਗਾ। ਇਹ ਪ੍ਰਗਟਾਵਾ ਜਥੇਬੰਦੀ ਦੇ ਕੌਮੀ ਪ੍ਰਧਾਨ ਮਹਿੰਦਰਪਾਲ ਸਿੰਘ ਦਾਨਗੜ੍ਹ ਨੇ ਵਰਚੂਅਲ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਲੁਧਿਆਣਾ ਵਿਖੇ ਹੋਈ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ ਨਿਵੇਸ਼ਕਾਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਨੇ ਆਪਣੇ ਘਰਾਂ ਤੋਂ ਨਿਕਲ ਕੇ ਰੈਲੀ ਵਿੱਚ ਸ਼ਮੂਲੀਅਤ ਕਰਕੇ ਪਰਲ ਨਿਵੇਸ਼ਕਾਂ ਦੇ ਦਰਦ ਨੂੰ ਸਮਝਣ ਵਾਲੀ ਆਪਣੀ ਜਾਗਦੀ ਜ਼ਮੀਰ ਦਾ ਪ੍ਰਗਟਾਵਾ ਕੀਤਾ ਹੈ।




ਦਾਨਗੜ੍ਹ ਨੇ ਕਿਹਾ ਕਿ ਰੈਲੀ ਦੀ ਸਫਲਤਾ ਲਈ ਸਟੇਟ ਕਮੇਟੀ ਦੇ ਮੈਂਬਰਾਂ, ਪੰਜਾਬ ਦੇ ਤਿੰਨਾਂ ਜ਼ੋਨਾਂ ਦੇ ਇੰਚਾਰਜਾਂ, ਜਥੇਬੰਦੀ ਦੇ ਸਰਪ੍ਰਸਤਾਂ, ਵਰਕਰਾਂ ਅਤੇ ਨਿਵੇਸ਼ਕਾਂ ਨੇ ਭਰਪੂਰ ਸਹਿਯੋਗ ਦਿੱਤਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਰੈਲੀ ਵਿੱਚ ਪੁੱਜੇ ਪਟਿਆਲਾ ਤੋਂ ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ, ਬਸਪਾ ਆਗੂ ਡਾ. ਅਵਤਾਰ ਸਿੰਘ ਕਰੀਮਪੁਰੀ ਅਤੇ ਸਾਂਝੀਵਾਲਤਾ ਦਲ ਪੰਜਾਬ ਦੇ ਅਹੁਦੇਦਾਰਾਂ ਦਾ ਵੀ ਧੰਨਵਾਦ ਕੀਤਾ। ਭਵਿੱਖ ਦੀ ਰਣਨੀਤੀ ਬਾਰੇ ਗੱਲ ਕਰਦਿਆਂ ਦਾਨਗੜ੍ਹ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੇ ਸਮੂਹ ਜ਼ਿਲ੍ਹਾ ਪ੍ਰਧਾਨਾਂ, ਸਟੇਟ ਕਮੇਟੀ ਮੈਂਬਰਾਂ, ਵੱਖ-ਵੱਖ ਜ਼ੋਨਾਂ ਦੇ ਇੰਚਾਰਜਾਂ ਅਤੇ ਸਰਪ੍ਰਸਤਾਂ ਨਾਲ ਵਿਚਾਰ-ਵਟਾਂਦਰਾ ਕਰਕੇ ਅਗਲੇ ਪੜਾਅ ਦੇ ਤਿੱਖੇ ਸੰਘਰਸ਼ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਰਲ ਨਿਵੇਸ਼ਕਾਂ ਦੇ ਪੈਸਿਆਂ ਦੇ ਭੁਗਤਾਨ ਲਈ ਸੰਘਰਸ਼ ਨੂੰ ਹੋਰ ਵਿਸ਼ਾਲ ਕੀਤਾ ਜਾਵੇਗਾ। ਵਰਚੁਅਲ ਮੀਟਿੰਗ ਵਿੱਚ ਗੁਰਦੀਪ ਸਿੰਘ ਝਿੱਕਾ, ਜੋਧ ਸਿੰਘ ਬਾਂਦੀ, ਦਲਵੀਰ ਸਿੰਘ ਜੰਮੂ, ਜੱਗਾ ਸਿੰਘ ਤੰਗਰਾਲੀ, ਗੁਰਤੇਜ ਸਿੰਘ ਬਹਿਮਨ, ਜਸਵੀਰ ਸਿੰਘ ਬਡਿਆਲ, ਲੈਕਚਰਾਰ ਤਰਸੇਮ ਪਠਲਾਵਾ, ਮਲਕੀਤ ਸਿੰਘ ਖਮਾਚੋ, ਜਨਕ ਦੇਵੀ ਅੰਮ੍ਰਿਤਸਰ, ਅੰਮ੍ਰਿਤਪਾਲ ਸਿੰਘ ਪਟਿਆਲਾ, ਦਲੀਪ ਸਿੰਘ ਅਜਨਾਲਾ, ਅਮਰਜੀਤ ਸਿੰਘ ਲਤਾਲਾ, ਜਰਨੈਲ ਸਿੰਘ ਪਾਇਲ, ਗੁਰਮੇਲ ਸਿੰਘ, ਗੁਰਪ੍ਰੀਤ ਸਿੰਘ, ਸੁਰਿੰਦਰ ਸਿੰਘ ਬਿੱਟੂ, ਮਨੋਜ ਕੁਮਾਰ ਨਾਭਾ, ਸ਼ਮਸ਼ੇਰ ਸਿੰਘ, ਸੁਖਦੇਵ ਸਿੰਘ, ਰਜਿੰਦਰ ਸਿੰਘ, ਰਾਜਵੰਤ ਬਾਲਾ, ਪਰਵਿੰਦਰ ਸਿੰਘ ਔਲਖ ਅੰਮ੍ਰਿਤਸਰ, ਸੁਖਵਿੰਦਰ ਸਿੰਘ, ਗੁਰਜੰਟ ਸਿੰਘ, ਗੁਰਪ੍ਰੀਤ ਸਿੰਘ, ਰਾਕੇਸ਼ ਕੁਮਾਰ, ਮੇਜਰ ਸਿੰਘ, ਅਧਾਰ ਸਿੰਘ ਹੁਸ਼ਿਆਰਪੁਰ, ਮਨਜੀਤ ਕੌਰ ਅਲਾਚੌਰ, ਜਸਵੀਰ ਕੌਰ ਸੂਰਾਪੁਰ, ਕਰਮਜੀਤ ਕੌਰ ਅਤੇ ਸੁਖਵਿੰਦਰ ਕੌਰ ਸੁੱਖੀ ਆਦਿ ਹਾਜ਼ਰ ਸਨ।

# ਭੂਚਾਲ ਦੌਰਾਨ ਆਪਣੇ ਆਪ ਨੂੰ ਬਚਾਉਣ ਲਈ ਅਭਿਆਸ 'ਤੇ ਸੈਮੀਨਾਰ

**ਬਟਾਲਾ (ਤਰਲੋਕ ਬੱਗਾ)**- ਰਵੇਲ ਸਿੰਘ ਜ਼ਿਲ੍ਹਾ ਕਮਾਂਡਰ ਪੰਜਾਬ ਹੋਮ ਗਾਰਡਜ਼-ਕਮ-ਵਧੀਕ ਕੰਟਰੋਲਰ ਸਿਵਲ ਡਿਫੈਂਸ ਗੁਰਦਾਸਪੁਰ ਅਤੇ ਸਟੋਰ ਸੁਪਰਡੈਂਟ ਸਿਵਲ ਡਿਫੈਂਸ ਬਟਾਲਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਵਾਰਡਨ ਸਰਵਿਸ ਪੋਸਟ ਨੰ. 8, ਸਿਵਲ ਡਿਫੈਂਸ ਵਲੋਂ




491ਵਾਂ ਨਾਗਰਿਕ ਸੁਰੱਖਿਆ ਤੇ ਭੂਚਾਲ ਮੌਕੇ ਕੀ ਕਰੀਏ- ਕੀ ਨਾ ਕਰੀਏ ਸੈਮੀਨਾਰ ਦਾ ਆਯੋਜਨ ਆਲ ਇੰਡੀਆ ਵੂਮੈਨ ਕਾਨਫਰੰਸ ਵਿਖੇ ਕੀਤਾ ਗਿਆ, ਜਿਸ ਵਿਚ ਪੋਸਟ ਵਾਰਡਨ ਹਰਬਖਸ਼ ਸਿੰਘ ਸੀ.ਡੀ ਵਲੰਟੀਅਰ ਮਨਿੰਦਰ ਕੌਰ ਦੇ ਨਾਲ ਪ੍ਰਧਾਨ ਨਰਿੰਦਰ ਕੌਰ ਮੱਲ੍ਹੀ, ਪਰਮਿੰਦਰ ਕੌਰ, ਨੀਲਮ, ਹਰਪ੍ਰੀਤ ਕੌਰ, ਰਾਜਬੀਰ ਕੌਰ, ਸਿਮਰਨਜੀਤ ਕੌਰ ਅਤੇ 85 ਸਿਖਿਆਰਥਣਾਂ ਨੇ ਹਿੱਸਾ ਲਿਆ।ਪੋਸਟ ਵਾਰਡਨ ਹਰਬਖਸ਼ ਸਿੰਘ ਨੇ ਦੱਸਿਆ ਕਿ ਭਵਿੱਖ 'ਚ ਵਾਤਾਵਰਣ ਬਦਲਾਅ ਕਾਰਨ ਭਿਆਨਕ ਕੁਦਰਤੀ ਆਫਤਾਂ ਨੂੰ ਨਜਿੱਠਣ ਲਈ ਅਭਿਆਸ ਅਤੇ ਆਫਤ ਪ੍ਰਬੰਧ ਜ਼ਰੂਰੀ ਹੈ, ਇਹਨਾਂ ਵਿਚੋਂ ਇਕ ਭੁਚਾਲ ਹੈ, ਜਿਵੇਂ ਹੀ ਤੁਸੀਂ ਭੁਚਾਲ ਦਾ ਖ਼ਤਰਾ ਮਹਿਸੂਸ ਕਰਦੇ ਹੋ, ਤਾਂ ਆਪਣੇ ਆਪ ਨੂੰ ਬਚਾਉਣ ਲਈ ਇੱਕ ਮਜ਼ਬੂਤ ਮੇਜ਼, ਕੁਰਸੀ ਜਾਂ ਹੋਰ ਕਿਸੇ ਮਜ਼ਬੂਤ ਵਸਤ ਹੇਠਾਂ ਬੈਠੋ। ਜਦੋਂ ਭੁਚਾਲ ਆਉਂਦਾ ਹੈ ਤਾਂ ਸਾਨੂੰ ਇੱਕ ਜਗ੍ਹਾ 'ਤੇ ਰਹਿ ਕੇ ਆਪਣੀ ਰੱਖਿਆ ਕਰਨੀ ਚਾਹੀਦੀ ਹੈ, ਨਾ ਕਿ ਭੱਜ ਦੌੜ ਕਰੋ। ਇਸੇ ਸਬੰਧੀ ਰੁਕੋ-ਝੁਕੋ-ਢਕੋ-ਫੜੋ ਦਾ ਅਭਿਆਸ ਕਰਵਾਇਆ ਜਿਸ ਵਿਚ ਸਭ ਹਾਜ਼ਰ ਨੇ ਹਿੱਸਾ ਲਿਆ ਤੇ ਸਾਵਧਾਨੀਆ ਬਾਰੇ ਦੱਸਿਆ ਕਿ ਖਿੜਕੀਆਂ ਅਤੇ ਅਲਮਾਰੀਆਂ ਤੋਂ ਦੂਰ ਰਹਿਣਾ ਚਾਹੀਦਾ ਹੈਅ ਉਪਰ ਡਿਗ ਸਕਦੀਆਂ ਹਨ। ਜੇਕਰ ਤੁਸੀਂ ਵਹੀਕਲ ਚਲਾ ਰਹੇ ਹੋ ਉਸ ਸਮੇਂ ਤੁਹਾਨੂੰ ਭੁਚਾਲ ਦੇ ਝਟਕੇ ਮਹਿਸੂਸ ਹੋਣ ਲੱਗਦੇ ਹਨ, ਤਾਂ ਅਜਿਹੀ ਸਥਿਤੀ ਵਿੱਚ ਵਹੀਕਲ ਨੂੰ ਇੱਕ ਸੁਰੱਖਿਅਤ ਜਗ੍ਹਾ 'ਤੇ ਰੁਕਣਾ ਚਾਹੀਦਾ ਹੈ ਅਤੇ ਤੁਰੰਤ ਕਿਸੇ ਖੁੱਲ੍ਹੇ ਮੈਦਾਨ ਵਿੱਚ ਬੈਠਣਾ ਚਾਹੀਦਾ ਹੈ, ਜਿਥੇ ਖੰਭੇ, ਟਾਵਰ, ਪੁਲ, ਵੱਡੇ ਰੁੱਖ, ਵੱਡੀਆਂ ਇਮਾਰਤਾਂ ਆਦਿ ਤੋਂ ਦੂਰ ਰਹੋ, ਉਦੋਂ ਤੱਕ ਭੁਚਾਲ ਦੇ ਝਟਕੇ ਨਹੀਂ ਰੁਕਦੇ। ਸੀਡੀ ਵਲੰਟੀਅਰ ਮਨਿੰਦਰ ਕੌਰ ਭੂਚਾਲ ਸੁਰੱਖਿਆ ਸਬੰਧੀ ਸਿੱਖਿਆਰਥਣਾਂ ਵਲੋਂ ਕੀਤੇ ਗਏ ਸਵਾਲਾਂ ਦੇ ਜਵਾਬ ਦੌਰਾਨ ਦਸਿਆ ਕਿ ਜ਼ਿਆਦਾ ਹੰਗਾਮੀ ਸਥਿਤੀ ਵਿਚ ਐਮਰਜੈਂਸੀ ਸੇਵਾਵਾਂ ਨਾਲ ਸੰਪਰਕ ਕਰਕੇ ਆਪਣੇ ਆਪ ਨੂੰ ਵਲੰਟੀਅਰ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਆਖਰ ਵਿਚ ਸਮੂਹ ਸਟਾਫ ਵਲੋਂ ਟੀਮ ਸਿਵਲ ਡਿਫੈਂਸ ਨੂੰ ਸਨਮਾਨ ਚਿੰਨ੍ਹ ਤੇ ਪ੍ਰਸ਼ੰਸਾ ਪੱਤਰ ਦਿੱਤੇ।

# ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਕੂੜੇ ਦੀ ਸਮੱਸਿਆ ਦੇ ਪੱਕੇ ਹੱਲ ਦਾ ਕੀਤਾ ਐਲਾਨ

**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਗੁਰਦਾਸਪੁਰ ਵਿੱਚ ਪਿਛਲੇ ਲੰਬੇ ਸਮੇਂ ਤੋਂ ਕੂੜੇ ਦੀ ਸਮੱਸਿਆ ਬਣੀ ਹੋਈ ਹੈ, ਜਿਸ ਕਾਰਨ ਲੋਕਾਂ ਨੂੰ ਕਾਫ਼ੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਵੱਲੋਂ ਗੁਰਦਾਸਪੁਰ ਵਿੱਚ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਹੁਣ ਕੂੜੇ ਦੀ ਸਮੱਸਿਆ ਦੇ ਹੱਲ ਲਈ ਵੀ ਉਨ੍ਹਾਂ ਵੱਲੋਂ ਇੱਕ ਅਹਿਮ ਕਦਮ ਚੁੱਕਿਆ ਗਿਆ ਹੈ। ਚੇਅਰਮੈਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਪਿੰਡ ਭੁੱਲੇ ਚੱਕ ਵਿਖੇ 2 ਏਕੜ ਜ਼ਮੀਨ ਠੇਕੇ 'ਤੇ ਲਈ ਗਈ ਹੈ, ਜਿੱਥੇ ਸੋਲਿਡ ਵੇਸਟ ਮੈਨੇਜਮੈਂਟ ਪਲਾਂਟ ਲਗਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜਲਦ ਹੀ ਇਸ ਪ੍ਰੋਜੈਕਟ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇਸ ਸਬੰਧੀ ਉਹ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਦਿੱਤਿਆ ਉਪਲ ਨਾਲ ਜ਼ਮੀਨ ਦਾ ਜਾਇਜ਼ਾ ਲੈਣ ਲਈ ਪਹੁੰਚੇ। ਰਾਜੀਵ ਸ਼ਰਮਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਲੰਬੇ ਸਮੇਂ ਤੋਂ ਇਸ ਸਮੱਸਿਆ ਦਾ ਹੱਲ ਕਰਨ ਵਿੱਚ ਨਾਕਾਮ ਰਹੀਆਂ ਹਨ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਵਿਕਾਸ ਅਤੇ ਕੰਮ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ।ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਗੁਰਦਾਸਪੁਰ ਨੂੰ 8 ਜ਼ੋਨਾਂ ਵਿੱਚ ਵੰਡਿਆ ਜਾਵੇਗਾ। ਇਸ ਦੇ ਤਹਿਤ ਟਰੱਸਟ ਵੱਲੋਂ 8 ਨਵੀਆਂ ਗੱਡੀਆਂ ਖਰੀਦੀਆਂ ਜਾਣਗੀਆਂ, ਜੋ ਘਰਾਂ ਤੋਂ ਕੂੜਾ ਇਕੱਠਾ ਕਰਕੇ ਇਸ ਪਲਾਂਟ ਤੱਕ ਲੈ ਕੇ ਆਉਣਗੀਆਂ। ਇਸ ਤੋਂ ਬਾਅਦ ਕੂੜੇ ਤੋਂ ਖਾਦ ਤਿਆਰ ਕੀਤੀ ਜਾਵੇਗੀ। ਚੇਅਰਮੈਨ ਨੇ ਕਿਹਾ ਕਿ ਵਿਕਾਸ ਦੇ ਰਾਹ ਵਿੱਚ ਜਿੰਨੀਆਂ ਵੀ ਮੁਸ਼ਕਲਾਂ ਆਉਣ, ਉਹ ਵਿਕਾਸ ਕਾਰਜਾਂ ਨੂੰ ਰੁਕਣ ਨਹੀਂ ਦੇਣਗੇ। ਉਨ੍ਹਾਂ ਦੱਸਿਆ ਕਿ ਪਿੰਡ ਭੁੱਲੇ ਚੱਕ ਵਿੱਚ ਸਰਪੰਚ ਨਾਲ ਗੱਲਬਾਤ ਕੀਤੀ ਗਈ, ਜਿਸ ਤੋਂ ਬਾਅਦ ਉਨ੍ਹਾਂ ਨੇ ਜ਼ਮੀਨ ਦੇਣ ਲਈ ਸਹਿਮਤੀ ਦਿੱਤੀ ਹੈ।



ਇਸ ਦੇ ਨਾਲ ਹੀ ਪਿੰਡ ਦੇ ਸਰਪੰਚ ਵੱਲੋਂ ਪਿੰਡ ਦੇ ਵਿਕਾਸ ਸਬੰਧੀ ਕੁਝ ਮੰਗਾਂ ਰੱਖੀਆਂ ਗਈਆਂ ਹਨ, ਜਿਨ੍ਹਾਂ ਨੂੰ ਪੂਰਾ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਇਸ ਮੌਕੇ ਪਿੰਡ ਭੁੱਲੇ ਚੱਕ ਦੇ ਸਰਪੰਚ ਨੇ ਚੇਅਰਮੈਨ ਰਾਜੀਵ ਸ਼ਰਮਾ ਦਾ ਧੰਨਵਾਦ ਕੀਤਾ।

# ਅਮਿਤ ਸ਼ਾਹ ਵੱਲੋਂ ਦਿੱਤੀ ਨਸ਼ਾ ਮੁਕਤ ਪੰਜਾਬ ਦੀ ਗਾਰੰਟੀ ਨੇ ਸੂਬੇ ਦੇ ਲੋਕਾਂ 'ਚ ਇੱਕ ਨਵੀਂ ਉਮੀਦ ਜਗਾਈ : ਵਿਨੈ ਚੌਧਰੀ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਵੱਲੋਂ ਪੰਜਾਬ ਦੇ ਜਲੰਧਰ ਸ਼ਹਿਰ ਵਿੱਚ ਇੱਕ ਵਿਸ਼ਾਲ ਜਨਤਕ ਰੈਲੀ ਨੂੰ ਸੰਬੋਧਨ ਕੀਤਾ ਗਿਆ। ਇਸ ਇਤਿਹਾਸਕ ਰੈਲੀ ਵਿੱਚ ਇਕੱਠੀ ਹੋਈ ਭਾਰੀ ਭੀੜ ਨੂੰ ਸੰਬੋਧਨ ਕਰਦਿਆਂ ਗ੍ਰਿਹ ਮੰਤਰੀ ਨੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਬਹੁਤ ਵੱਡਾ ਅਤੇ ਅਹਿਮ ਐਲਾਨ ਕੀਤਾ।ਆਪਣੇ ਸੰਬੋਧਨ ਦੌਰਾਨ ਅਮਿਤ ਸ਼ਾਹ ਨੇ ਕਿਹਾ ਕਿ 31 ਦਸੰਬਰ 2029 ਤੱਕ ਪੰਜਾਬ ਦੇ ਬੱਚਿਆਂ ਨੂੰ ਨਸ਼ਾ ਸਪਲਾਈ ਕਰਨ ਵਾਲਾ ਇੱਕ ਵੀ ਨਸ਼ਾ ਤਸਕਰ ਜਾਂ ਡੀਲਰ ਨਹੀਂ ਛੱਡਿਆ ਜਾਵੇਗਾ। ਕੇਂਦਰ ਸਰਕਾਰ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਨਸ਼ਿਆਂ ਦੀ ਜੜ੍ਹ ਨੂੰ ਪੁੱਟਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਸ ਮੈਗਾ ਰੈਲੀ ਨੂੰ ਸਫਲ ਬਣਾਉਣ ਵਿੱਚ ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ (ਗੁਰਦਾਸਪੁਰ) ਵਿਨੈ ਚੌਧਰੀ ਨੇ ਅਹਿਮ ਭੂਮਿਕਾ ਨਿਭਾਈ। ਵਿਨੈ ਚੌਧਰੀ ਦੀ ਗਤੀਸ਼ੀਲ ਅਗਵਾਈ ਹੇਠ ਹਜ਼ਾਰਾਂ ਭਾਜਪਾ ਵਰਕਰ ਅਤੇ ਸਮਰਥਕ ਗੁਰਦਾਸਪੁਰ ਤੋਂ ਬੱਸਾਂ ਅਤੇ ਵਾਹਨਾਂ ਦੇ ਵੱਡੇ ਕਾਫਲੇ ਨਾਲ ਜਲੰਧਰ ਰੈਲੀ ਲਈ ਰਵਾਨਾ ਹੋਏ। ਇਸ ਮੌਕੇ ਬੋਲਦਿਆਂ ਭਾਜਪਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਵਿਨੈ ਚੌਧਰੀ ਨੇ ਕਿਹਾ ਕਿ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਵੱਲੋਂ ਦਿੱਤੀ ਨਸ਼ਾ ਮੁਕਤ ਪੰਜਾਬ ਦੀ ਗਾਰੰਟੀ ਨੇ ਸੂਬੇ ਦੇ ਲੋਕਾਂ ਵਿੱਚ ਇੱਕ ਨਵੀਂ ਉਮੀਦ ਜਗਾਈ ਹੈ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਹਰ ਪੱਧਰ 'ਤੇ ਮਿਹਨਤ ਕਰ ਰਹੀ ਹੈ ਅਤੇ ਗੁਰਦਾਸਪੁਰ ਦਾ ਹਰ ਬੱਚਾ ਪਾਰਟੀ ਦੀਆਂ ਨੀਤੀਆਂ ਨਾਲ ਚਟਾਨ ਵਾਂਗ ਖੜ੍ਹਾ ਹੈ।

# ਅਕਸ਼ੈ ਸ਼ਰਮਾ ਨੇ ਹਰੀਸ਼ ਦਿਵੇਦੀ ਤੋਂ ਲਿਆ ਆਸ਼ੀਰਵਾਦ



**ਛੇਹਰਟਾ, (ਮਨੋਜ ਕੁਮਾਰ)** : ਅੰਮ੍ਰਿਤਸਰ ਦੇ ਹਲਕਾ ਉੱਤਰੀ ਤੋਂ ਭਾਜਪਾ ਆਗੂ ਅਕਸ਼ੈ ਸ਼ਰਮਾ ਨੇ ਵੀਰਵਾਰ ਨੂੰ ਭਾਜਪਾ ਦੇ ਕੌਮੀ ਜਨਰਲ ਸਕੱਤਰ ਤੇ ਭਾਰਤੀ ਜਨਤਾ ਯੁਵਾ ਮੋਰਚਾ ਦੇ ਕੌਮੀ ਇੰਚਾਰਜ ਹਰੀਸ਼ ਦਿਵੇਦੀ ਨਾਲ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਅਕਸ਼ੈ ਸ਼ਰਮਾ ਨੇ ਹਰੀਸ਼ ਦਿਵੇਦੀ ਨਾਲ ਪਾਰਟੀ ਦੀ ਮਜ਼ਬੂਤੀ ਤੇ ਸਿਆਸੀ ਵਿਸ਼ਿਆਂ ਬਾਰੇ ਚਰਚਾ ਕੀਤੀ। ਭਾਜਪਾ ਵੱਲੋਂ ਸਤੰਬਰ 2026 ਵਿਚ ਹਰੀਸ਼ ਦਿਵੇਦੀ ਨੂੰ ਯੁਵਾ ਮੋਰਚਾ ਦਾ ਕੌਮੀ ਇੰਚਾਰਜ ਨਿਯੁਕਤ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਅਗਸਤ ਵਿਚ ਉਨ੍ਹਾਂ ਨੂੰ ਪਾਰਟੀ ਦਾ ਕੌਮੀ ਜਨਰਲ ਸਕੱਤਰ ਬਣਾਇਆ ਗਿਆ ਸੀ। ਮੁਲਾਕਾਤ ਦੌਰਾਨ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ, ਨੌਜਵਾਨ ਸ਼ਕਤੀ ਨੂੰ ਸਕਾਰਾਤਮਕ ਦਿਸ਼ਾ ਦੇਣ ਤੇ ਪੰਜਾਬ ਦੇ ਵਿਕਾਸ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਅਕਸ਼ੈ ਸ਼ਰਮਾ ਨੇ ਕਿਹਾ ਕਿ ਭਾਜਪਾ ਦੇ ਸੀਨੀਅਰ ਆਗੂਆਂ ਦਾ ਮਾਰਗਦਰਸ਼ਨ ਨੌਜਵਾਨ ਵਰਕਰਾਂ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਭਵਿੱਖ ਨੌਜਵਾਨਾਂ ਨਾਲ ਜੁੜਿਆ ਹੋਇਆ ਹੈ ਤੇ ਸੂਬੇ ਨੂੰ ਵਿਕਾਸ ਦੀ ਨਵੀਂ ਦਿਸ਼ਾ ਦੇਣ ਲਈ ਨੌਜਵਾਨ ਪੀੜ੍ਹੀ ਦੀ ਹਿੱਸੇਦਾਰੀ ਬੇਹੱਦ ਜ਼ਰੂਰੀ ਹੈ। ਅਕਸ਼ੈ ਸ਼ਰਮਾ ਨੇ ਹਰੀਸ਼ ਦਿਵੇਦੀ ਤੋਂ ਆਸ਼ੀਰਵਾਦ ਪ੍ਰਾਪਤ ਕਰਦਿਆਂ ਕਿਹਾ ਕਿ ਸੀਨੀਅਰ ਲੀਡਰਸ਼ਿਪ ਦਾ ਮਾਰਗਦਰਸ਼ਨ ਉਨ੍ਹਾਂ ਨੂੰ ਭਵਿੱਖ ਵਿਚ ਵੀ ਜਨ ਸੇਵਾ ਤੇ ਪਾਰਟੀ ਦੇ ਕੰਮਾਂ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾਉਣ ਲਈ ਪ੍ਰੇਰਿਤ ਕਰਦਾ ਰਹੇਗਾ।

# ਸੋਸਾਇਟੀ ਦਾ ਛੇਵਾਂ ਸਥਾਪਨਾ ਦਿਵਸ ਤੇ ਅਧਿਆਪਕ ਸਨਮਾਨ ਦਿਵਸ ਮਨਾਇਆ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)** ਮਾਤਾ ਸਵਿੱਤਰੀ ਬਾਈ ਫੂਲੇ ਐਜੂਕੇਸ਼ਨ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਪ੍ਰਧਾਨ ਰਾਣੀ ਦੇਵੀ, ਚੇਅਰਮੈਨ ਦਰਸ਼ਨ ਲਾਲ ਪਾਠੀ ਅਤੇ ਸਤਨਾਮ ਸਿੰਘ ਚੇਅਰਮੈਨ ਬਿਰਧ ਆਸ਼ਰਮ ਝਾਖੋਲਾੜੀ ਦੀ ਯੋਗ ਅਗਵਾਈ ਸਦਕਾ ਸੋਸਾਇਟੀ ਦਾ ਛੇਵਾਂ ਸਥਾਪਨਾ ਦਿਵਸ ਅਤੇ ਅਧਿਆਪਕ ਸਨਮਾਨ ਦਿਵਸ ਮਨਾਇਆ ਗਿਆ। ਇਸ ਦੌਰਾਨ ਮੁੱਖ ਮਹਿਮਾਨ ਸੁਰਿੰਦਰ ਬੈਂਸ ਚੀਫ਼ ਇੰਜੀਨੀਅਰ ਪੀ ਐਸ ਪੀ ਸੀ ਐਲ ਬਾਰਡਰ ਜ਼ੋਨ ਅਤੇ ਜਗਦੀਸ਼ ਰਾਜ ਅੱਤਰੀ ਐਸ ਪੀ ਉਚੇਰੇ ਤੌਰ 'ਤੇ ਸ਼ਾਮਲ ਹੋਏ।ਇਸ ਦੌਰਾਨ ਵੱਖ ਵੱਖ ਬੁਲਾਰਿਆਂ ਦੁਆਰਾ ਮਾਤਾ ਸਵਿੱਤਰੀ ਬਾਈ ਫੂਲੇ ਦੇ ਸਿੱਖਿਆ ਦੇ ਖੇਤਰ ਵਿੱਚ ਬੇਮਿਸਾਲ ਯੋਗਦਾਨ, ਇਸਤਰੀਆਂ ਦੀ ਸਿੱਖਿਆ ਸੰਬੰਧੀ ਸੰਘਰਸ਼ ਅਤੇ ਸਮਾਜ ਵਿੱਚ ਅਧਿਆਪਕ ਦੇ ਯੋਗਦਾਨ ਸੰਬੰਧੀ ਜਾਣਕਾਰੀ ਦਿੱਤੀ। ਬਾਬਾ ਸ੍ਰੀ ਚੰਦ ਮਾਡਲ ਸਕੂਲ ਚੂਹੜ ਚੱਕ, ਸਰਕਾਰੀ ਪ੍ਰਾਇਮਰੀ ਸਕੂਲ ਠਾਕੁਰਪੁਰ ਦੇ ਬੱਚਿਆਂ ਨੇ ਭੰਗੜਾ ਤੇ ਗਿੱਧਾ ਪਾਇਆ। ਪ੍ਰਿੰਸੀਪਲ ਰੀਨਾ ਸਰਮਾਲ ਨੇ ਸੋਸਾਇਟੀ ਦੇ ਕੰਮਾਂ ਦੀ ਸ਼ਲਾਘਾ ਕੀਤੀ। ਇਸ ਸਮੇਂ ਵੱਖ ਵੱਖ ਸ਼ਹਿਰਾਂ ਤੋਂ 25 ਟੀਚਰਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਆਖ਼ਰ 'ਤੇ ਚੇਅਰਮੈਨ ਦੁਆਰਾ ਸੋਸਾਇਟੀ ਦੁਆਰਾ ਕੀਤੀਆਂ ਜਾਂਦੀਆਂ ਸੇਵਾਵਾਂ ਸੰਬੰਧੀ ਚਾਨਣਾ ਪਾਇਆ ਗਿਆ। ਇਸ ਮੌਕੇ ਸੋਸਾਇਟੀ ਦੇ ਪ੍ਰਦਾਨ ਤੇ ਸਾਰੀ ਹੀ ਟੀਮ ਵੱਲੋਂ ਆਏ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਸਮੇਂ ਰਾਣੀ ਦੇਵੀ, ਵਿਜੈ ਕੁਮਾਰ ਲੈਕਚਰਾਰ, ਸੁਰਜੀਤ ਪਾਲ ਡੀ ਈ ਓ, ਸਤਨਾਮ ਸਿੰਘ, ਲਵਪ੍ਰੀਤ, ਪੂਜਾ ਦੇਵੀ ਦੀਨਾ ਨਗਰ, ਸੁਦੇਸ਼ ਕਾਂਤਾ, ਮਾ. ਦਰਸ਼ਨ ਕੁਮਾਰ, ਸ਼ਿਵ ਕੁਮਾਰ, ਸਰਦਾਰੀ ਲਾਲ, ਰਾਜ ਕੁਮਾਰ, ਜੀਤ ਰਾਜ ਹਾਜ਼ਰ ਸਨ।



# ਕਿਸਾਨਾਂ ਨੂੰ ਹਾੜ੍ਹੀ ਦੀਆਂ ਫ਼ਸਲਾਂ ਸਬੰਧੀ ਖੇਤੀ ਮਾਹਰਾਂ ਨੇ ਦਿੱਤੀ ਤਕਨੀਕੀ ਜਾਣਕਾਰੀ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਹਾੜ੍ਹੀ ਦੀਆਂ ਫ਼ਸਲਾਂ ਦੀ ਕਾਸ਼ਤ ਸਬੰਧੀ ਤਕਨੀਕੀ ਜਾਣਕਾਰੀ ਦੇਣ ਦੇ ਮਕਸਦ ਨਾਲ ਬਟਾਲਾ ਦੀ ਆਈ. ਟੀ. ਆਈ. ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਅਤੇ ਖੇਤ ਪ੍ਰਦਰਸ਼ਨੀਆਂ ਕਰਵਾਈਆਂ ਗਈਆਂ।ਮੁੱਖ ਖੇਤੀਬਾੜੀ ਅਫ਼ਸਰ ਡਾ. ਸ਼ਾਹਬਾਜ਼ ਸਿੰਘ ਚੀਮਾ ਦੀ ਅਗਵਾਈ ਹੇਠ ਕਰਵਾਏ ਗਏ ਇਸ ਮੇਲੇ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਤੋਂ ਅਗਾਂਹਵਧੂ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਮੇਲੇ ਵਿੱਚ ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਅਤੇ ਹਲਕਾ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਮੁੱਖ ਮਹਿਮਾਨ ਵਜੋਂ ਪਹੁੰਚੇ, ਜਦਕਿ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਮੇਲੇ ਦਾ ਉਦਘਾਟਨ ਕੀਤਾ। ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਡਾ. ਅਰਸ਼ਦੀਪ ਸਿੰਘ, ਜ਼ਿਲ੍ਹਾ ਇੰਚਾਰਜ ਨਸ਼ਾ ਮੁਕਤੀ ਮੋਰਚਾ ਗੁਰਦਾਸਪੁਰ, ਹਰਵਿੰਦਰ ਸਿੰਘ ਹੈਰੀ ਸਪੁੱਤਰ ਬਲਵਿੰਦਰ ਸਿੰਘ ਲਾਡੀ ਵੀ ਮੌਜੂਦ ਸਨ।ਇਸ ਮੌਕੇ ਕਿਸਾਨ ਆਗੂਆਂ, ਅਗਾਂਹਵਧੂ ਕਿਸਾਨਾਂ ਅਤੇ ਵੱਖ-ਵੱਖ ਖੇਤੀਬਾੜੀ ਅਦਾਰਿਆਂ ਨਾਲ ਸਬੰਧਤ ਨੁਮਾਇੰਦਿਆਂ ਨੇ ਵੀ ਸ਼ਮੂਲੀਅਤ ਕੀਤੀ।ਮੇਲੇ ਦੌਰਾਨ ਖੇਤੀ ਮਾਹਰਾਂ ਵੱਲੋਂ ਦਿੱਤੀ ਜਾਣਕਾਰੀ ਨਾਲ ਸਬੰਧਤ ਸਵਾਲ ਕਿਸਾਨਾਂ ਤੋਂ ਪੁੱਛੇ ਗਏ। ਸਹੀ ਜਵਾਬ ਦੇਣ ਵਾਲੇ 10 ਕਿਸਾਨਾਂ ਨੂੰ ਸਪਰੇਅ ਪੰਪ ਦੇ ਕੇ ਸਨਮਾਨਿਤ ਕੀਤਾ ਗਿਆ।ਮੁੱਖ ਖੇਤੀਬਾੜੀ ਅਫ਼ਸਰ ਡਾ. ਸ਼ਾਹਬਾਜ਼ ਸਿੰਘ ਚੀਮਾ ਨੇ ਮੇਲੇ ਵਿੱਚ ਪਹੁੰਚੇ ਮਹਿਮਾਨਾਂ ਅਤੇ ਕਿਸਾਨਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਕਿਸਾਨਾਂ ਨੂੰ ਲੋੜੀਂਦੀ ਤਕਨੀਕੀ ਜਾਣਕਾਰੀ ਅਤੇ ਸਹਾਇਤਾ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।



# ਸ਼ੰਭੂ ਰੇਲ ਟਰੈਕ ਧਮਾਕੇ 'ਚ ਮਾਰੇ ਗਏ ਜਗਰੂਪ ਸਿੰਘ ਦੇ ਘਰ ਛਾਪੇਮਾਰੀ; ਮੋਬਾਈਲ ਤੇ ਦਸਤਾਵੇਜ਼ ਜ਼ਬਤ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਅਪ੍ਰੈਲ ਮਹੀਨੇ ਵਿੱਚ ਸ਼ੰਭੂ ਰੇਲ ਟਰੈਕ 'ਤੇ ਹੋਏ ਬੰਬ ਧਮਾਕੇ ਦੌਰਾਨ ਮਾਰੇ ਗਏ ਜਗਰੂਪ ਸਿੰਘ ਨਿਵਾਸੀ ਪਿੰਡ ਪੰਜਵੜ ਦੇ ਘਰ ਰਾਸ਼ਟਰੀ ਜਾਂਚ ਏਜੰਸੀ ਦੀ ਟੀਮ ਵੱਲੋਂ ਅਚਾਨਕ ਛਾਪੇਮਾਰੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਵਿਧਾਨ ਸਭਾ ਹਲਕਾ ਤਰਨ ਤਾਰਨ ਅਧੀਨ ਆਉਂਦੇ ਪਿੰਡ ਪੰਜਵੜ ਵਿਖੇ ਵੀਰਵਾਰ ਸਵੇਰੇ ਗੱਡੀਆਂ ਵਿੱਚ ਸਵਾਰ ਹੋ ਕੇ ਆਏ ਕਰੀਬ 8 ਤੋਂ 10 ਅਧਿਕਾਰੀਆਂ ਨੇ ਜਗਰੂਪ ਸਿੰਘ ਪੁੱਤਰ ਲਖਵਿੰਦਰ ਸਿੰਘ ਦੇ ਘਰ ਨੂੰ ਘੇਰਾ ਪਾਇਆ।ਏਜੰਸੀ ਦੇ ਅਧਿਕਾਰੀਆਂ ਨੇ ਪਰਿਵਾਰ ਦੇ ਸਮੂਹ ਮੈਂਬਰਾਂ ਜਿਨ੍ਹਾਂ ਵਿੱਚ ਜਗਰੂਪ ਸਿੰਘ ਦੀ ਮਾਂ, ਪਤਨੀ, ਚਾਚਾ ਅਤੇ ਹੋਰ ਮੈਂਬਰ ਸ਼ਾਮਲ ਸਨ, ਨੂੰ ਘਰ ਦੇ ਅੰਦਰ ਹੀ ਰੱਖ ਕੇ ਕਈ ਘੰਟਿਆਂ ਤੱਕ ਬਾਰੀਕੀ ਨਾਲ ਪੁੱਛਗਿੱਛ ਕੀਤੀ।ਵਿਦੇਸ਼ੀ ਫੰਡਿੰਗ ਦੇ ਸ਼ੱਕ ਹੇਠ ਜਾਂਚ ਤੇ ਮੋਬਾਈਲ ਜ਼ਬਤ-ਸੂਤਰਾਂ ਦੇ ਹਵਾਲੇ ਤੋਂ ਪਤਾ ਲੱਗਾ ਹੈ ਕਿ ਵਿਦੇਸ਼ਾਂ ਵਿੱਚ ਬੈਠੇ ਦੇਸ਼-ਵਿਰੋਧੀ ਅਨਸਰਾਂ ਵੱਲੋਂ ਜਗਰੂਪ ਸਿੰਘ ਅਤੇ ਉਸ ਦੇ ਪਰਿਵਾਰ ਨੂੰ ਕਥਿਤ ਤੌਰ ਤੇ ਕੀਤੀ ਜਾ ਰਹੀ ਵਿੱਤੀ ਫੰਡਿੰਗ ਦੇ ਸਬੰਧ ਵਿੱਚ ਇਹ ਜਾਂਚ ਚੱਲ ਰਹੀ ਹੈ।ਪੁੱਛਗਿੱਛ ਦੌਰਾਨ ਟੀਮ ਵੱਲੋਂ ਜਗਰੂਪ ਸਿੰਘ ਦੀ ਪਤਨੀ ਅਤੇ ਪਰਿਵਾਰ ਦੇ ਹੋਰ ਮੈਂਬਰਾਂ ਦੇ ਮੋਬਾਈਲ ਫੋਨ ਅਤੇ ਕੁਝ ਅਹਿਮ ਦਸਤਾਵੇਜ਼ ਜ਼ਬਤ ਕਰਕੇ ਆਪਣੇ ਨਾਲ ਲੈ ਜਾਣ ਦੀ ਖ਼ਬਰ ਹੈ।ਦੱਸਿਆ ਜਾ ਰਿਹਾ ਕਿ ਇਹ ਕਾਰਵਾਈ ਇਸ ਕਦਰ ਗੁਪਤ ਰੱਖੀ ਗਈ ਸੀ ਕਿ ਸਥਾਨਕ ਪੁਲਿਸ ਤੱਕ ਨੂੰ ਵੀ ਇਸ ਦੀ ਪਹਿਲਾਂ ਤੋਂ ਕੋਈ ਭਣਕ ਨਹੀਂ ਲੱਗਣ ਦਿੱਤੀ ਗਈ।ਪਰਿਵਾਰਿਕ ਮੈਂਬਰਾਂ ਪਾਸੋਂ ਗੰਭੀਰਤਾ ਨਾਲ ਪੁੱਛਗਿੱਛ ਕਰਨ ਅਤੇ ਜ਼ਰੂਰੀ ਰਿਕਾਰਡ ਕਬਜ਼ੇ ਵਿੱਚ ਲੈਣ ਤੋਂ ਬਾਅਦ ਏਜੰਸੀ ਦੀ ਟੀਮ ਵਾਪਸ ਪਰਤ ਗਈ।




# ਐਡਵੋਕੇਟ ਸਿਮੀਰੋਜ ਸਹੋਤਾ ਦਾ ਪਿੰਡ ਫੱਤੇਵਾਲ ਆਉਣ 'ਤੇ ਨਿੱਘਾ ਸਵਾਗਤ

**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)** ਬਲਾਕ ਫਤਿਹਗੜ੍ਹ ਚੂੜੀਆਂ ਦੇ ਬਲਾਕ ਅਧੀਨ ਆਉਂਦੇ ਪਿੰਡ ਫੱਤੇਵਾਲ ਨਜ਼ਦੀਕ ਕਾਲਾ ਅਫਗਾਨਾ ਦੀ ਜੰਮਪਲ ਐਡਵੋਕੇਟ ਸਿਮੀਰੋਜ ਸਹੋਤਾ ਦਾ ਡਿਗਰੀ ਪ੍ਰਾਪਤ ਕਰਨ ਤੇ ਪਿੰਡ ਪੁੱਜਣ 'ਤੇ ਪਿੰਡ ਵਾਸੀਆਂ ਤੇ ਹੋਰ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਗਰੀਬ ਪਰਿਵਾਰ ਨਾਲ ਸੰਬੰਧਿਤ ਸਿਮੀਰੋਜ ਸਹੋਤਾ ਨੇ ਦੱਸਿਆ ਕਿ ਮੈਂ ਸਾਰੀ ਵਿੱਦਿਆ ਸਰਕਾਰੀ ਅਦਾਰਿਆਂ ਤੋਂ ਪ੍ਰਾਪਤ ਕੀਤੀ।ਇਸ ਦੇ ਪਿੱਛੇ ਮੇਰੇ ਮਾਂ ਬਾਪ ਤੇ ਅਧਿਆਪਕ ਸਾਹਿਬਾਨ ਦਾ ਬਹੁਤ ਹੀ ਵੱਡਾ ਯੋਗਦਾਨ ਹੈ।ਉਨ੍ਹਾਂ ਦੱਸਿਆ ਕਿ ਕਾਲਾ ਅਫਗਾਨਾ, ਘਣੀਏ ਕੇ ਬਾਂਗਰ ਸਰਕਾਰੀ ਸਕੂਲਾਂ ਤੋਂ ਵਿੱਦਿਆ ਪ੍ਰਾਪਤ ਕੀਤੀ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਲਾਅ ਦੀ ਡਿਗਰੀ ਪ੍ਰਾਪਤ ਕੀਤੀ। ਉਨ੍ਹਾਂ ਹਰ ਇੱਕ ਨੌਜਵਾਨ ਲੜਕੀ ਤੇ ਲੜਕੇ ਨੂੰ ਕਿਹਾ ਕਿ ਮਿਹਨਤ ਕਰੋ, ਪ੍ਰਮਾਤਮਾ ਮਿਹਨਤ ਦਾ ਮੁੱਲ ਪਾਉਂਦਾ ਹੈ।ਇਸ ਮੌਕੇ ਪਿੰਡ ਦੇ ਪੰਤਵੰਤੇ ਸੱਜਣਾਂ ਤੇ ਪਾਦਰੀ ਸਾਹਿਬਾਨ ਨੇ ਵੀ ਸਿਮੀਰੋਜ ਸਹੋਤਾ ਦਾ ਸਵਾਗਤ ਕੀਤਾ ਤੇ ਪਰਿਵਾਰ ਨੂੰ ਵਧਾਈ ਦਿੱਤੀ।ਸਿਮੀਰੋਜ ਸਹੋਤਾ ਦੇ ਪਿਤਾ ਪਾਸਟਰ ਯੂਸੁਫ਼ ਸਹੋਤਾ ਨੇ ਸਭ ਦਾ ਧੰਨਵਾਦ ਕੀਤਾ।ਇਸ ਮੌਕੇ ਪਾਸਟਰ ਪ੍ਰਕਾਸ਼ ਦੂਜੋਵਾਲ, ਪਾਸਟਰ ਨਸੀਬ, ਪਾਸਟਰ ਬਸ਼ੀਰ, ਪਾਸਟਰ ਅਨਾਇਤ, ਪਾਸਟਰ ਜੌਰਜ ਬੀਰਬਲ, ਪਾਸਟਰ ਇਕਬਾਲ, ਪਾਸਟਰ ਸੁੱਖੀ ਬੱਲ, ਪਾਸਟਰ ਦਲਬੀਰ ਬਟਾਲਾ ,ਸਰਪੰਚ ਆਸ਼ਿਸ਼ ਫੱਤੇਵਾਲ, ਸਤਨਾਮ, ਤਰਸੇਮ, ਰਮੇਸ਼, ਸਰਪੰਚ ਸੈਮੂਅਲ ਦੂਜੋਵਾਲ, ਸੋਨੂੰ ਜਾਫਰ, ਸੰਨੀ ਮਸੀਹ, ਬੰਟੀ ਮਸੀਹ, ਰੋਮੀ, ਪਾਲ ਚਮਿਆਰੀ, ਜਾਰਜ ਮਸੀਹ, ਕਾਰੀ ਮਸੀਹ, ਸੂਫ਼ੀਆ, ਡਾ. ਜੌਹਨ ਗਿੱਲ, ਵਾਰਿਸ ਸਹੋਤਾ, ਦੀਪਕ, ਰਵੀ ਮਸੀਹ, ਡਿਆਲ ਭੱਟੀ, ਮਾਸਟਰ ਮਨਹੋਰ ਸਿੰਘ ਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ।



# ਲਖੀਮਪੁਰ ਖੀਰੀ ਦੇ ਸ਼ਹੀਦ ਕਿਸਾਨਾਂ ਦੀ ਯਾਦ 'ਚ ਚੰਡੀਗੜ੍ਹ ਵਿਖੇ ਕੈਂਡਲ ਮਾਰਚ ਅੱਜ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਲਖੀਮਪੁਰ ਖੀਰੀ ਵਿਖੇ 3 ਅਕਤੂਬਰ 2021 ਨੂੰ ਵਾਪਰੇ ਕਤਲ ਕਾਂਡ ਵਿੱਚ ਸ਼ਹੀਦ ਹੋਏ ਕਿਸਾਨਾਂ ਅਤੇ ਪੱਤਰਕਾਰ ਨੂੰ ਸ਼ਰਧਾਂਜਲੀ ਦੇਣ ਅਤੇ ਇਨਸਾਫ਼ ਦੀ ਮੰਗ ਨੂੰ ਲੈ ਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਜ਼ਿਲ੍ਹਾ ਤਰਨ ਤਾਰਨ, ਜ਼ੋਨ ਬਾਬਾ ਭਾਈ ਅਦਲੀ ਜੀ ਚੋਹਲਾ ਸਾਹਿਬ ਦੀ ਇੱਕ ਅਹਿਮ ਮੀਟਿੰਗ ਹੋਈ।ਮੀਟਿੰਗ ਦੌਰਾਨ ਆਗੂਆਂ ਨੇ ਕਿਹਾ ਕਿ ਲਖੀਮਪੁਰ ਖੀਰੀ ਕਾਂਡ ਕਿਸਾਨੀ ਅੰਦੋਲਨ ਦੌਰਾਨ ਵਾਪਰੀ ਇੱਕ ਦਰਦਨਾਕ ਘਟਨਾ ਸੀ।ਸ਼ਹੀਦ ਕਿਸਾਨਾਂ ਦੀ ਯਾਦ ਵਿੱਚ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਦੀ ਮੰਗ ਨੂੰ ਲੈ ਕੇ 3 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਕੈਂਡਲ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।



ਇਸ ਮੌਕੇ ਜ਼ੋਨ ਆਗੂਆਂ ਅਤੇ ਵਰਕਰਾਂ ਨੇ ਕਿਹਾ ਕਿ ਕਿਸਾਨਾਂ-ਮਜ਼ਦੂਰਾਂ ਦੀਆਂ ਹੱਕੀ ਮੰਗਾਂ ਅਤੇ ਸ਼ਹੀਦ ਕਿਸਾਨਾਂ ਦੇ ਇਨਸਾਫ਼ ਲਈ ਸੰਘਰਸ਼ ਨੂੰ ਜਥੇਬੰਦਕ ਤੌਰ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਨੇ ਇਲਾਕੇ ਦੇ ਕਿਸਾਨਾਂ, ਮਜ਼ਦੂਰਾਂ ਅਤੇ ਇਨਸਾਫ਼ਪਸੰਦ ਲੋਕਾਂ ਨੂੰ 3 ਅਕਤੂਬਰ ਦੇ ਕੈਂਡਲ ਮਾਰਚ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਸ਼ਹੀਦ ਕਿਸਾਨਾਂ ਦੀ ਕੁਰਬਾਨੀ ਨੂੰ ਯਾਦ ਰੱਖਣਾ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਇਨਸਾਫ਼ ਦੀ ਆਵਾਜ਼ ਬੁਲੰਦ ਕਰਨਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।

ਇਸ ਮੌਕੇ ਹਾਜ਼ਰ ਰਹੇ ਆਗੂ ਬਲਵਿੰਦਰ ਸਿੰਘ ਚੋਹਲਾ ਸਾਹਿਬ, ਨਰਿੰਦਰ ਸਿੰਘ ਪੱਖੋਪੁਰਾ,ਮਨਜੀਤ ਸਿੰਘ ਕਰਮੋਵਾਲ,ਹਰਜਿੰਦਰ ਸਿੰਘ ਚੰਬਾ, ਨਿਰਵੈਰ ਸਿੰਘ ਧੁੰਨ, ਰਣਜੀਤ ਸਿੰਘ ਧੁੰਨ, ਅਰਸ਼ਦੀਪ ਸਿੰਘ ਚੋਹਲਾ ਸਾਹਿਬ, ਅਵਤਾਰ ਸਿੰਘ ਰਾਣੀਵਾਲਾਹ, ਨਿਸ਼ਾਨ ਸਿੰਘ ਬ੍ਰਹਮਪੁਰਾ, ਗੁਰਪੀਤ ਸਿੰਘ, ਕੁਲਵਿੰਦਰ ਸਿੰਘ ਦਦੇਹਰ ਸਾਹਿਬ, ਕੁਲਵੰਤ ਸਿੰਘ ਭੱਠਲ, ਕਰਮ ਸਿੰਘ ਸ਼ਾਹ ਮੁੰਡਾ ਪਿੰਡ, ਪ੍ਰੈੱਸ ਸਕੱਤਰ ਜਗਰੂਪ ਸਿੰਘ ਧੁੰਨ ਆਦਿ ਹਾਜ਼ਰ ਸਨ।

# ਮੋਰੀ ਗੇਟ ਮੁਹੱਲਾ ਨਿਵਾਸੀਆਂ ਵੱਲੋਂ ਟੁੱਟੀ ਹੋਈ ਪੁਲੀ ਨੂੰ ਬਣਾਉਣ ਦੀ ਮੰਗ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਠਠਿਆਰਾ ਗੇਟ ਦੇ ਨਾਲ ਹੀ ਜਾਂਦੀ ਮੋਰੀ ਗੇਟ ਮੁਹੱਲੇ ਨੂੰ ਗਲੀ ਦੀ ਪੁਲੀ ਟੁੱਟੀ ਹੋਣ ਕਰਕੇ ਰਾਹਗੀਰਾਂ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਮੁਹੱਲਾ ਨਿਵਾਸੀਆਂ ਅਤੇ ਰਾਹਗੀਰਾਂ ਨੇ ਦੱਸਿਆ ਕਿ ਪਿਛਲੇ ਕਰੀਬ ਇੱਕ ਹਫਤੇ ਤੋਂ ਇਹ ਪੁਲੀ ਟੁੱਟੀ ਹੋਈ ਹੈ ਅਤੇ ਇਸ ਸਬੰਧੀ ਨਗਰ ਕੌਂਸਲ ਅਧਿਕਾਰੀਆਂ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਸੀ ਪਰ ਹਾਲੇ ਤੱਕ ਕੋਈ ਵੀ ਇਸ ਦੀ ਸੁਣਵਾਈ ਨਹੀਂ ਹੋਈ।ਉਨ੍ਹਾਂ ਨੇ ਕਿਹਾ ਕਿ ਗਲੀ ਦੇ ਬਾਹਰ ਹੀ ਚੌਂਕ ਹੋਣ ਦੇ ਕਾਰਨ ਆਏ ਦਿਨ ਕੋਈ ਨਾ ਕੋਈ ਇਥੇ ਸਕੂਟਰ, ਮੋਟਰਸਾਈਕਲ, ਐਕਟਵਾ ਵਾਲਾ ਹਾਦਸੇ ਦਾ ਸ਼ਿਕਾਰ ਹੋ ਰਿਹਾ ਹੈ ਜਿਸ ਕਾਰਨ ਕਿਸੇ ਦਾ ਜਾਨੀ ਨੁਕਸਾਨ ਵੀ ਹੋ ਸਕਦਾ ਹੈ ਕਿਉਂਕਿ ਇਸ ਗਲੀ ਵਿੱਚ ਛੋਟੀਆਂ ਵੱਡੀਆਂ ਦੋਵੇਂ ਹੀ ਗੱਡੀਆਂ ਦੀ ਆਵਾਜਾਈ ਰਹਿੰਦੀ ਹੈ। ਮੁਹੱਲਾ ਨਿਵਾਸੀ ਰਕੇਸ਼ ਕੁਮਾਰ, ਕਰਨ, ਹਰਜੀਤ, ਸਾਗਰ , ਮਨਜੀਤ ਆਦੀ ਨੇ ਨਗਰ ਕੌਂਸਲ ਦੇ ਅਧਿਕਾਰੀਆਂ ਕੋਲੋਂ ਮੰਗ ਕੀਤੀ ਕਿ ਇਸ ਪੁਲੀ ਨੂੰ ਜਲਦੀ ਤੋਂ ਜਲਦੀ ਬਨਵਾਕੇ ਰਾਹਗੀਰਾਂ ਨੂੰ ਰਾਹਤ ਦਿੱਤੀ ਜਾਵੇ ਇਥੇ ਇਹ ਦੱਸਨਯੋਗ ਹੈ ਕਿ ਨਗਰ ਕੌਂਸਲ ਵਿੱਚ ਵੀ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ ਕਿ ਸ਼ਹਿਰ ਵਿੱਚ ਸਫਾਈ ਅਤੇ ਹੋਰ ਜ਼ਰੂਰੀ ਕੰਮਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਪਰ ਇਸ ਪੁਲੀ ਵੱਲ ਪਿਛਲੇ ਕਰੀਬ ਇੱਕ ਹਫਤੇ ਤੋਂ ਕਿਸੇ ਅਧਿਕਾਰੀ ਦਾ ਵੀ ਧਿਆਨ ਨਹੀਂ ਹੈ ਅਤੇ ਸ਼ਾਇਦ ਉਹ ਕੋਈ ਵੱਡੇ ਹਾਦਸੇ ਦੀ ਉਡੀਕ ਕਰ ਰਹੇ ਹਨ।ਇਸ ਸਬੰਧੀ ਵਾਰਡ ਨੰਬਰ 11 ਤੋਂ ਕੌਂਸਲਰ ਗੁਰਮੀਤ ਕੌਰ ਦੇ ਪਤੀ ਵਿਜੇ ਕੁਮਾਰ ਮੱਟੀ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਜਲਦੀ ਹੀ ਇਸ ਕੰਮ ਨੂੰ ਨੇਪਰੇ ਚਾੜ੍ਹ ਦਿੱਤਾ ਜਾਵੇਗਾ।



# ਜ਼ਿਲ੍ਹਾ ਗੁਰਦਾਸਪੁਰ 'ਚ ਐੱਸ. ਆਈ. ਆਰ. ਦਾ ਕੰਮ ਸੌ ਫੀਸਦੀ ਮੁਕੰਮਲ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਜ਼ਿਲ੍ਹਾ ਗੁਰਦਾਸਪੁਰ 'ਚ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ ਦਾ ਕੰਮ 100 ਫੀਸਦੀ ਮੁਕੰਮਲ ਹੋ ਗਿਆ ਹੈ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ, ਗੁਰਦਾਸਪੁਰ ਆਦਿਤਿਆ ਉਪਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਨੇ ਐੱਸ. ਆਈ. ਆਰ- 2026 ਦੀ ਪ੍ਰਕਿਰਿਆ ਪੂਰੀ ਕਰ ਲਈ ਹੈ।ਉਨ੍ਹਾਂ ਦੱਸਿਆ ਕਿ 13 ਸਤੰਬਰ ਨੂੰ ਪ੍ਰਕਾਸ਼ਿਤ ਖਰੜਾ ਵੋਟਰ ਸੂਚੀ ਵਿੱਚ 11,85,209 ਵੋਟਰ ਸਨ।ਇਨ੍ਹਾਂ ਵਿੱਚੋਂ 1,76,085 ਵੋਟਰਾਂ ਨੂੰ ਨੋਟਿਸ ਜਾਰੀ ਕੀਤੇ ਗਏ ਸਨ ਕਿਉਂਕਿ ਇਨ੍ਹਾਂ ਵੋਟਰਾਂ ਦਾ ਵੇਰਵਾ ਪਿਛਲੇ ਐੱਸ. ਆਈ. ਆਰ. ਡੇਟਾ ਨਾਲ ਮੇਲ ਨਹੀਂ ਖਾਂਦਾ ਸੀ ਜਾਂ ਉਨ੍ਹਾਂ ਦੇ ਵੇਰਵਿਆਂ ਵਿੱਚ ਤਰਕਪੂਰਨ ਖ਼ਾਮੀਆਂ ਸਨ।ਉਨ੍ਹਾਂ ਦੱਸਿਆ ਕਿ ਸੁਣਵਾਈ ਦੀ ਪ੍ਰਕਿਰਿਆ 100 ਫੀਸਦੀ ਮੁਕੰਮਲ ਕਰਨ ਤੋਂ ਬਾਅਦ, 1,72,938 ਵੋਟਰਾਂ ਨੂੰ ਯੋਗ ਕਰਾਰ ਦਿੱਤਾ ਗਿਆ ਅਤੇ 12 ਅਕਤੂਬਰ 2026 ਨੂੰ ਪ੍ਰਕਾਸ਼ਿਤ ਹੋਣ ਵਾਲੀ ਅੰਤਿਮ ਵੋਟਰ ਸੂਚੀ ਵਿੱਚ ਸ਼ਾਮਲ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਦਾਅਵਿਆਂ ਅਤੇ ਇਤਰਾਜ਼ਾਂ ਦੀ ਮਿਆਦ ਦੌਰਾਨ ਨਾਮ ਸ਼ਾਮਲ ਕਰਨ ਲਈ ਲੱਗਭਗ 65782 ਨਵੇਂ ਦਾਅਵੇ ਪ੍ਰਾਪਤ ਹੋਏ ਸਨ।ਇਨ੍ਹਾਂ ਵਿੱਚੋਂ ਸਿਰਫ਼ 13765 ਦਾਅਵੇ ਹੀ ਬਕਾਇਆ ਹਨ ਅਤੇ ਇਹ ਕੰਮ 5 ਅਕਤੂਬਰ 2026 ਤੱਕ ਮੁਕੰਮਲ ਕਰ ਲਿਆ ਜਾਵੇਗਾ ਤਾਂ ਜੋ ਅੰਤਿਮ ਵੋਟਰ ਸੂਚੀ ਸਮੇਂ ਸਿਰ ਛਾਪੀ ਜਾ ਸਕੇ ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਇਹ ਯਕੀਨੀ ਬਣਾਉਣ ਲਈ ਕਿ ਹਰੇਕ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਹੋਵੇ, ਵੋਟਰਾਂ ਦੀ ਸਹੂਲਤ ਲਈ ਬੂਥ ਪੱਧਰੀ ਅਫਸਰ ਦਾਅਵਿਆਂ ਅਤੇ ਇਤਰਾਜ਼ਾਂ ਦੇ ਮਾਮਲਿਆਂ ਵਿੱਚ ਵੋਟਰਾਂ ਨਾਲ ਸੰਪਰਕ ਕਰਨਗੇ ਅਤੇ ਲੋੜੀਂਦੇ ਦਸਤਾਵੇਜ਼ ਸਿੱਧੇ ਉਨ੍ਹਾਂ ਤੋਂ ਇਕੱਤਰ ਕਰਨਗੇ। ਇਸ ਪ੍ਰਬੰਧ ਨਾਲ ਵੋਟਰਾਂ ਨੂੰ ਦਸਤਾਵੇਜ਼ ਜਮ੍ਹਾਂ ਕਰਵਾਉਣ ਲਈ ਚੋਣ ਰਜਿਸਟਰੇਸ਼ਨ ਅਫਸਰਾਂ ਦੇ ਦਫ਼ਤਰਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਵੋਟਰਾਂ ਦੀ ਸਹੂਲਤ ਅਤੇ ਵੋਟਰ ਸੂਚੀ ਨਾਲ ਸਬੰਧਤ ਉਨ੍ਹਾਂ ਦੇ ਸਵਾਲਾਂ ਅਤੇ ਸ਼ੰਕਿਆਂ ਦੇ ਨਿਪਟਾਰੇ ਲਈ ਜ਼ਿਲ੍ਹੇ ਭਰ ਵਿੱਚ ਜ਼ਿਲ੍ਹਾ ਚੋਣ ਅਫ਼ਸਰ ਅਤੇ ਚੋਣ ਰਜਿਸਟਰੇਸ਼ਨ ਅਫ਼ਸਰਾਂ ਦੇ ਦਫ਼ਤਰਾਂ ਵਿੱਚ ਹੈਲਪ ਡੈਸਕ ਵੀ ਸਥਾਪਿਤ ਕੀਤੇ ਗਏ ਹਨ। ਸ੍ਰੀ ਆਦਿਤਿਆ ਉੱਪਲ ਨੇ ਕਿਹਾ ਕਿ ਜ਼ਿਲ੍ਹਾ ਚੋਣ ਅਫ਼ਸਰ, ਗੁਰਦਾਸਪੁਰ ਦਾ ਦਫ਼ਤਰ, ਸਮੁੱਚੇ ਚੋਣ ਅਮਲੇ ਦੇ ਸਹਿਯੋਗ ਨਾਲ, ਇਸ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਸਮੇਂ ਸਿਰ ਮੁਕੰਮਲ ਕਰਨ ਲਈ ਪੂਰੀ ਵਾਹ ਲਾ ਰਿਹਾ ਹੈ।ਉਨ੍ਹਾਂ ਨੇ ਸਾਰੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬੀ. ਐੱਲ. ਓਜ਼ ਅਤੇ ਹੋਰ ਚੋਣ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਦੇਣ ਅਤੇ ਚੋਣ ਪ੍ਰਕਿਰਿਆ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਵਿੱਚ ਸਹਾਇਤਾ ਲਈ ਲੋੜ ਪੈਣ ਤੇ ਲੋੜੀਂਦੇ ਦਸਤਾਵੇਜ਼ ਤੇ ਜਾਣਕਾਰੀ ਮੁਹੱਈਆ ਕਰਵਾਉਣ।



# ਜੀਓ ਬਾਲਾ 'ਚ ਚਾਲੀ ਤੋਂ ਵੱਧ ਪਰਿਵਾਰ ਕਾਂਗਰਸ 'ਚ ਸ਼ਾਮਲ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਪਿੰਡ ਜੀਓ ਬਾਲਾ ਵਿਖੇ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਵੱਖ-ਵੱਖ ਪਾਰਟੀਆਂ ਨਾਲ ਸਬੰਧਤ 45 ਪਰਿਵਾਰਾਂ ਨੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਨੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਅਤੇ ਸ. ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਵਿੱਚ ਭਰੋਸਾ ਪ੍ਰਗਟਾਇਆ।ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਸਰਵਣ ਸਿੰਘ, ਸਾਹਿਬ ਸਿੰਘ, ਗੁਰਨਾਮ ਸਿੰਘ, ਅਰਸ਼ਦੀਪ ਸਿੰਘ, ਗੁਰਬਚਨ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਸੇਵਕ ਸਿੰਘ, ਸੁਖਰਾਜ ਸਿੰਘ, ਗੁਰਲਾਲ ਸਿੰਘ, ਯੋਗਰਾਜ ਸਿੰਘ, ਸਾਜਨ ਸਿੰਘ, ਰਸ਼ਪਾਲ ਸਿੰਘ, ਨਿਸ਼ਾਨ ਸਿੰਘ, ਕਰਮਜੀਤ ਸਿੰਘ, ਗੁਰਦੇਵ ਸਿੰਘ, ਰਾਜਵੀਰ ਸਿੰਘ, ਗੁਰਪ੍ਰੀਤ ਸਿੰਘ, ਹਰਦੀਪ ਸਿੰਘ, ਬੋਹੜ ਸਿੰਘ, ਸਰੂਪ ਸਿੰਘ, ਪਿਆਰਾ ਸਿੰਘ, ਸੁਖਰਾਜ ਸਿੰਘ, ਸਕੱਤਰ ਸਿੰਘ, ਸਤਨਾਮ ਸਿੰਘ, ਦਿਲਬਾਗ ਸਿੰਘ, ਅਮਨ ਸਿੰਘ, ਚਰਨਜੀਤ ਸਿੰਘ, ਮਨਜੀਤ ਸਿੰਘ, ਸੋਨੀ ਸਿੰਘ, ਸੁਖਦੇਵ ਸਿੰਘ, ਕਾਬਲ ਸਿੰਘ ਠੇਕੇਦਾਰ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਸੁਖਦੇਵ ਸਿੰਘ, ਦਲਬਾਗ ਸਿੰਘ, ਸਤਨਾਮ ਸਿੰਘ, ਮੱਸਾ ਸਿੰਘ, ਜੋਗਿੰਦਰ ਸਿੰਘ, ਪੂਰਨ ਸਿੰਘ, ਸੁੱਖਾ ਸਿੰਘ, ਬਲਕਾਰ ਸਿੰਘ, ਬਾਊ ਸਿੰਘ, ਸਰਵਣ ਸਿੰਘ, ਜਗੀਰ ਸਿੰਘ ਅਤੇ ਲਾਲ ਸਿੰਘ ਆਦਿ ਸ਼ਾਮਲ ਹਨ।ਇਸ ਮੌਕੇ ਕਾਂਗਰਸ ਪਾਰਟੀ ਦੇ ਆਗੂ ਸਰਪੰਚ ਕੈਪਟਨ ਸੁਖਵੰਤ ਸਿੰਘ, ਅਰਜਿੰਦਰ ਸਿੰਘ, ਹਰਦਿਆਲ ਸਿੰਘ ਸੰਧੂ, ਗੁਰਵਿੰਦਰ ਸਿੰਘ, ਸੁਖਵਿੰਦਰ ਸਿੰਘ ਸੋਨੀ, ਸੰਦੀਪ ਸਿੰਘ, ਚੇਅਰਮੈਨ ਸੁਖਚੈਨ ਸਿੰਘ, ਜਸਵਿੰਦਰ ਸਿੰਘ ਜੱਸੂ ਅਤੇ ਜਤਿੰਦਰ ਸਿੰਘ ਸਮੇਤ ਹੋਰ ਕਾਂਗਰਸੀ ਆਗੂ ਅਤੇ ਵਰਕਰ ਮੌਜੂਦ ਸਨ।

# ਮਾਣ-ਭੱਤਾ ਵਰਕਰਜ਼ ਸਾਂਝਾ ਮੋਰਚਾ ਵੱਲੋਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਾਣ ਭੱਤਾ ਦੁਗਣਾ ਕਰਨ ਦੀ ਗਾਰੰਟੀ ਪੂਰੇ ਨਾ ਕੀਤੇ ਜਾਣ ਅਤੇ ਹੋਰ ਮੰਗਾਂ ਨੂੰ ਨਜ਼ਰਅੰਦਾਜ਼ ਕੀਤੇ ਜਾਣ ਦੇ ਰੋਸ ਵਿੱਚ ਮਾਣਭੱਤਾ ਵਰਕਰਜ਼ ਸਾਂਝਾ ਮੋਰਚਾ ਵੱਲੋਂ ਦਿੱਤੇ ਸੱਦੇ ਤਹਿਤ ਬਾਬਾ ਬਕਾਲਾ ਤਹਿਸੀਲ ਦੀਆਂ ਮਿਡ ਡੇ ਮੀਲ ਅਤੇ ਆਸ਼ਾ ਵਰਕਰਾਂ ਵੱਲੋਂ ਸਥਾਨਕ ਬੱਸ ਅੱਡਾ ਬਾਬਾ ਬਕਾਲਾ ਵਿਖੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਰਥੀ ਫੂਕੀ ਗਈ।ਇਸ ਮੌਕੇ ਇਕੱਤਰ ਹੋਈਆਂ ਸੈਂਕੜੇ ਮਾਣ ਭੱਤਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਪਰਮਜੀਤ ਕੌਰ ਮਾਨ, ਮਮਤਾ ਸ਼ਰਮਾਂ ਅਤੇ ਸਰਬਜੀਤ ਕੌਰ ਛੱਜਲਵੱਡੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਤੋਂ ਪਹਿਲਾਂ ਮਿਡ ਡੇ ਮੀਲ ਅਤੇ ਆਸ਼ਾ ਵਰਕਰਾਂ ਨੂੰ ਦਿੱਤੇ ਜਾ ਰਹੇ ਨਿਗੂਣੇ ਮਾਣ ਭੱਤਿਆਂ ਨੂੰ ਦੁੱਗਣਾ ਕਰਨ ਦਾ ਵਾਅਦਾ ਕੀਤਾ ਗਿਆ ਸੀ ਪ੍ਰੰਤੂ ਸੱਤਾ ਵਿੱਚ ਆਉਣ ਤੋਂ ਬਾਅਦ ਭਗਵੰਤ ਮਾਨ ਸਰਕਾਰ ਇਨ੍ਹਾਂ ਵਰਕਰਾਂ ਨਾਲ ਕੀਤੇ ਹੋਏ ਸਾਰੇ ਵਾਅਦਿਆਂ ਤੋਂ ਮੁੱਕਰ ਗਈ ਹੈ ਅਤੇ ਸਾਢੇ ਚਾਰ ਸਾਲ ਬੀਤਣ ਤੋਂ ਬਾਅਦ ਵੀ ਇਨ੍ਹਾਂ ਦੇ ਨਿਗੂਣੇ ਮਾਣ ਭੱਤੇ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ।ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਮਾਣ ਭੱਤਾ ਵਰਕਰਾਂ ਨੂੰ ਘੱਟੋ-ਘੱਟ ਉਜਰਤਾਂ ਅਨੁਸਾਰ ਤਨਖਾਹਾਂ ਨਾ ਦੇਣ, ਆਸ਼ਾ ਤੇ ਮਿਡ-ਡੇ-ਮੀਲ ਵਰਕਰਾਂ ਨੂੰ ਸੇਵਾ ਮੁਕਤੀ ਮੌਕੇ ਘਰਾਂ ਨੂੰ ਖਾਲੀ ਤੋਰਨ ਅਤੇ ਮੁਲਾਜ਼ਮਾਂ ਵਾਲੀਆਂ ਸਹੂਲਤਾਂ ਨਾ ਦੇਣ ਕਾਰਨ ਪੰਜਾਬ ਭਰ ਦੀਆਂ ਹਜ਼ਾਰਾਂ ਮਾਣਭੱਤਾ ਵਰਕਰਾਂ ਦੇ ਸਬਰ ਦਾ ਪਿਆਲਾ ਭਰ ਚੁੱਕਾ ਹੈ ਜਿਸ ਦੇ ਰੋਸ ਵਜੋਂ ਅੱਜ ਸਮੁੱਚੇ ਪੰਜਾਬ ਵਿੱਚ ਪੰਜਾਬ ਸਰਕਾਰ ਦੀਆਂ ਅਰਥੀਆਂ ਸਾੜੀਆਂ ਜਾ ਰਹੀਆਂ ਹਨ।ਮਾਣ ਭੱਤਾ ਮੋਰਚੇ ਦੀਆਂ ਆਗੂਆਂ ਰਣਜੀਤ ਦੁਲਾਰੀ, ਹਰਪ੍ਰੀਤ ਕੌਰ ਰਜਧਾਨ, ਜਸਵਿੰਦਰ ਕੌਰ ਮਹਿਤਾ, ਸੀਮਾ ਖਿਲਚੀਆਂ, ਬਲਜੀਤ ਕੌਰ ਬੁਲੇਨੰਗਲ, ਸਵਿੰਦਰ ਕੌਰ ਖਿਲਚੀਆਂ, ਬਿਮਲਜੀਤ ਕੌਰ ਬੂਲੇਨੰਗਲ, ਜੋਤ ਕੌਰ ਮਹਿਤਾ, ਸਰਬਜੀਤ ਕੌਰ ਉਦੋਨੰਗਲ, ਨਿਰਮਲ ਕੌਰ ਦਾਊਦ, ਕਰਮਜੀਤ ਕੌਰ ਗਦਲੀ, ਮਨਪ੍ਰੀਤ ਕੌਰ ਜੋਧਾਨਗਰੀ, ਰਵਿੰਦਰ ਕੌਰ ਡਿਹਰੀਵਾਲਾ, ਮਨਜੀਤ ਕੌਰ ਟਪਿਆਲਾ, ਸੁਖਵਿੰਦਰ ਕੌਰ ਹਸਨਪੁਰ, ਤੇਜਿੰਦਰ ਕੌਰ ਤਾਰਾਗੜ੍ਹ, ਸਮਨਦੀਪ ਕੌਰ ਚੌਹਾਨ ਅਤੇ ਬੇਵੀ ਲਿੱਧੜ ਨੇ ਮੰਗ ਕੀਤੀ ਕਿ ਮਾਣਭੱਤਾ ਵਰਕਰਾਂ ਦੇ ਭੱਤਿਆਂ ਨੂੰ ਤੁਰੰਤ ਦੁੱਗਣਾ ਕਰਕੇ ਪਿਛਲੇ ਸਾਢੇ ਚਾਰ ਸਾਲਾਂ ਦੇ ਬਕਾਏ ਦਿੱਤੇ ਜਾਣ, ਸਮੂਹ ਸਕੀਮ ਵਰਕਰਾਂ ਨੂੰ ਘੱਟੋ-ਘੱਟ ਉਜ਼ਰਤਾਂ ਦੇ ਘੇਰੇ ਵਿੱਚ ਲਿਆਂਦਾ ਜਾਵੇ, ਸੇਵਾ ਮੁਕਤੀ 'ਤੇ ਆਸ਼ਾ ਅਤੇ ਮਿਡ ਡੇ ਮੀਲ ਵਰਕਰਾਂ ਨੂੰ 5 ਲੱਖ ਦੀ ਗਰੈਚੁਟੀ ਸਮੇਤ ਪ੍ਰਤੀ ਮਹੀਨਾ 9 ਹਜ਼ਾਰ ਰੁਪਏ ਪੈਨਸ਼ਨ ਦਿੱਤੀ ਜਾਵੇ ਅਤੇ ਸਕੀਮ ਵਰਕਰਾਂ ਦਾ ਈ.ਐੱਸ.ਆਈ. ਅਤੇ ਈ.ਪੀ.ਐੱਫ. ਕੱਟਿਆ ਜਾਵੇ।



ਨਵਾਂ ਜ਼ਮਾਨਾ
ਸ਼ਨੀਵਾਰ, 3 ਅਕਤੂਬਰ 2026

# ਪੁਲਸ ਦਾ ਰਵੱਈਆ

ਯੂ ਪੀ ਦੀ ਪੁਲਸ ਕਿਸ ਤਰ੍ਹਾਂ ਕੰਮ ਕਰਦੀ ਹੈ, ਇਸ ਦੀ ਮਿਸਾਲ ਬੀਤੇ ਦਿਨੀਂ ਸੁਪਰੀਮ ਕੋਰਟ ਵਿੱਚ ਇੱਕ ਮਾਮਲੇ ਦੀ ਸੁਣਵਾਈ ਦੌਰਾਨ ਮਿਲੀ। ਬੁਲੰਦਸ਼ਹਿਰ ਵਿੱਚ ਇੱਕ ਔਰਤ ਨਾਲ ਛੇੜਛਾੜ ਦੇ ਮਾਮਲੇ ਵਿੱਚ ਪੁਲਸ ਦੇ ਜਾਂਚ ਕਰਨ ਦੇ ਤਰੀਕੇ ਤੋਂ ਜਸਟਿਸ ਸੰਜੇ ਕੁਮਾਰ ਤੇ ਜਸਟਿਸ ਸੰਜੀਵ ਸਚਦੇਵਾ ਦੀ ਬੈਂਚ ਏਨੀ ਖਫਾ ਹੋਈ ਕਿ ਉਸ ਨੇ ਇੱਥੋਂ ਤੱਕ ਕਹਿ ਦਿੱਤਾ ਕਿ ਅਜਿਹਾ ਲਗਦਾ ਹੈ ਕਿ ਸੂਬੇ ਵਿੱਚ ਸਾਰੀਆਂ ਪੜਤਾਲਾਂ ਸੀ ਬੀ ਆਈ ਨੂੰ ਸੌਂਪ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ। ਖ਼ੁਦ ਪੇਸ਼ ਹੋਈ ਔਰਤ ਨੇ ਬੈਂਚ ਨੂੰ ਦੱਸਿਆ ਕਿ ਇੱਕ ਮੋਟਰਸਾਈਕਲ ਸਵਾਰ ਨੇ ਉਸ ਨਾਲ ਬਦਸਲੂਕੀ ਕੀਤੀ ਅਤੇ ਉਸ ਨੇ ਉਸ ਨੂੰ ਫੜ ਲਿਆ ਅਤੇ ਮੌਕੇ 'ਤੇ ਸਥਾਨਕ ਪੁਲਸ ਦੇ ਹਵਾਲੇ ਕਰ ਦਿੱਤਾ। ਇਸ ਦੇ ਬਾਵਜੂਦ ਪੁਲਸ ਨੇ ਇੱਕ 'ਅਣਜਾਣ' ਮੋਟਰਸਾਈਕਲ ਸਵਾਰ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਅਤੇ ਮੁਲਜ਼ਮ ਵਾਲਾ ਕਾਲਮ ਖਾਲੀ ਛੱਡ ਦਿੱਤਾ। ਪਟੀਸ਼ਨਰ ਨੇ ਇਹ ਵੀ ਦੋਸ਼ ਲਗਾਇਆ ਕਿ ਜਦੋਂ ਇਲਾਹਾਬਾਦ ਹਾਈ ਕੋਰਟ ਨੇ ਮਾਮਲੇ ਵਿੱਚ ਸਟੇਟਸ ਰਿਪੋਰਟ ਦੀ ਮੰਗ ਕੀਤੀ ਤਾਂ ਪੁਲਸ ਨੇ ਆਪਣਾ ਰੁਖ਼ ਬਦਲ ਲਿਆ ਅਤੇ ਮੋਟਰਸਾਈਕਲ ਸਵਾਰ ਦਾ ਨਾਂਅ 'ਤੁਸ਼ਾਰ' ਚਾਰਜਸ਼ੀਟ ਵਿੱਚ ਸ਼ਾਮਲ ਕਰ ਦਿੱਤਾ। ਬਾਅਦ ਵਿੱਚ ਉਸ ਨੂੰ ਕਲੀਨ ਚਿੱਟ ਦੇ ਦਿੱਤੀ ਗਈ। ਪਟੀਸ਼ਨਰ ਨੇ ਅੱਗੇ ਦਾਅਵਾ ਕੀਤਾ ਕਿ ਜਦੋਂ ਮੋਟਰਸਾਈਕਲ ਜ਼ਬਤ ਕੀਤਾ ਗਿਆ ਸੀ ਤਾਂ ਉਸ ਦੀ ਕੋਈ ਨੰਬਰ ਪਲੇਟ ਨਹੀਂ ਸੀ। ਜਾਂਚ ਦੌਰਾਨ ਇਸ ਨੂੰ ਕਥਿਤ ਤੌਰ 'ਤੇ ਰਹੱਸਮਈ ਢੰਗ ਨਾਲ ਇੱਕ ਰਜਿਸਟ੍ਰੇਸ਼ਨ ਨੰਬਰ ਵੀ ਦਿੱਤਾ ਗਿਆ। ਸ਼ੁਰੂਆਤੀ ਪੁਲਸ ਰਿਪੋਰਟ ਪੱਖਪਾਤੀ ਸੀ ਅਤੇ ਬਾਅਦ ਵਿੱਚ ਮੁਲਜ਼ਮ ਨੂੰ ਕਲੀਨ ਚਿੱਟ ਦੇ ਦਿੱਤੀ ਗਈ। ਏਨਾ ਸੁਣਦਿਆਂ ਫਾਜ਼ਲ ਜੱਜਾਂ ਨੇ ਪੁਲਸ 'ਤੇ ਵਰ੍ਹਦਿਆਂ ਕਿਹਾ, "ਤੁਹਾਡਾ ਹਰ ਚੀਜ਼ ਵਿੱਚ ਇੱਕ ਏਜੰਡਾ ਹੁੰਦਾ ਹੈ। ਜੇ ਤੁਸੀਂ ਇਸ ਤਰ੍ਹਾਂ ਮਾਮਲਿਆਂ ਨੂੰ ਸੰਭਾਲਦੇ ਹੋ ਤਾਂ ਲੋਕ ਤੁਹਾਡੇ 'ਤੇ ਕਿਵੇਂ ਭਰੋਸਾ ਕਰਨਗੇ? ਸਾਡੇ ਲਈ ਬਿਹਤਰ ਹੋਵੇਗਾ ਕਿ ਅਸੀਂ ਸੀ ਬੀ ਆਈ ਨੂੰ ਯੂ ਪੀ ਪੁਲਸ ਦੀਆਂ ਸਾਰੀਆਂ ਪੜਤਾਲਾਂ ਵਿੱਚ ਦਖਲ ਦੇਣ ਲਈ ਕਹੀਏ। ਸਾਡੇ ਲਈ ਬਿਹਤਰ ਹੋਵੇਗਾ ਕਿ ਅਸੀਂ ਯੂ ਪੀ ਪੁਲਸ ਨੂੰ ਹੀ ਭੰਗ ਕਰ ਦੇਈਏ। ਇਹ ਬਕਵਾਸ ਕਿਸੇ ਸਮੇਂ ਬੰਦ ਹੋਣੀ ਚਾਹੀਦੀ ਹੈ।" ਪੁਲਸ ਦੇ ਵਕੀਲ ਨੂੰ ਸਿੱਧੇ ਤੌਰ 'ਤੇ ਸਵਾਲ ਕਰਦੇ ਹੋਏ, ਬੈਂਚ ਨੇ ਪੁੱਛਿਆ, "ਤੁਸੀਂ ਮੁਲਜ਼ਮ ਨੂੰ ਮੌਕੇ 'ਤੇ ਫੜ ਲੈਂਦੇ ਹੋ, ਪਰ ਉਸ ਦਾ ਨਾਂਅ ਐੱਫ ਆਈ ਆਰ ਵਿੱਚ ਨਹੀਂ ਦਰਜ ਕਰਨਾ ਚਾਹੁੰਦੇ। ਸ਼ਾਇਦ ਜੇ ਸਮੀਕਰਨ ਤੁਹਾਡੇ ਹੱਕ ਵਿੱਚ ਕੰਮ ਕਰਦਾ ਹੈ ਤਾਂ ਤੁਸੀਂ ਨਾਂਅ ਬਦਲ ਸਕਦੇ ਹੋ ਅਤੇ ਕਿਸੇ ਹੋਰ ਦਾ ਨਾਂਅ ਲੈ ਸਕਦੇ ਹੋ। ਕੀ ਇਸ ਤਰ੍ਹਾਂ ਹੀ ਚਲਦਾ ਹੈ?" ਬੈਂਚ ਨੇ ਯੂ ਪੀ ਪੁਲਸ ਦੇ ਜਵਾਬੀ ਹਲਫਨਾਮੇ ਨੂੰ ਬਿਲਕੁਲ ਨਿਰਾਸ਼ਾਜਨਕ ਦੱਸਦਿਆਂ ਪੁਲਸ ਅਧਿਕਾਰੀ ਨੂੰ ਅਗਲੀ ਸੁਣਵਾਈ 'ਤੇ ਪੇਸ਼ ਹੋਣ ਅਤੇ ਇਹ ਦੱਸਣ ਦਾ ਨਿਰਦੇਸ਼ ਦਿੱਤਾ ਕਿ ਜਦੋਂ ਮੋਟਰਸਾਈਕਲ ਸਵਾਰ ਨੂੰ ਮੌਕੇ 'ਤੇ ਗ੍ਰਿਫਤਾਰ ਕੀਤਾ ਗਿਆ ਸੀ ਤਾਂ ਉਸ ਦਾ ਨਾਂਅ ਐੱਫ ਆਈ ਆਰ ਵਿੱਚ ਅਣਜਾਣ ਕਿਉਂ ਦਰਜ ਕੀਤਾ ਗਿਆ ਸੀ। ਤੁਸ਼ਾਰ ਨਾਂਅ ਬਾਅਦ ਵਿੱਚ ਕਿਉਂ ਜੋੜਿਆ ਗਿਆ। ਬੈਂਚ ਨੇ ਨਵਾਂ ਹਲਫਨਾਮਾ ਦਾਇਰ ਕਰਨ ਦੇ ਵੀ ਨਿਰਦੇਸ਼ ਦਿੱਤੇ।

ਦਰਅਸਲ ਇਹ ਮਾਮਲਾ ਸਿਰਫ ਯੂ ਪੀ ਦਾ ਨਹੀਂ, ਹੋਰਨਾਂ ਰਾਜਾਂ ਦੀ ਪੁਲਸ ਦਾ ਵਿਹਾਰ ਵੀ ਇਸੇ ਤਰ੍ਹਾਂ ਦਾ ਹੁੰਦਾ ਹੈ। ਅਦਾਲਤਾਂ ਸਮੇਂ-ਸਮੇਂ ਸਿਰ ਪੁਲਸ ਨੂੰ ਝਾੜਾਂ ਪਾਉਂਦੀਆਂ ਹਨ, ਪਰ ਪੁਲਸ ਦਾ ਸਿਆਸੀਕਰਨ ਹੀ ਏਨਾ ਹੋ ਚੁੱਕਾ ਹੈ ਕਿ ਇਨ੍ਹਾਂ ਝਾੜਾਂ ਦਾ ਕੋਈ ਅਸਰ ਨਹੀਂ ਹੁੰਦਾ। ਅਦਾਲਤਾਂ ਨੂੰ ਐਸੇ ਇਬਰਤਨਾਕ ਫੈਸਲੇ ਕਰਨੇ ਪੈਣਗੇ, ਜਿਸ ਤੋਂ ਬਾਅਦ ਪੁਲਸ ਨੇਮ-ਕਾਨੂੰਨ ਤੋਂ ਬਾਹਰ ਜਾਣ ਤੋਂ ਪਹਿਲਾਂ ਦੋ ਵਾਰ ਸੋਚੇ। ਸਿਰਫ ਝਾੜ ਪਾਉਣ ਨਾਲ ਗੱਲ ਨਹੀਂ ਬਣਨੀ।

# ਚੋਣਾਂ ਲੋਕਤੰਤਰ ਦਾ ਪਵਿੱਤਰ ਤਿਉਹਾਰ ਨਹੀਂ ਰਹੀਆਂ



ਜਗਜੀਤ ਸਿੰਘ

2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਸਮੇਤ ਕਈ ਸੂਬਿਆਂ ਦੇ ਚੋਣ ਦੰਗਲ ਨੇੜੇ ਆਉਂਦਿਆਂ ਹੀ ਸਾਰੀਆਂ ਸਿਆਸੀ ਧਿਰਾਂ ਮੁੜ ਲੋਕ-ਪੱਖੀ ਏਜੰਡਿਆਂ, ਗਾਰੰਟੀਆਂ ਅਤੇ ਸਬਜ਼ਬਾਗ਼ਾਂ ਦੀਆਂ ਪੰਡਾਂ ਖੋਲ੍ਹਣ ਵਿੱਚ ਜੁੱਟ ਗਈਆਂ ਹਨ, ਪਰ ਜ਼ਮੀਨੀ ਸੱਚਾਈ ਇਹ ਹੈ ਕਿ ਭ੍ਰਿਸ਼ਟਾਚਾਰ ਦਾ ਜਾਲ ਅਜਿਹਾ ਫੈਲ ਚੁੱਕਾ ਹੈ ਕਿ ਖਿਡਾਰੀ ਬਦਲਦੇ ਰਹਿਣਗੇ, ਪਰ ਖੇਡ ਦੇ ਆਯੋਜਕ, ਨਿਯਮ ਅਤੇ ਨਤੀਜਾ ਉਹੀ ਰਹੇਗਾ।

ਹਰ ਪੰਜ ਸਾਲ ਬਾਅਦ ਸਿਆਸੀ ਮੰਚਾਂ ਤੋਂ ਬਦਲਾਅ ਦੇ ਨਾਅਰੇ ਗੂੰਜਦੇ ਹਨ, ਚੋਣ ਮੈਦਾਨਾਂ ਵਿੱਚ ਕੁਰਸੀਆਂ ਦੇ ਦਾਅਵੇਦਾਰ ਬਦਲਦੇ ਹਨ, ਪਰ ਆਮ ਲੋਕਾਂ ਦੀ ਕਿਸਮਤ ਵਿੱਚ ਉਹੀ ਬੇਵਸੀ, ਉਹੀ ਕਤਾਰਾਂ ਅਤੇ ਉਹੀ ਲੁੱਟ ਲਿਖੀ ਰਹਿੰਦੀ ਹੈ। ਸੱਚਾਈ ਬੇਹੱਦ ਕੁੜੱਤਣ ਭਰੀ ਹੈ: ਸਾਡਾ ਗੁੱਸਾ ਸਿਰਫ਼ ਮੋਹਰਿਆਂ 'ਤੇ ਨਿਕਲਦਾ ਹੈ, ਜਦਕਿ ਸ਼ਤਰੰਜ ਦੀ ਪੂਰੀ ਬਿਸਾਤ ਵਿਛਾਉਣ ਦਾ ਤਰੀਕਾ ਹੀ ਗ਼ਲਤ ਹੈ।

ਇਸ ਖੇਡ ਦੀ ਨਿਰਪੱਖਤਾ 'ਤੇ ਸਭ ਤੋਂ ਵੱਡਾ ਸਵਾਲ ਉਦੋਂ ਖੜ੍ਹਾ ਹੁੰਦਾ ਹੈ, ਜਦੋਂ ਅੰਪਾਇਰ, ਅਰਥਾਤ 'ਚੋਣ ਕਮਿਸ਼ਨ' ਦੀ ਨਿਰਪੱਖਤਾ ਅਤੇ ਭਰੋਸੇਯੋਗਤਾ ਬਾਰੇ ਹੀ ਜਨਤਕ ਸਵਾਲ ਉਠਣ ਲੱਗਣ। 26ਵੇਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਕਾਰਜਕਾਲ ਦੌਰਾਨ ਵੋਟਰ ਸੂਚੀਆਂ ਦੀ ਸੋਧ, ਨਾਵਾਂ ਦੀ ਕਟੌਤੀ ਅਤੇ ਚੋਣ ਪ੍ਰਕਿਰਿਆ ਨਾਲ ਜੁੜੇ ਕੁਝ ਹੋਰ ਮੁੱਦਿਆਂ ਨੂੰ ਲੈ ਕੇ ਵਿਰੋਧੀ ਧਿਰਾਂ ਅਤੇ ਹੋਰ ਆਲੋਚਕਾਂ ਵੱਲੋਂ ਸਵਾਲ ਉਠਾਏ ਗਏ ਹਨ। ਲੋਕਤੰਤਰ ਵਿੱਚ ਚੋਣ ਕਮਿਸ਼ਨ ਦੀ ਸਭ ਤੋਂ ਵੱਡੀ ਪੂੰਜੀ ਲੋਕਾਂ ਦਾ ਭਰੋਸਾ ਹੈ, ਇਸ ਲਈ ਜਦੋਂ ਉਸ ਦੀ ਨਿਰਪੱਖਤਾ ਬਾਰੇ ਸਵਾਲ ਉਠਣ, ਤਾਂ ਉਨ੍ਹਾਂ ਦਾ ਸੱਪਸ਼ਟ ਅਤੇ ਤੱਥ-ਆਧਾਰਿਤ ਜਵਾਬ ਦੇਣਾ ਸੰਸਥਾਗਤ ਭਰੋਸੇ ਲਈ ਬੇਹੱਦ ਜ਼ਰੂਰੀ ਹੋ ਜਾਂਦਾ ਹੈ।

ਸਿਆਸੀ-ਕਾਰਪੋਰੇਟ ਗਠਜੋੜ:ਚੋਣਾਂ ਲੋਕਤੰਤਰ ਦਾ ਪਵਿੱਤਰ ਤਿਉਹਾਰ ਨਹੀਂ ਰਹੀਆਂ, ਸਗੋਂ ਕਾਰਪੋਰੇਟ ਘਰਾਣਿਆਂ ਲਈ ਮੁਨਾਫ਼ਾ ਕਮਾਉਣ ਅਵਸਰ ਬਣ ਚੁੱਕੀਆਂ ਹਨ। ਹਜ਼ਾਰਾਂ ਕਰੋੜ ਰੁਪਏ ਪਾਣੀ ਵਾਂਗ ਵਹਾਏ ਜਾਂਦੇ ਹਨ। ਇਹ ਪੈਸਾ ਕੋਈ ਲੋਕ-ਭਲਾਈ ਲਈ ਨਹੀਂ ਦਿੰਦਾ; ਇਹ ਸਿੱਧਾ ਨਿਵੇਸ਼ ਹੁੰਦਾ ਹੈ। ਸੱਤਾ ਦੀ ਕੁਰਸੀ ਸੰਭਾਲਦਿਆਂ ਹੀ ਕੌਮੀ ਨੀਤੀਆਂ ਉਨ੍ਹਾਂ ਬੰਦ ਕਮਰਿਆਂ ਵਿੱਚ ਲਿਖੀਆਂ ਜਾਂਦੀਆਂ ਹਨ, ਜਿੱਥੇ ਆਮ ਜਨਤਾ ਦੇ ਹੱਕਾਂ, ਕੁਦਰਤੀ ਸਰੋਤਾਂ, ਜੰਗਲਾਂ ਅਤੇ ਪਬਲਿਕ ਸੰਪਤੀਆਂ ਨੂੰ ਕੌਡੀਆਂ ਦੇ ਭਾਅ ਵੇਚਣ ਦੇ ਸਮਝੌਤੇ ਹੁੰਦੇ ਹਨ।

**ਕਾਰਪੋਰੇਟ ਚੰਦੇ ਅਤੇ ਕਰਜ਼ਾ ਮੁਆਫ਼ੀ ਦੀ ਚੁਣਾਵੀ ਖੇਡ**

ਸਾਡੇ ਵਿੱਤੀ ਢਾਂਚੇ ਦੀ ਬੇਸ਼ਰਮੀ ਚੋਣਾਂ ਦੇ ਦਿਨਾਂ ਵਿੱਚ ਸਭ ਤੋਂ ਵੱਧ ਨੰਗੀ ਹੁੰਦੀ ਹੈ। ਇੱਕ ਪਾਸੇ ਛੋਟੇ ਕਿਸਾਨ ਜਾਂ ਦੁਕਾਨਦਾਰ ਦੀਆਂ ਕੁਝ ਕਿਸ਼ਤਾਂ ਟੁੱਟਣ 'ਤੇ ਉਸ ਦੇ ਘਰ ਅੱਗੇ ਢੋਲ ਵਜਾ ਕੇ ਜ਼ਮੀਨ ਕੁਰਕ ਕੀਤੀ ਜਾਂਦੀ ਹੈ ਅਤੇ ਉਸ ਨੂੰ ਖ਼ੁਦਕੁਸ਼ੀ ਦੇ ਰਾਹ ਤੋਰਿਆ ਜਾਂਦਾ ਹੈ, ਪਰ ਦੂਜੇ ਪਾਸੇ ਚੋਣਾਂ ਦੌਰਾਨ ਸਿਆਸੀ ਪਾਰਟੀਆਂ ਨੂੰ ਚੋਣ ਬਾਂਡਾਂ ਜਾਂ ਗੁਪਤ ਚੰਦਿਆਂ ਰਾਹੀਂ ਕਰੋੜਾਂ ਰੁਪਏ ਦੇਣ ਵਾਲੇ ਵੱਡੇ ਕਾਰਪੋਰੇਟਾਂ ਦੇ ਲੱਖਾਂ ਕਰੋੜਾਂ ਦੇ ਕਰਜ਼ੇ ਰਾਈਟ-ਆਫ਼ ਅਤੇ ਹੇਅਰਕੱਟ ਦੇ ਪਰਦਿਆਂ ਪਿੱਛੇ ਮੁਆਫ਼ ਕਰ ਦਿੱਤੇ ਜਾਂਦੇ ਹਨ। ਇਹ ਚੋਣਾਂ ਜਿੱਤਣ ਲਈ ਆਮ ਨਾਗਰਿਕ ਦੇ ਖ਼ੂਨ-ਪਸੀਨੇ ਦੇ ਟੈਕਸ 'ਤੇ ਮਾਰਿਆ ਗਿਆ ਸੰਸਥਾਗਤ ਡਾਕਾ ਹੈ।

**ਧਰਮ: ਚੋਣਾਂ ਦਾ ਸਭ ਤੋਂ ਖ਼ਤਰਨਾਕ ਹਥਿਆਰ**

ਚੋਣਾਂ ਨੇੜੇ ਆਉਂਦਿਆਂ ਹੀ ਅਧਿਆਤਮ ਅਤੇ ਧਰਮ ਨੂੰ ਵੋਟਾਂ ਦੇ ਧਰੁਵੀਕਰਨ ਲਈ ਹਥਿਆਰ ਬਣਾ ਲਿਆ ਜਾਂਦਾ ਹੈ, ਜਿੱਥੇ ਜੋੜਨਾ ਸਿਖਾਉਣ ਵਾਲੇ ਧਰਮ ਦੀ ਵਰਤੋਂ ਚੋਣ ਮੰਚਾਂ ਤੋਂ ਡਰ, ਨਫ਼ਰਤ ਅਤੇ ਫਿਰਕੂਪੁਣਾ ਵੇਚਣ ਲਈ ਹੁੰਦੀ ਹੈ। ਸੰਗੀਨ ਜੁਰਮਾਂ ਦੇ ਦੋਸ਼ੀ ਅਖੌਤੀ ਗੁਰੂਆਂ ਨੂੰ ਚੋਣਾਂ ਦੇ ਠੀਕ ਪਹਿਲਾਂ ਵਾਰ-ਵਾਰ ਪੈਰੋਲਾਂ ਅਤੇ ਫਰਲੋਅ ਦੇ ਕੇ ਬਾਹਰ ਲਿਆਉਣਾ ਸਿਰਫ਼ ਕਾਨੂੰਨੀ ਪ੍ਰਕਿਰਿਆ ਨਹੀਂ, ਸਗੋਂ ਥੋਕ ਵੋਟ ਬੈਂਕ ਹਾਸਲ ਕਰਨ ਲਈ ਡੇਰਿਆਂ ਅਤੇ ਧਾਰਮਿਕ ਗੱਦੀਆਂ ਨਾਲ ਕੀਤਾ ਜਾਂਦਾ ਗੁਪਤ ਸਿਆਸੀ ਸਮਝੌਤਾ ਹੈ। ਇਸ ਸੌਦੇਬਾਜ਼ੀ ਦੇ ਬਦਲੇ ਅਪਰਾਧੀਆਂ ਨੂੰ ਰਾਜਨੀਤਕ ਸਰਪ੍ਰਸਤੀ ਦਿੱਤੀ ਜਾਂਦੀ ਹੈ।

**ਨੋਟ ਬਦਲੇ ਵੋਟ ਅਤੇ ਸਰਕਾਰੀ ਮਸ਼ੀਨਰੀ**

ਚੋਣਾਂ ਹੁਣ ਜਨਤਾ ਦੀ ਆਜ਼ਾਦ ਮਰਜ਼ੀ ਜਾਂ ਸੰਵਿਧਾਨਕ ਮੁੱਲਾਂ ਨਾਲ ਨਹੀਂ, ਸਗੋਂ ਰਾਤਾਂ ਦੇ ਹਨੇਰੇ ਵਿੱਚ ਵੰਡੀ ਜਾਂਦੀ ਨਕਦੀ ਅਤੇ ਸ਼ਰਾਬ ਦੀਆਂ ਬੋਤਲਾਂ ਨਾਲ ਤੈਅ ਹੋ ਰਹੀਆਂ ਹਨ। ਇਹ ਸਿਰਫ਼ ਵੋਟਾਂ ਦੀ ਖ਼ਰੀਦੋ-ਫ਼ਰੋਖ਼ਤ ਨਹੀਂ, ਇਹ ਇੱਕ ਗ਼ਰੀਬ ਪਰਵਾਰ ਦੀ ਲਾਚਾਰੀ ਅਤੇ ਭੁੱਖ ਦੀ ਸ਼ਰੇਆਮ ਨਿਲਾਮੀ ਹੈ। ਇੱਕ ਬਾਪ ਦੇ ਸਾਹਮਣੇ ਕੁਝ ਹਜ਼ਾਰ ਰੁਪਏ ਜਾਂ ਇੱਕ ਰਾਤ ਦੀ ਦਾਅਵਤ ਰੱਖ ਕੇ ਉਸ ਦੇ ਬੱਚਿਆਂ ਦੇ ਅਗਲੇ ਪੰਜ ਸਾਲਾਂ ਦੇ ਭਵਿੱਖ, ਸਿੱਖਿਆ ਅਤੇ ਇਲਾਜ ਦੀ ਕੀਮਤ ਵਸੂਲ ਲਈ ਜਾਂਦੀ ਹੈ। ਲੋਕਤੰਤਰ ਦਾ ਇਸ ਤੋਂ ਵੱਡੀ ਤ੍ਰਾਸਦੀ ਕੀ ਹੋ ਸਕਦੀ ਹੈ ਕਿ ਨਾਗਰਿਕ ਦੀ ਜ਼ਮੀਰ ਨੂੰ ਬਾਜ਼ਾਰੂ ਵਸਤੂ ਬਣਾ ਦਿੱਤਾ ਗਿਆ ਹੈ?

ਦੂਜੇ ਪਾਸੇ, ਨਿਰਪੱਖਤਾ ਦਾ ਮੁਖੌਟਾ ਪਹਿਨੀ ਬੈਠਾ ਸਰਕਾਰੀ ਤੰਤਰ ਇਸ ਖੇਡ ਵਿੱਚ ਬਰਾਬਰ ਦਾ ਭਾਈਵਾਲ ਪ੍ਰਤੀਤ ਹੁੰਦਾ ਹੈ। ਚੋਣਾਂ ਆਉਂਦਿਆਂ ਹੀ ਪੁਲਿਸ, ਪ੍ਰਸ਼ਾਸਨ ਅਤੇ ਕੇਂਦਰੀ ਜਾਂਚ ਏਜੰਸੀਆਂ ਨਿਰਪੱਖਤਾ ਦੀਆਂ ਧੱਜੀਆਂ ਉਡਾਉਂਦੀਆਂ ਦਿਸਦੀਆਂ ਹਨ।

**ਰਾਜਨੀਤੀ ਦਾ ਅਪਰਾਧੀਕਰਨ, ਮੀਡੀਆ ਦੀ ਵਿਕਾਊ ਭੂਮਿਕਾ**

ਐਸੋਸੀਏਸ਼ਨ ਫ਼ਾਰ ਡੈਮੋਕ੍ਰੇਟਿਕ ਰਿਫਾਰਮਜ਼ ਦੀਆਂ ਚੇਤਾਵਨੀ ਭਰੀਆਂ ਰਿਪੋਰਟਾਂ ਦਰਸਾਉਂਦੀਆਂ ਹਨ ਕਿ ਸਾਡੀਆਂ ਚੁਣੀਆਂ ਹੋਈਆਂ ਅਸੈਂਬਲੀਆਂ ਅਤੇ ਸੰਸਦ ਵਿੱਚ ਗੰਭੀਰ ਅਪਰਾਧਿਕ ਪਿਛੋਕੜ ਵਾਲੇ ਉਮੀਦਵਾਰਾਂ ਦਾ ਦਾਖ਼ਲਾ ਲਗਾਤਾਰ ਵਧ ਰਿਹਾ ਹੈ। ਰਾਜਨੀਤਕ ਧਿਰਾਂ ਲਈ ਹੁਣ ਨੈਤਿਕਤਾ, ਜਨਤਕ ਸੇਵਾ ਜਾਂ ਸਾਫ਼-ਸੁਥਰਾ ਅਕਸ ਕੋਈ ਮਾਇਨੇ ਨਹੀਂ ਰੱਖਦਾ; ਉਨ੍ਹਾਂ ਲਈ ਸਿਰਫ਼ ਇੱਕੋ ਮਾਪਦੰਡ ਬਚਿਆ ਹੈ— ਜਿੱਤਣ ਦੀ ਸਮਰੱਥਾ (Winnability), ਭਾਵੇਂ ਉਹ ਡਾਂਗ ਦੇ ਜ਼ੋਰ ਨਾਲ ਹੋਵੇ ਜਾਂ ਨੋਟਾਂ ਦੀ ਗਰਮੀ ਨਾਲ। ਜਦੋਂ ਕਾਨੂੰਨ ਤੋੜਨ ਵਾਲੇ ਹੀ ਕਾਨੂੰਨ ਬਣਾਉਣ ਦੀ ਕੁਰਸੀ 'ਤੇ ਬੈਠਣਗੇ, ਤਾਂ ਜਨਤਾ ਲਈ ਇਨਸਾਫ਼ ਦੀ ਉਮੀਦ ਕਰਨਾ ਹੀ ਬੇਅਰਥ ਹੋ ਜਾਂਦਾ ਹੈ।

ਇਸ ਅਪਰਾਧਿਕ ਖੇਡ ਨੂੰ ਛੁਪਾਉਣ ਲਈ ਲੋਕਤੰਤਰ ਦੇ ਚੌਥੇ ਥੰਮ੍ਹ ਯਾਨੀ ਮੀਡੀਆ ਦੀ ਵਰਤੋਂ ਇੱਕ ਹਥਿਆਰ ਵਜੋਂ ਕੀਤੀ ਜਾ ਰਹੀ ਹੈ। ਸੱਤਾ-ਪੱਖੀ ਮੀਡੀਆ ਅਤੇ ਸੋਸ਼ਲ ਮੀਡੀਆ ਦੇ ਭਾੜੇ 'ਤੇ ਚੱਲਣ ਵਾਲੇ ਆਈ ਟੀ ਸੈੱਲ ਅਸਲ ਜਨਤਕ ਮੁੱਦਿਆਂ ਤੋਂ ਧਿਆਨ ਭਟਕਾਉਣ ਲਈ ਦਿਨ-ਰਾਤ ਨਫ਼ਰਤ, ਪੇਡ-ਨਿਊਜ਼ ਅਤੇ ਬਣਾਉਟੀ ਬਿਰਤਾਂਤ (Fake Narratives) ਦਾ ਜ਼ਹਿਰ ਪਰੋਸ ਰਹੇ ਹਨ। ਸੱਚ ਨੂੰ ਲੁਕਾ ਕੇ ਝੂਠ ਨੂੰ ਅਜਿਹੇ ਢੰਗ ਨਾਲ ਵਾਰ-ਵਾਰ ਪਰੋਸਿਆ ਜਾਂਦਾ ਹੈ ਕਿ ਵੋਟਰ ਦੀ ਆਪਣੀ ਪਰਖਣ ਦੀ ਸ਼ਕਤੀ ਹੀ ਖ਼ਤਮ ਹੋ ਜਾਂਦੀ ਹੈ।

ਇਸ ਪੂਰੇ ਜਾਲ ਦਾ ਸਭ ਤੋਂ ਦੁਖਦਾਈ ਪਹਿਲੂ ਹੈ— ਲੋਕ-ਭਲਾਈ ਦੀਆਂ ਸਕੀਮਾਂ ਅਤੇ ਚੋਣਾਂ ਦੇ ਨੇੜੇ ਮੁਫ਼ਤ ਸਹੂਲਤਾਂ ਦਾ ਐਲਾਨ ਵਿਚਕਾਰਲੇ ਫ਼ਰਕ ਨੂੰ ਪੂਰੀ ਤਰ੍ਹਾਂ ਮਿਟਾ ਦੇਣਾ। ਚੰਗੀ ਸਿੱਖਿਆ, ਵਧੀਆ ਹਸਪਤਾਲ ਅਤੇ ਰੁਜ਼ਗਾਰ ਦੇਣਾ ਸਰਕਾਰ ਦਾ ਸੰਵਿਧਾਨਕ ਫ਼ਰਜ਼ ਹੁੰਦਾ ਹੈ, ਪਰ ਚੋਣਾਂ ਤੋਂ ਠੀਕ ਪਹਿਲਾਂ ਵੰਡੀਆਂ ਜਾਣ ਵਾਲੀਆਂ ਮੁਫ਼ਤ ਦੀਆਂ ਰਿਓੜੀਆਂ ਰਾਹੀਂ ਨਾਗਰਿਕ ਨੂੰ ਅਧਿਕਾਰ ਮੰਗਣ ਵਾਲੇ ਸਵਾਲੀ ਦੀ ਥਾਂ ਸਰਕਾਰੀ ਖ਼ੈਰਾਤ 'ਤੇ ਪਲਣ ਵਾਲਾ ਮੁਹਤਾਜ ਬਣਾ ਦਿੱਤਾ ਜਾਂਦਾ ਹੈ। ਇਹ ਸਿਰਫ਼ ਵੋਟ ਦੀ ਖ਼ਰੀਦੋ-ਫ਼ਰੋਖ਼ਤ ਨਹੀਂ, ਸਗੋਂ ਆਮ ਨਾਗਰਿਕ ਦੀ ਨਾਗਰਿਕਤਾ ਦਾ ਆਤਮ-ਸਮਰਪਣ ਹੈ।

**ਸਿੱਟਾ: ਮੋਹਰੇ ਨਹੀਂ—ਬਿਸਾਤ ਬਦਲਣੀ ਪਵੇਗੀ**

ਅਸਲ ਵਿੱਚ ਚੋਣਾਵੀ ਸ਼ਤਰੰਜ ਵਿੱਚ ਸਭ ਤੋਂ ਮਹੱਤਵਪੂਰਨ ਸਵਾਲ ਇਹ ਨਹੀਂ ਕਿ ਕਿਹੜਾ ਮੋਹਰਾ ਕਿੱਥੇ ਚੱਲ ਰਿਹਾ ਹੈ। ਸਵਾਲ ਇਹ ਹੈ ਕਿ ਬਿਸਾਤ ਕਿਵੇਂ ਵਿਛਾਈ ਗਈ ਹੈ, ਨਿਯਮ ਸਭ ਲਈ ਇੱਕੋ ਹਨ ਜਾਂ ਨਹੀਂ ਅਤੇ ਖੇਡ ਦੀ ਨਿਗਰਾਨੀ ਕਰਨ ਵਾਲਿਆਂ ਉਤੇ ਲੋਕਾਂ ਦਾ ਭਰੋਸਾ ਕਿੰਨਾ ਹੈ।

ਲੋਕਤੰਤਰ ਦੀ ਅਸਲੀ ਕਸੌਟੀ ਇਹ ਨਹੀਂ ਕਿ ਪੰਜ ਸਾਲ ਬਾਅਦ ਕੁਰਸੀ ਕਿਸਦੇ ਹੱਥ ਆਉਂਦੀ ਹੈ। ਅਸਲੀ ਕਸੌਟੀ ਇਹ ਹੈ ਕਿ ਕੁਰਸੀ ਤੱਕ ਪਹੁੰਚਣ ਦੀ ਰਾਹ ਕਿੰਨੀ ਪਾਰਦਰਸ਼ੀ, ਬਰਾਬਰ ਅਤੇ ਜਵਾਬਦੇਹ ਹੈ।

ਬਿਸਾਤ ਉਦੋਂ ਬਦਲਦੀ ਹੈ, ਜਦੋਂ ਨਿਯਮ ਸਪਸ਼ਟ ਹੋਣ, ਸੰਸਥਾਵਾਂ ਜਵਾਬਦੇਹ ਹੋਣ, ਰਾਜਨੀਤਕ ਫੰਡਿੰਗ ਵਿੱਚ ਪਾਰਦਰਸ਼ਤਾ ਹੋਵੇ, ਮੀਡੀਆ ਤੱਥਾਂ ਨੂੰ ਤਰਜੀਹ ਦੇਵੇ ਅਤੇ ਵੋਟਰ ਆਪਣੀ ਵੋਟ ਨੂੰ ਕਿਸੇ ਲਾਲਚ, ਡਰ, ਧਾਰਮਿਕ ਪ੍ਰਭਾਵ ਜਾਂ ਆਪਸੀ ਨਫ਼ਰਤ ਦੀ ਵੇਦੀ 'ਤੇ ਕੁਰਬਾਨ ਕਰਨ ਤੋਂ ਨਾਂਹ ਕਰਨ। ਆਖ਼ਿਰ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਕੋਈ ਨੇਤਾ, ਪਾਰਟੀ ਜਾਂ ਸੰਸਥਾ ਨਹੀਂ—ਜਾਗਰੂਕ, ਆਜ਼ਾਦ ਅਤੇ ਸਵਾਲ ਪੁੱਛਣ ਵਾਲਾ ਨਾਗਰਿਕ ਹੈ, ਕਿਉਂਕਿ ਜਦੋਂ ਨਾਗਰਿਕ ਸਵਾਲ ਪੁੱਛਣਾ ਛੱਡ ਦਿੰਦਾ ਹੈ, ਤਾਂ ਲੋਕਤੰਤਰ ਸਿਰਫ਼ ਚੋਣਾਂ ਦਾ ਪਖੰਡ ਰਹਿ ਜਾਂਦਾ ਹੈ।ਜਦੋਂ ਨਾਗਰਿਕ ਸਵਾਲ ਪੁੱਛਦਾ ਰਹਿੰਦਾ ਹੈ, ਤਾਂ ਚੋਣ ਸਿਰਫ਼ ਵੋਟ ਪਾਉਣ ਦੀ ਰਸਮ ਨਹੀਂ ਰਹਿੰਦੀ, ਉਹ ਸੱਤਾ ਤੋਂ ਹਿਸਾਬ ਮੰਗਣ ਦਾ ਸਭ ਤੋਂ ਸ਼ਾਂਤ, ਪਰ ਸਭ ਤੋਂ ਤਾਕਤਵਰ ਅਧਿਕਾਰ ਬਣ ਜਾਂਦੀ ਹੈ।

**# ਸੰਪਰਕ : 94230-81058**

# ਨਾਨਕਿਆਂ ਦੇ ਪਿੰਡ ਦੀਆਂ ਰੌਣਕਾਂ

ਕੁਲਦੀਪ ਸਿੰਘ ਲੋਹਟ

ਸਪੇਨ ਰਹਿੰਦਾ ਮਾਮਾ ਹਰ ਸਾਲ ਪਿੰਡ ਆ ਜਾਂਦਾ ਹੈ।ਕੋਈ ਸਮਾਂ ਸੀ ਜਦੋਂ ਉਹ ਕਈ-ਕਈ ਸਾਲ ਪਿੰਡ ਵੱਲ ਮੂੰਹ ਨਹੀ ਸੀ ਕਰਦਾ। ਉਮਰ ਦੇ ਲਿਹਾਜ਼ ਨਾਲ ਹੁਣ ਉਸ ਦਾ ਜੀਅ ਵਿਦੇਸ਼ ਘੱਟ ਤੇ ਪਿੰਡ ਜ਼ਿਆਦਾ ਲੱਗਦਾ। ਮੇਰੇ ਨਾਨਕੇ ਸਿੱਧਵਾਂ ਬੇਟ ਨੇੜੇ ਪਿੰਡ ਜੰਡੀ ਵਿਚ ਹਨ।ਮੇਰਾ ਜਨਮ ਵੀ ਨਾਨਕੇ ਘਰ ਹੋਇਆ। ਨਾਨਕਿਆਂ ਦੇ ਪਿੰਡ ਨਾਲ ਮੇਰਾ ਰਿਸ਼ਤਾ ਸਿਰਫ਼ ਖ਼ੂਨ ਦਾ ਨਹੀਂ, ਰੂਹ ਦਾ ਹੈ। ਉਹ ਘਰ ਮੇਰੇ ਲਈ ਸਿਰਫ਼ ਇੱਟਾਂ-ਗਾਰਿਆਂ ਦਾ ਬਣਿਆ ਮਕਾਨ ਨਹੀਂ, ਸਗੋਂ ਮੇਰੀ ਜ਼ਿੰਦਗੀ ਦੀ ਪਹਿਲੀ ਦੁਨੀਆ ਹੈ। ਉਹ ਘਰ ਜਿੱਥੇ ਪਹਿਲੀ ਵਾਰ ਅੱਖ ਖੋਲ੍ਹ ਕੇ ਨਿੱਕੇ ਜਿਹੇ ਅਸਮਾਨ ਦਾ ਅੰਬਰ ਤੱਕਿਆ ਸੀ। ਜਿੱਥੇ ਮੈਂ ਪਹਿਲੀ ਵਾਰ ਹੱਸਿਆ ਸੀ। ਉਹ ਕੰਧਾਂ ਜਿਨ੍ਹਾਂ ਮੇਰੀਆਂ ਕਿਲਕਾਰੀਆਂ ਸੁਣੀਆਂ, ਉਹ ਬੂਹਾ ਜਿੱਥੋਂ ਮੇਰੀ ਜ਼ਿੰਦਗੀ ਦੇ ਪਹਿਲੇ ਕਦਮ ਤੋਂ ਪਹਿਲਾਂ ਹੀ ਮੇਰੀ ਰਸਮੀ ਖੁਸ਼ਾਮਦ ਹੋਈ ਸੀ। ਉਹ ਘਰ ਜਿੱਥੇ ਮਾਂ ਤੋਂ ਬਾਅਦ ਨਾਨੀ ਨੇ ਮਿੱਠੀਆਂ ਲੋਰੀਆਂ ਦਿੱਤੀਆਂ। ਨਾਨਕਿਆਂ ਦੇ ਘਰ ਦੀ ਹਰ ਚੀਜ਼ ਮੇਰੇ ਦਿਲ ਨਾਲ ਗੱਲਾਂ ਕਰਦੀ ਹੈ। ਨਾਨਕਿਆਂ ਦਾ ਪਿੰਡ ਮੇਰੇ ਲਈ ਸਿਰਫ਼ ਇੱਕ ਥਾਂ ਨਹੀਂ, ਇੱਕ ਅਹਿਸਾਸ ਹੈ। ਇੱਕ ਐਸੀ ਜੰਨਤ, ਜਿੱਥੇ ਬਚਪਨ ਦੀਆਂ ਸਭ ਤੋਂ ਮਿੱਠੀਆਂ ਯਾਦਾਂ ਅੱਜ ਵੀ ਸਾਹ ਲੈਂਦੀਆਂ ਹਨ। ਉਹ ਗਲੀਆਂ, ਜਿੱਥੇ ਨੰਨ੍ਹੇ ਪੈਰ ਦੌੜਦੇ ਰਹੇ। ਉਹ ਧੂੜ, ਜਿਹੜੀ ਕੱਪੜਿਆਂ 'ਤੇ ਲੱਗਦੀ ਸੀ, ਪਰ ਦਿਲ ਨੂੰ ਖੁਸ਼ੀ ਦੇ ਜਾਂਦੀ ਸੀ। ਉਹ ਮਿੱਟੀ ਜਿੱਥੇ ਡਿੱਗ ਕੇ ਲਿੱਬੜੇ ਤਨ ਵਿੱਚੋਂ ਵੀ ਇਤਰ ਵਰਗੀ ਖੁਸ਼ਬੋਅ ਮਾਰਦੀ ਸੀ।ਨਾਨਕੇ ਪਿੰਡ ਦੀਆਂ ਗਲੀਆਂ, ਸੱਥਾਂ ਨਾਲ ਜੁੜੀਆਂ ਛੋਟੀਆਂ-ਛੋਟੀਆਂ ਗੱਲਾਂ ਜੋ ਅੱਜ ਜ਼ਿੰਦਗੀ ਦੇ ਵੱਡੇ ਖਜ਼ਾਨੇ ਬਣ ਗਈਆਂ ਹਨ। ਜਦੋਂ ਗਰਮੀਆਂ ਦੀਆਂ ਛੁੱਟੀਆਂ ਆਉਂਦੀਆਂ, ਦਿਲ ਸਭ ਤੋਂ ਪਹਿਲਾਂ ਨਾਨਕਿਆਂ ਦੇ ਪਿੰਡ ਵੱਲ ਉਡ ਜਾਂਦਾ ਸੀ। ਜਿਵੇਂ ਹੀ ਪਿੰਡ ਦੇ ਨੇੜੇ ਪਹੁੰਚਦੇ, ਦਿਲ ਦੀ ਧੜਕਣ ਤੇਜ਼ ਹੋ ਜਾਂਦੀ ਸੀ। ਪਿੰਡ ਦੇ ਦਰੱਖ਼ਤ, ਕੱਚੇ ਰਾਹ, ਘਰਾਂ ਦੀਆਂ ਛੱਤਾਂ, ਦੂਰੋਂ ਹੀ ਆਵਾਜ਼ਾਂ ਮਾਰਨ ਲੱਗ ਜਾਂਦੀਆਂ ਸਨ। ਇਸ ਮਿੱਟੀ ਦਾ ਸਭ ਕੁਝ ਆਪਣਾ ਲੱਗਦਾ ਸੀ, ਜਿਵੇਂ ਪਿੰਡ ਨਹੀਂ, ਮਾਂ ਦੀ ਝੋਲੀ ਹੋਵੇ, ਜਿਸ ਵਿੱਚ ਆ ਕੇ ਸਾਰੀ ਥਕਾਵਟ ਉਤਰ ਜਾਂਦੀ ਸੀ। ਮਾਂ ਦੇ ਪੇਕੇ, ਸਕੇ ਸੋਧਰਿਆਂ ਦੇ ਘਰ ਜਿੱਥੇ ਵੀ ਚਲੇ ਜਾਈਏ, ਹਰ ਦਰਵਾਜ਼ਾ ਖੁੱਲ੍ਹਾ ਮਿਲਦਾ ਸੀ। ਹਰ ਘਰ ਵਿੱਚ ਬੈਠਣ ਲਈ ਥਾਂ ਸੀ, ਹਰ ਦਿਲ ਵਿੱਚ ਪਿਆਰ ਸੀ। ਹਰ ਚਿਹਰੇ 'ਤੇ ਮੁਸਕਾਨ ਹੁੰਦੀ ਸੀ, ਹਰ ਬੋਲ ਵਿੱਚ ਮਿਠਾਸ ਹੁੰਦੀ ਸੀ। ਨਾਨਕਿਆਂ ਦੇ ਘਰ ਦਾ ਖੁੱਲ੍ਹਾ ਵੇਹੜਾ ਨੰਨੀ ਦੁਨੀਆਂ ਦਾ ਖੇਡ ਗਰਾਊਂਡ ਸੀ। ਗੁੱਲੀ-ਡੰਡਾ ਤੇ ਕੋਟਲਾ ਛਪਾਕੀ ਵਰਗੀਆਂ ਖੇਡਾਂ ਖੇਡਦੇ ਖੂਬ ਮਜ਼ਾ ਲੈਂਦੇ। ਸਵੇਰੇ-ਸਵੇਰੇ ਮੁਰਗੇ ਦੀ ਬਾਂਗ ਨਾਲ ਅੱਖ ਖੁੱਲ੍ਹਦੀ ਸੀ। ਚਾਹ ਦੀ ਥਾਂ ਦੁੱਧ ਦਾ ਗਿਲਾਸ ਭਰਿਆ ਮਿਲਦਾ। ਸਵੇਰ ਦੀ ਖੁਰਾਕ 'ਚ ਚਿੱਕ ਵਰਗੀ ਲੱਸੀ ਦੇ ਭਰੇ ਗਿਲਾਸ ਨਿਸ਼ਾ ਕਰਵਾ ਛੱਡਦੇ। ਤਾਜ਼ੇ ਦੁੱਧ ਦਾ ਸੁਆਦ, ਘਰ ਦੇ ਮੱਖਣ ਦੀ ਮਹਿਕ, ਲੱਸੀ ਦੀ ਠੰਡਕ ਇਹ ਸਿਰਫ਼ ਖਾਣ-ਪੀਣ ਨਹੀਂ ਸੀ, ਇਹ ਪਿਆਰ ਦੇ ਪਰੋਸੇ ਹੋਏ ਤੋਹਫ਼ੇ ਸਨ। ਅੱਜ ਸ਼ਹਿਰਾਂ ਦੇ ਵੱਡੇ ਹੋਟਲ ਵੀ ਉਹ ਸਵਾਦ ਨਹੀਂ ਦੇ ਸਕਦੇ, ਜੋ ਨਾਨਕੇ ਪਿੰਡ ਦੀ ਸਾਦਗੀ ਵਿੱਚ ਮਿਲਦਾ ਸੀ।ਮਾਂ.ਦੇ ਚਾਚਾ ਨਛੱਤਰ ਸਿਉ ਪਿੰਡ ਦੇ ਸਰਪੰਚ ਸਨ। ਉਨ੍ਹਾ ਕੋਲ ਚੰਗੀ ਖੇਤੀ ਸੀ। ਅਸੀਂ ਮੋਟਰ 'ਤੇ ਜਾ ਕੇ ਚੁੱਭੀਆਂ ਲਾਉਣੀਆਂ ਠੰਢੇ ਪਾਣੀ ਵਿੱਚ ਦੋਸਤਾਂ ਨਾਲ ਚੀਕਾਂ ਮਾਰ-ਮਾਰ ਕੇ ਨਹਾਉਣਾ।ਉਹ ਪਲ ਅੱਜ ਵੀ ਯਾਦਾਂ ਦੇ ਸਭ ਤੋਂ ਚਮਕਦਾਰ ਰੰਗ ਹਨ।ਖੁਸ਼ਕਿਸਮਤੀ ਉਦੋਂ ਮੋਬਾਇਲ ਨਹੀ ਸਨ। ਉਹ ਵੇਲਾ ਦਿਲਾਂ ਦੇ ਮਿਲਾਪ ਦਾ ਸੀ। ਲੋਕ ਇੱਕ-ਦੂਜੇ ਦੇ ਕੋਲ ਬੈਠ ਕੇ ਸਮਾਂ ਕੱਟਦੇ ਸਨ, ਇੱਕ ਦੂਜੇ ਨੂੰ ਸੁਣਦੇ ਸਨ, ਇੱਕ-ਦੂਜੇ ਨਾਲ ਜੀਉਂਦੇ ਸਨ। ਹੁਣ ਉਹ ਰੌਣਕਾਂ ਨਹੀ ਰਹੀਆਂ। ਮਾਮੇ ਦੇ ਮੁੰਡਿਆਂ ਨੇ ਪ੍ਰਦੇਸੀਂ ਡੇਰੇ ਲਾ ਲਏ। ਮਾਮੇ ਦਾ ਸਾਰਾ ਟੱਬਰ ਪ੍ਰਦੇਸੀ ਹੋ ਗਿਆ। ਯੂਰਪ ਰਹਿੰਦਾ ਮਾਮਾ ਹੁਣ ਆਇਆ ਹੀ ਰਹਿੰਦਾ ਹੈ। ਨਾਨਕੇ ਪਿੰਡ ਆਉਣ-ਜਾਣ ਪਹਿਲਾਂ ਵਰਗਾ ਹੀ ਹੈ। ਨਾਨੀ ਦੇ ਤੁਰ ਜਾਣ ਤੋਂ ਬਾਅਦ ਮੋਹ ਮੱਠਾ ਪੈ ਗਿਆ ਹੈ। ਪਰਵਾਰਾਂ 'ਚ ਵੀ ਉਹ ਮੋਹ ਨਹੀ ਰਿਹਾ। ਨਾਨਕਿਆਂ ਦਾ ਪਿੰਡ ਉਹ ਥਾਂ ਸੀ, ਜਿੱਥੇ ਰਿਸ਼ਤੇ ਸਿਰਫ਼ ਨਾਂਅ ਦੇ ਨਹੀਂ, ਅਹਿਸਾਸਾਂ ਦੇ ਹੁੰਦੇ ਸਨ। ਉੱਥੇ ਹਰ ਬਜ਼ੁਰਗ ਦੀ ਜੱਫੀ ਵਿੱਚ ਦੁਆਵਾਂ ਹੁੰਦੀਆਂ ਸਨ। ਕੋਈ ਕਿਸੇ ਲਈ ਪਰਾਇਆ ਨਹੀਂ ਸੀ। ਦੁੱਖ ਵੀ ਸਾਂਝੇ ਹੁੰਦੇ ਸਨ ਤੇ ਖੁਸ਼ੀਆਂ ਵੀ ਸਾਂਝੀਆਂ ਹੁੰਦੀਆਂ ਸਨ। ਹੁਣ ਉੱਥੇ ਓਪਰੇਪਣ ਦਾ ਅਹਿਸਾਸ ਹੁੰਦਾ ਹੈ। ਨਾਨਕਿਆਂ ਦੇ ਪਿੰਡ ਦੀਆਂ ਰੌਣਕਾਂ ਅੱਜ ਵੀ ਮੇਰੇ ਦਿਲ ਦੇ ਕਿਸੇ ਕੋਨੇ ਵਿੱਚ ਵੱਸਦੀਆਂ ਹਨ।

ਜਦੋਂ ਵੀ ਉਹ ਯਾਦਾਂ ਜਾਗਦੀਆਂ ਹਨ, ਅੱਖਾਂ ਭਿੱਜ ਜਾਂਦੀਆਂ ਹਨ ਤੇ ਹੋਠਾਂ ਤੇ ਹੌਲੀ ਜਿਹੀ ਮੁਸਕਾਨ ਆ ਜਾਂਦੀ ਹੈ। ਉਹ ਦਿਨ ਮੁੜ ਨਹੀਂ ਆਉਂਦੇ, ਪਰ ਉਹਨਾਂ ਦੀ ਮਹਿਕ ਅੱਜ ਵੀ ਜ਼ਿੰਦਾ ਹੈ। ਉਹ ਲੋਕ ਮੁੜ ਨਹੀਂ ਮਿਲਦੇ ਪਰ ਉਹਨਾਂ ਦੀ ਮਮਤਾ ਅੱਜ ਵੀ ਸਾਥ ਹੈ। ਉਹ ਬਚਪਨ ਮੁੜ ਨਹੀਂ ਮਿਲਦਾ ਪਰ ਉਸ ਦੀ ਰੌਸ਼ਨੀ ਅੱਜ ਵੀ ਦਿਲ ਵਿੱਚ ਜਗਦੀ ਹੈ। ਨਾਨਕਿਆਂ ਦਾ ਪਿੰਡ ਹਰ ਇਨਸਾਨ ਦੀ ਜ਼ਿੰਦਗੀ ਦਾ ਉਹ ਹਿੱਸਾ ਹੁੰਦਾ ਹੈ, ਜਿੱਥੇ ਜਾ ਕੇ ਰੂਹ ਨੂੰ ਆਪਣੇ ਹੋਣ ਦਾ ਅਹਿਸਾਸ ਹੁੰਦਾ ਹੈ। ਪਿੰਡ ਬਹੁਤ ਤਰੱਕੀ ਕਰ ਗਿਆ ਹੈ। ਕੱਚੇ ਘਰ ਕੋਠੀਆਂ ਦੇ ਰੂਪ 'ਚ ਬਦਲ ਗਏ ਹਨ। ਇੰਟਰਲਾਕ ਟਾਇਲਾਂ ਨੇ ਗਲੀਆਂ ਦੀ ਖੁਸ਼ਬੋ ਵਰਗੀ ਮਿੱਟੀ ਦੱਬ ਲਈ ਹੈ। ਹੁਣ ਇਨ੍ਹਾਂ ਗਲੀਆਂ ਵਿੱਚੋਂ ਮੋਹ ਖੋਰੇ ਰਿਸ਼ਤਿਆਂ ਦੀ ਮਹਿਕ ਨਹੀ ਰਹੀ ਤੇ ਨਾ ਹੀ ਸਿਰ ਪਲੋਸਣ ਵਾਲੀਆਂ ਨਾਨੀਆਂ ਰਹੀਆਂ ਹਨ।

**#ਸੰਪਰਕ : 98764-92410**

# ਜੁੱਤੀ ਸੁੱਟ ਕੇ ਵਿਰੋਧ-ਹਤਾਸ਼ਾ ਦੀ ਚੀਖ ਜਾਂ ਲੋਕਤੰਤਰ ਦੀ ਹਾਰ?



ਜਗਤਾਰ ਸਿੰਘ ਭੁੰਗਰਨੀ

ਲੋਕਤੰਤਰ ਵਿੱਚ ਵਿਰੋਧ ਦੇ ਸੈਂਕੜੇ ਸੱਭਿਅਕ ਤਰੀਕੇ ਹਨ-ਵੋਟ, ਧਰਨਾ, ਮੁਜ਼ਾਹਰਾ, ਕਾਲੇ ਝੰਡੇ ਦਿਖਾਉਣ, ਸੱਤਾਧਾਰੀ ਆਗੂਆਂ ਨੂੰ ਜਵਾਬ ਸਵਾਲ ਕਰਨੇ, ਅਖੀਰ ਅਦਾਲਤ ਵੱਲੋਂ ਵੀ ਭਰੋਸਾ ਉੱਠ ਜਾਣਾ, ਜਦੋਂ ਇਹ ਸਾਰੇ ਰਾਹ ਬੰਦ ਹੋ ਜਾਣ ਤਾਂ ਆਮ ਆਦਮੀ ਦੇ ਹੱਥ ਵਿੱਚ ਸਿਰਫ਼ ਉਸ ਦੇ ਪੈਰਾਂ ਦੀ ਜੁੱਤੀ ਰਹਿ ਜਾਂਦੀ ਹੈ। ਪਿਛਲੇ 20-22 ਕੁ ਸਾਲਾਂ ਵਿੱਚ ਪ੍ਰਧਾਨ ਮੰਤਰੀਆਂ, ਮੁੱਖ ਮੰਤਰੀਆਂ, ਮੰਤਰੀਆਂ ਅਤੇ ਅਖੀਰ ਜੱਜਾਂ ਵੱਲ ਨੂੰ ਜੁੱਤੀਆਂ ਸੁੱਟਣ ਦੀਆਂ ਘਟਨਾਵਾਂ ਨੇ ਇੱਕ ਗੰਭੀਰ ਸਵਾਲ ਖੜ੍ਹਾ ਕੀਤਾ ਹੈ - ਇਹ ਵਿਰੋਧ ਕਿਉਂ? ਜੁੱਤੀ ਹੀ ਕਿਉਂ?

ਭਾਰਤੀ ਸੱਭਿਆਚਾਰ ਵਿੱਚ ਜੁੱਤੀ ਨੂੰ ਸਭ ਤੋਂ ਨੀਵੀਂ ਚੀਜ਼ ਮੰਨਿਆ ਜਾਂਦਾ ਹੈ। ਜੁੱਤੀ ਮਾਰਨਾ ਸਰੀਰਕ ਹਮਲਾ ਨਹੀਂ, ਇੱਜ਼ਤ 'ਤੇ ਹਮਲਾ ਹੈ।ਇਸ ਦਾ ਅਰਥ ਹੈ- ਤੂੰ ਇਸ ਕੁਰਸੀ ਦੇ ਲਾਇਕ ਨਹੀਂ। ਸੁੱਟਣ ਵਾਲਾ ਜਾਣਦਾ ਹੈ ਕਿ ਉਸ ਨੂੰ ਫੜ ਲਿਆ ਜਾਵੇਗਾ, ਫਿਰ ਵੀ ਉਹ ਸੁੱਟਦਾ ਹੈ, ਕਿਉਂਕਿ ਉਸ ਦਾ ਮਕਸਦ ਮਾਰਨਾ ਨਹੀਂ, ਸ਼ਰਮਸਾਰ ਕਰਨਾ ਹੈ। ਇਸ ਦੀ ਆਧੁਨਿਕ ਸ਼ੁਰੂਆਤ 14 ਦਸੰਬਰ 2008 ਨੂੰ ਬਗਦਾਦ ਵਿੱਚ ਹੋਈ, ਜਦੋਂ ਇਰਾਕੀ ਪੱਤਰਕਾਰ ਮੁਨਤਜ਼ਰ ਅਲ-ਜ਼ੈਦੀ ਨੇ ਅਮਰੀਕੀ ਰਾਸ਼ਟਰਪਤੀ ਜਾਰਜ ਡਬਲਿਊ ਬੁਸ਼ 'ਤੇ ਜੁੱਤੀ ਸੁੱਟ ਕੇ ਕਿਹਾ ਸੀ - ਇਹ ਇਰਾਕ ਦੀਆਂ ਵਿਧਵਾਵਾਂ ਵੱਲੋਂ ਹੈ।

ਇਰਾਕ ਦੀ ਘਟਨਾ ਤੋਂ ਬਾਅਦ 2009 ਵਿੱਚ ਮੌਕੇ ਦੇ ਗ੍ਰਹਿ ਮੰਤਰੀ ਪੀ. ਚਿਦੰਬਰਮ ਤੇ ਪ੍ਰਧਾਨ ਮੰਤਰੀ ਡਾ. ਮਨਮੋਹਣ ਸਿੰਘ, 2013 ਵਿੱਚ ਜੱਜ ਜੇ ਆਰ ਆਰੀਅਨ 'ਤੇ 'ਜੁੱਤੀ' ਸੁੱਟੀ ਗਈ।

ਪੰਜਾਬ ਵੀ ਇਸ ਵਿਰੋਧ ਤੋਂ ਅਛੂਤਾ ਨਹੀਂ ਰਿਹਾ। ਪੰਜਾਬ ਵਿੱਚ ਕੀ ਹੋਇਆ? ਪ੍ਰਕਾਸ਼ ਸਿੰਘ ਬਾਦਲ 'ਤੇ ਜੁੱਤੀ-15 ਅਗਸਤ 2014, ਇਸਰੂ (ਲੁਧਿਆਣਾ) ਸ਼ਹੀਦ ਕਰਨੈਲ ਸਿੰਘ ਦੀ ਯਾਦ ਵਿੱਚ ਸਿਆਸੀ ਕਾਨਫਰੰਸ ਦੌਰਾਨ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਸਟੇਜ ਵੱਲ 23 ਸਾਲਾ ਬੇਰੁਜ਼ਗਾਰ ਨੌਜਵਾਨ ਵਿਕਰਮ ਸਿੰਘ ਧਨੌਲਾ, (ਬਰਨਾਲਾ) ਨੇ ਜੁੱਤੀ ਸੁੱਟੀ। ਨੌਜਵਾਨ ਦਾ ਕਹਿਣਾ ਸੀ - ਸਿਆਸਤਦਾਨ ਝੂਠੇ ਵਾਅਦੇ ਕਰਦੇ ਹਨ, ਰੁਜ਼ਗਾਰ ਨਹੀਂ ਦਿੰਦੇ। ਸੂਤਰ ਇਹ ਵੀ ਦੱਸਦੇ ਹਨ ਕਿ ਵਿਕਰਮ ਉਸ ਸਮੇਂ ਅੱਜ ਦੀ ਸੱਤਾਧਾਰੀ ਪਾਰਟੀ ਦਾ ਸਰਗਰਮ ਵਰਕਰ ਸੀ ਅਤੇ ਸਰਕਾਰੀ ਤਸ਼ੱਦਦ ਤੋਂ ਬਾਅਦ ਉਹ ਲੰਮਾ ਸਮਾਂ ਚੱਲ ਫਿਰ ਨਹੀਂ ਸਕਿਆ। ਦੂਸਰੀ ਵਾਰ ਫਿਰ ਪ੍ਰਕਾਸ਼ ਸਿੰਘ ਬਾਦਲ ਵੱਲ - 11 ਜਨਵਰੀ 2017, ਲੰਬੀ (ਮੁਕਤਸਰ) ਆਪਣੇ ਹੀ ਹਲਕੇ ਲੰਬੀ ਦੇ ਪਿੰਡ ਰੱਤਾ ਖੇੜਾ ਵਿੱਚ ਚੋਣ ਪ੍ਰਚਾਰ ਦੌਰਾਨ 40 ਸਾਲਾ ਗੁਰਬਚਨ ਸਿੰਘ ਨੇ ਬਾਦਲ ਵੱਲ ਜੁੱਤੀ ਸੁੱਟੀ। ਪੁਲਸ ਅਨੁਸਾਰ ਉਹ ਪੰਜਾਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਤੇ ਸਰਕਾਰ ਦੀ ਨਾਕਾਮੀ ਤੋਂ ਗੁੱਸੇ ਵਿੱਚ ਸੀ।

ਅਸਲ ਕਾਰਨ ਪਹਿਲਾ ਨਿਆਂ ਵਿੱਚ ਦੇਰੀ, ਦੂਜਾ - ਸੱਤਾ ਦਾ ਹੰਕਾਰ, ਤੀਜਾ -ਵਾਅਦਾ ਖਿਲਾਫੀ। ਜਦੋਂ ਹਾਕਮ ਸਵਾਲ ਸੁਣਨਾ ਬੰਦ ਕਰ ਦੇਵੇ ਤਾਂ ਜੁੱਤੀ ਉਠਦੀ ਹੈ। ਭਾਵੇਂ ਕਾਨੂੰਨ ਦੀ ਨਜ਼ਰ ਵਿੱਚ ਜੁੱਤੀ ਸੁੱਟਣਾ ਅਪਰਾਧ ਹੈ, ਪਰ ਸਮਾਜ ਦੀ ਨਜ਼ਰ ਵਿੱਚ ਇਹ ਭਰੋਸੇ ਦੇ ਟੁੱਟਣ ਦੀ ਨਿਸ਼ਾਨੀ ਹੈ। ਜਿਸ ਦਿਨ ਹਾਕਮ ਲੋਕਾਂ ਦੀ ਸੁਣਨ ਲੱਗ ਪਏ, ਉਸ ਦਿਨ ਤੋਂ ਕੋਈ ਜੁੱਤੀ ਹਵਾ ਵਿੱਚ ਨਹੀਂ ਉੱਡੇਗੀ।

**ਕਾਲੇ ਝੰਡੇ ਦਿਖਾਉਣ ਵਾਲਿਆਂ 'ਤੇ ਤਸ਼ੱਦਦ** - ਪੰਜਾਬ ਦੀਆਂ ਘਟਨਾਵਾਂ-ਹਾਲੀਆ ਹੀ ਸੰਗਰੂਰ ਜ਼ਿਲ੍ਹੇ ਵਿੱਚ ਮੁੱਖ ਮੰਤਰੀ ਦੇ ਵਿਰੋਧ ਵਿਚ ਕਾਲੇ ਝੰਡੇ ਲਹਿਰਾਉਣ ਵਾਲੇ 'ਤੇ ਸਰਕਾਰੀ ਤਸ਼ੱਦਦ ਹੋਣ ਦਾ ਵਿਸ਼ਾ ਬਹੁਤ ਚਰਚਾ ਵਿੱਚ ਰਿਹਾ। ਜਿਸ ਵਿੱਚ ਪੰਜਾਬ ਦੀਆਂ ਸਮੂਹ ਸਮਾਜਿਕ, ਰਾਜਨੀਤਕ ਤੇ ਸਿਆਸੀ ਜਥੇਬੰਦੀਆਂ ਨੇ ਰੱਜ ਕੇ ਸਰਕਾਰੀ ਤਸ਼ੱਦਦ ਦਾ ਵਿਰੋਧ ਕੀਤਾ ਜਿਸ ਵਿੱਚ ਉਹਨਾਂ ਜਥੇਬੰਦੀਆਂ ਨੇ ਵੀ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ, ਜਿਨ੍ਹਾਂ ਦੀ ਸਰਕਾਰ ਮੌਕੇ ਵੀ ਇਹੋ ਜਿਹੀਆਂ ਘਟਨਾਵਾਂ ਵਾਪਰ ਚੁੱਕੀਆਂ ਸਨ।ਉਨ੍ਹਾਂ ਦਾ ਕਹਿਣਾ ਸੀ ਕਿ ਕਾਲਾ ਝੰਡਾ ਦਿਖਾਉਣਾ ਸ਼ਾਂਤਮਈ ਲੋਕਤੰਤਰੀ ਵਿਰੋਧ ਦਾ ਪ੍ਰਤੀਕ ਹੈ। ਸਮਾਜਿਕ ਅਤੇ ਖੱਬੀ ਲਹਿਰ ਨਾਲ ਜੁੜੀਆਂ ਜਥੇਬੰਦੀਆਂ ਦਾ ਮੰਨਣਾ ਹੈ ਕਿ ਸਰਕਾਰ ਵਿਰੁੱਧ ਕਾਲਾ ਝੰਡਾ ਲਹਿਰਾਉਣਾ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦਾ ਸ਼ਾਂਤਮਈ ਪ੍ਰਦਰਸ਼ਨ ਕਰਨਾ ਹੈ।ਇਸ ਦਾ ਅਰਥ ਹੈ-ਕਿ ਅਸੀਂ ਤੇਰੇ ਰਾਜ ਨਾਲ ਸਹਿਮਤ ਨਹੀਂ। ਆਜ਼ਾਦੀ ਸੰਘਰਸ਼ ਸਮੇਂ ਪੰਜਾਬ ਦੇ ਵਸਨੀਕ ਸ਼ਹੀਦ ਲਾਲਾ ਲਾਜਪਤ ਰਾਏ ਅਤੇ ਉਨ੍ਹਾਂ ਦੇ ਸਾਥੀਆਂ ਨੇ ਵੀ ਅੰਗਰੇਜ਼ ਹਕੂਮਤ ਦੇ ਖਿਲਾਫ਼ ਕਾਲਾ ਝੰਡਾ ਲਹਿਰਾ ਕੇ ਵਿਰੋਧ ਕੀਤਾ ਸੀ ਤੇ ਉਨ੍ਹਾਂ 'ਤੇ ਲਾਠੀਚਾਰਜ ਕੀਤਾ ਅਤੇ ਜਿਸ ਦੌਰਾਨ ਲਾਲਾ ਜੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਸਨ ਤੇ ਬਾਅਦ ਵਿੱਚ ਸ਼ਹੀਦ ਹੋ ਗਏ ਸਨ, ਪਰ ਹੁਣ ਤਾਂ ਦੇਸ਼ ਆਜ਼ਾਦ ਹੋਇਆਂ ਅੱਠ ਦਹਾਕਿਆਂ ਦੇ ਲੱਗਭੱਗ ਸਮਾਂ ਹੋ ਗਿਆ ਹੈ ਕਿ ਪੰਜਾਬ ਵਿੱਚ ਸਾਡੇ ਆਪਣਿਆਂ ਦਾ ਰਾਜ ਹੈ।ਅਕਸਰ ਆਪਣਿਆਂ ਨੂੰ ਹੀ ਸਵਾਲ ਪੁੱਛਣ ਵਾਲਿਆਂ ਨੂੰ ਹੀ ਦੋਸ਼ੀ ਬਣਾ ਦਿੱਤਾ ਜਾਂਦਾ ਹੈ।

ਜਿਸ ਦੀ ਤਾਜ਼ਾ ਮਿਸਾਲ ਮੋਹਨਜੀਤ ਸਿੰਘ ਸ਼ੇਰੋਂ ਵਾਲਾ ਮਾਮਲਾ 2 ਸਤੰਬਰ 2026 ਇਹ ਸਭ ਤੋਂ ਹਾਲੀਆ ਤੇ ਗੰਭੀਰ ਮਾਮਲਾ ਹੈ। ਸੰਗਰੂਰ ਜ਼ਿਲ੍ਹੇ ਦੇ ਪਿੰਡ ਸ਼ੇਰੋਂ (ਸੁਨਾਮ ਹਲਕਾ) ਵਿੱਚ ਮੁੱਖ ਮੰਤਰੀ ਪੰਜਾਬ ਦਾ ਲੋਕ ਮਿਲਣੀ ਪ੍ਰੋਗਰਾਮ ਸੀ। ਇੱਕ 37 ਸਾਲਾ ਮੋਹਨਜੀਤ ਸਿੰਘ ਜੋ ਨਸ਼ਿਆਂ ਖਿਲਾਫ ਸੋਸ਼ਲ ਮੀਡੀਆ 'ਤੇ ਸਰਗਰਮ ਸੀ, ਨੇ ਨੇੜਲੇ ਘਰ ਦੀ ਛੱਤ 'ਤੇ ਚੜ੍ਹ ਕੇ ਕਾਲਾ ਝੰਡਾ ਦਿਖਾਇਆ ਤੇ ਨਾਅਰੇ ਲਾਏ - ਪਿੰਡ ਵਿੱਚ ਚਿੱਟਾ ਵਿਕ ਰਿਹਾ ਹੈ, ਸਰਕਾਰ ਦੇ ਨਸ਼ਾ ਖਤਮ ਕਰਨ ਦੇ ਦਾਅਵੇ ਝੂਠੇ ਹਨ, ਦਾ ਵਿਰੋਧ ਕਰ ਬੈਠਾ।

ਪ੍ਰਸ਼ਾਸਨ ਨੇ ਉਸ ਨੂੰ ਛੱਤ ਤੋਂ ਘਸੀਟ ਕੇ ਹੇਠਾਂ ਉਤਾਰਿਆ ਤੇ ਹਿਰਾਸਤ ਵਿੱਚ ਲੈ ਲਿਆ। ਕੁਝ ਕੁ ਕਾਨੂੰਨੀ ਧਾਰਾਵਾਂ ਲਗਾ ਕੇ ਪਰਚਾ ਦਰਜ ਕਰਕੇ ਅਗਲੇ ਦਿਨ ਜ਼ਮਾਨਤ 'ਤੇ ਛੱਡ ਦਿੱਤਾ।ਰਿਹਾਅ ਹੋਣ ਤੋਂ ਬਾਅਦ ਮੋਹਨਜੀਤ ਸਿੰਘ ਸਿਵਲ ਹਸਪਤਾਲ ਸੰਗਰੂਰ ਵਿੱਚ ਦਾਖਲ ਹੋਇਆ ਤੇ ਪੁਲਸ ਪ੍ਰਸ਼ਾਸਨ 'ਤੇ ਅੰਨਾ ਤਸ਼ਦੱਦ ਕਰਨ ,ਸਿੱਖ ਕਕਾਰਾਂ ਦੀ ਬੇਅਦਬੀ, ਪੁਲਸ ਵੱਲੋਂ ਨਸ਼ਾ ਧੱਕੇ ਨਾਲ ਪਿਆ ਕੇ ਦੀਪ ਟੈਸਟ ਪਾਜ਼ੇਟਿਵ ਆਦਿ ਕਈ ਤਰ੍ਹਾਂ ਦੇ ਦੋਸ਼ ਲੱਗੇ, ਜਿਸ ਦਾ ਸਿੱਖਾਂ ਦੇ ਸਿਰਮੌਰ ਤਖਤ ਦੇ ਜਥੇਦਾਰ ਜੀ ਅਤੇ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਵੀ ਗੰਭੀਰ ਨੋਟਿਸ ਲਿਆ ਗਿਆ। ਪਿਛਲੇ ਦਿਨੀਂ ਇਸੇ ਤਰ੍ਹਾਂ ਦਾ ਹੀ ਮਾਮਲਾ ਸੰਗਰੂਰ ਜ਼ਿਲ੍ਹੇ ਪਾਤੜਾਂ ਇਲਾਕੇ ਦੇ ਪਿੰਡ ਤੂਰ ਬੰਜਾਰਾ ਦੇ ਇਕ ਵਿਅਕਤੀ ਗੁਲਜ਼ਾਰ ਸਿੰਘ ਜੋ ਆਪਣੇ ਨਸ਼ੇੜੀ ਪੁੱਤ ਦਾ ਸਤਾਇਆ ਹੋਇਆ, ਜਿਸ ਨੇ ਸਾਰੇ ਘਰ ਦਾ ਸਮਾਨ ਹੀ ਵੇਚ ਦਿੱਤਾ ਸੀ, ਵੱਲੋਂ ਪਿੰਡ ਵਿੱਚ ਆਏ ਪੰਜਾਬ ਦੇ ਵਿੱਤ ਮੰਤਰੀ ਜੋ ਨਸ਼ਿਆਂ ਸੰਬੰਧੀ ਸੁਣਵਾਈ ਕਰ ਰਹੇ ਸਨ, ਉਸ ਨੇ ਮੰਤਰੀ ਸਾਹਿਬ ਨੂੰ ਕਿਹਾ ਕਿ ਇੱਥੇ ਨਸ਼ਾ ਆਮ ਵਿਕ ਰਿਹਾ ਹੈ। ਉੱਥੋਂ ਦੇ ਕੁਝ ਮੋਹਤਵਰ ਵਿਅਕਤੀਆਂ ਨੇ ਮੰਤਰੀ ਸਾਹਿਬ ਦੇ ਸਾਹਮਣੇ ਹੀ ਸਵਾਲ ਪੁੱਛਣ 'ਤੇ ਏਨਾ ਜ਼ਲੀਲ ਕਰ ਦਿੱਤਾ, ਜਿਸ ਨੇ ਆਤਮ-ਹੱਤਿਆ ਕਰ ਲਈ, ਜਿਸ ਦੀ ਵਾਇਰਲ ਹੋਈ ਵੀਡੀਓ ਸਰਕਾਰ ਲਈ ਚਰਚਾ ਦਾ ਵਿਸ਼ਾ ਬਣੀ।

**ਇਸੇ ਤਰ੍ਹਾਂ ਦੀਆਂ ਪੁਰਾਣੀਆਂ ਘਟਨਾਵਾਂ** : ਬਾਦਲ ਸਰਕਾਰ ਵੇਲੇ (2015-16) : ਬੇਅਦਬੀ ਕਾਂਡ ਤੋਂ ਬਾਅਦ ਜਿੱਥੇ ਵੀ ਸੁਖਬੀਰ ਬਾਦਲ ਜਾਂ ਪ੍ਰਕਾਸ਼ ਸਿੰਘ ਬਾਦਲ ਜਾਂਦੇ ਤਾਂ ਵੀ ਕਿਸਾਨ ਜਥੇਬੰਦੀਆਂ ਕਾਲੇ ਝੰਡੇ ਲੈ ਕੇ ਖੜ੍ਹ ਜਾਂਦੀਆਂ ਸਨ। ਕਈ ਥਾਂ ਪੁਲਸ ਨੇ ਝੰਡੇ ਖੋਹੇ, ਲਾਠੀਚਾਰਜ ਕੀਤਾ। ਬਠਿੰਡਾ, ਮੋਗਾ ਵਿੱਚ ਕਈ ਨੌਜਵਾਨ ਹਿਰਾਸਤ ਵਿੱਚ ਲਏ ਗਏ।

**ਕੈਪਟਨ ਸਰਕਾਰ ਵੇਲੇ** (2018-19) : ਬੇਰੁਜ਼ਗਾਰ ਅਧਿਆਪਕਾਂ ਨੇ ਕੈਪਟਨ ਅਮਰਿੰਦਰ ਸਿੰਘ ਨੂੰ ਕਾਲੇ ਝੰਡੇ ਦਿਖਾਏ। ਪਟਿਆਲਾ 'ਚ ਪੁਲਸ ਨੇ ਪ੍ਰਦਰਸ਼ਨਕਾਰੀ ਔਰਤਾਂ ਨੂੰ ਵਾਲਾਂ ਤੋਂ ਘਸੀਟਿਆ, ਜਿਸ ਦੀ ਵੀਡੀਓ ਵਾਇਰਲ ਹੋਈ ਸੀ।

ਆਖਰ ਆਜ਼ਾਦ ਦੇਸ਼ ਵਿੱਚ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਸਵਾਲ ਕਰਨ ਵਾਲਿਆਂ 'ਤੇ ਤਸ਼ੱਦਦ ਕਿਉਂ? ਕਾਰਨ ਉਹੀ ਹੈ ਜੋ ਜੁੱਤੀ ਵਾਲੇ ਮਾਮਲੇ ਵਿੱਚ ਸੀ - ਸੱਤਾ ਸਵਾਲ ਤੋਂ ਡਰਦੀ ਹੈ। ਕਾਲਾ ਝੰਡਾ ਹਥਿਆਰ ਨਹੀਂ, ਪਰ ਹਾਕਮ ਲਈ ਸ਼ੀਸ਼ਾ ਹੈ। ਜਦੋਂ ਹਾਕਮ ਸ਼ੀਸ਼ਾ ਤੋੜਨ ਲੱਗ ਪਵੇ, ਤਾਂ ਸਮਝੋ ਲੋਕਤੰਤਰ ਕਮਜ਼ੋਰ ਹੋ ਰਿਹਾ ਹੈ।

**# ਸੰਪਰਕ : 98153-06402**

# ਧਰਤੀ ਹੇਠਲਾ ਪਾਣੀ ਡੂੰਘਾ ਕਿਉਂ ਹੁੰਦਾ ਜਾ ਰਿਹੈ?

ਪੰਜਾਬ ਦੀ ਧਰਤੀ ਨੂੰ ਪੰਜ ਦਰਿਆਵਾਂ ਦੀ ਧਰਤੀ ਕਿਹਾ ਜਾਂਦਾ ਸੀ, ਜਿੱਥੇ ਥੋੜ੍ਹਾ ਜਿਹਾ ਖ਼ੂਹ ਪੁੱਟਣ ਤੇ ਹੀ ਪਾਣੀ ਨਿਕਲ ਆਉਂਦਾ ਸੀ। ਪਰ ਅੱਜ ਉਹੀ ਪੰਜਾਬ ਪਾਣੀ ਲਈ ਤਰਸ ਰਿਹਾ ਹੈ। ਸਾਡਾ ਧਰਤੀ ਹੇਠਲਾ ਪਾਣੀ ਹਰ ਸਾਲ 1 ਤੋਂ 3 ਫੁੱਟ ਤੱਕ ਡੂੰਘਾ ਹੁੰਦਾ ਜਾ ਰਿਹਾ ਹੈ। ਕੇਂਦਰੀ ਭੂਮੀਗਤ ਜਲ ਬੋਰਡ ਦੀ ਰਿਪੋਰਟ ਅਨੁਸਾਰ ਪੰਜਾਬ ਦੇ 138 ਬਲਾਕਾਂ ਵਿੱਚੋਂ 109 ਬਲਾਕ ਡਾਰਕ ਜ਼ੋਨ ਵਿੱਚ ਚਲੇ ਗਏ ਹਨ, ਮਤਲਬ ਜਿੱਥੇ ਪਾਣੀ ਕੱਢਣ ਦੀ ਦਰ, ਪਾਣੀ ਭਰਨ ਦੀ ਦਰ ਤੋਂ ਵੱਧ ਹੈ। ਇਹ ਸਿਰਫ ਅੰਕੜਾ ਨਹੀਂ, ਆਉਣ ਵਾਲੀਆਂ ਪੀੜ੍ਹੀਆਂ ਲਈ ਖਤਰੇ ਦੀ ਘੰਟੀ ਹੈ। ਆਖਰ ਇਹ ਪਾਣੀ ਡੂੰਘਾ ਕਿਉਂ ਹੁੰਦਾ ਜਾ ਰਿਹਾ ਹੈ। ਇਸਦਾ ਮੁੱਖ ਦੋਸ਼ੀ ਸਾਡਾ ਕਣਕ-ਝੋਨੇ ਦਾ ਫਸਲੀ ਚੱਕਰ ਹੈ। ਝੋਨਾ ਇੱਕ ਅਜਿਹੀ ਫਸਲ ਹੈ ਜਿਸਨੂੰ ਬਹੁਤ ਜ਼ਿਆਦਾ ਪਾਣੀ ਚਾਹੀਦਾ ਹੈ। ਇੱਕ ਕਿਲੋ ਝੋਨਾ ਪੈਦਾ ਕਰਨ ਲਈ ਲਗਭਗ 4000 ਤੋਂ 5000 ਲੀਟਰ ਪਾਣੀ ਲੱਗਦਾ ਹੈ। ਪੰਜਾਬ ਵਿੱਚ ਅਸੀਂ ਹਰ ਸਾਲ 32 ਲੱਖ ਹੈਕਟੇਅਰ ਵਿੱਚ ਝੋਨਾ ਲਗਾਉਂਦੇ ਹਾਂ। ਇਹ ਪਾਣੀ ਅਸੀਂ ਧਰਤੀ ਵਿੱਚੋਂ ਸਬਮਰਸੀਬਲ ਪੰਪਾਂ ਨਾਲ ਕੱਢਦੇ ਹਾਂ। ਜਦੋਂ ਹਰੀ ਕ੍ਰਾਂਤੀ ਆਈ ਸੀ ਤਾਂ ਪਾਣੀ 20-30 ਫੁੱਟ ਤੇ ਸੀ, ਅੱਜ 150 ਤੋਂ 250 ਫੁੱਟ ਤੱਕ ਚਲਾ ਗਿਆ ਹੈ। ਪੰਜਾਬ ਵਿੱਚ ਖੇਤੀ ਲਈ ਬਿਜਲੀ ਮੁਫਤ ਹੈ। ਇਸਦਾ ਮਕਸਦ ਕਿਸਾਨ ਦੀ ਮਦਦ ਕਰਨਾ ਸੀ ਪਰ ਇਸਦਾ ਦੂਜਾ ਪੱਖ ਇਹ ਹੋਇਆ ਕਿ ਕਿਸਾਨਾਂ ਨੇ ਪਾਣੀ ਦੀ ਕੀਮਤ ਸਮਝਣੀ ਬੰਦ ਕਰ ਦਿੱਤੀ। ਖੇਤ ਭਰਿਆ ਪਿਆ ਹੈ ਪਰ ਮੋਟਰ ਚੱਲੀ ਜਾ ਰਹੀ ਹੈ। ਕਈ ਵਾਰੀ ਲੋਕ ਖੇਤ ਵਿੱਚ ਪਾਣੀ ਛੱਡ ਕੇ ਘਰ ਚਲੇ ਜਾਂਦੇ ਹਨ। ਪਾਣੀ ਦੀ ਇਸ ਬਰਬਾਦੀ ਨੇ ਧਰਤੀ ਹੇਠਲੇ ਪਾਣੀ ਦਾ ਬੇੜਾ ਗਰਕ ਕੀਤਾ ਹੈ। ਪਹਿਲਾਂ ਸਾਡੀਆਂ ਨਹਿਰਾਂ ਵਿੱਚ ਪਾਣੀ ਹੁੰਦਾ ਸੀ ਤੇ ਕਿਸਾਨ ਨਹਿਰੀ ਪਾਣੀ ਨਾਲ ਖੇਤੀ ਕਰਦਾ ਸੀ। ਨਹਿਰੀ ਪਾਣੀ ਨਾਲ ਧਰਤੀ ਹੇਠਲਾ ਪਾਣੀ ਰੀਚਾਰਜ ਵੀ ਹੁੰਦਾ ਰਹਿੰਦਾ ਸੀ। ਪਰ ਹੁਣ ਦਰਿਆਵਾਂ ਵਿੱਚ ਪਾਣੀ ਘੱਟ ਗਿਆ ਹੈ, ਨਹਿਰਾਂ ਸੁੱਕ ਗਈਆਂ ਹਨ ਤੇ ਕਿਸਾਨ ਪੂਰੀ ਤਰ੍ਹਾਂ ਸਬਮਰਸੀਬਲ ਤੇ ਨਿਰਭਰ ਹੋ ਗਿਆ ਹੈ। ਜਿੰਨਾ ਪਾਣੀ ਅਸੀਂ ਕੱਢਦੇ ਹਾਂ ਉਸਦੇ ਮੁਕਾਬਲੇ ਜ਼ਮੀਨ ਵਿੱਚ ਜਾਂਦਾ ਬਹੁਤ ਘੱਟ ਹੈ। ਜਲੰਧਰ, ਲੁਧਿਆਣਾ, ਅੰਮ੍ਰਿਤਸਰ ਵਰਗੇ ਸ਼ਹਿਰਾਂ ਵਿੱਚ ਹਰ ਪਾਸੇ ਕੰਕਰੀਟ ਤੇ ਸੜਕਾਂ ਬਣ ਗਈਆਂ ਹਨ। ਪਹਿਲਾਂ ਜਦੋਂ ਮੀਂਹ ਪੈਂਦਾ ਸੀ ਤਾਂ ਪਾਣੀ ਜ਼ਮੀਨ ਵਿੱਚ ਜਜ਼ਬ ਹੋ ਜਾਂਦਾ ਸੀ। ਹੁਣ ਪਾਣੀ ਸੜਕਾਂ ਤੇ ਵਹਿ ਕੇ ਨਾਲੀਆਂ ਰਾਹੀਂ ਬਾਹਰ ਨਿਕਲ ਜਾਂਦਾ ਹੈ। ਰੀਚਾਰਜ ਦਾ ਕੁਦਰਤੀ ਸਿਸਟਮ ਹੀ ਖਤਮ ਹੋ ਗਿਆ ਹੈ। ਹੁਣ ਮੀਂਹ ਦਾ ਪੈਟਰਨ ਵੀ ਬਦਲ ਗਿਆ ਹੈ। ਜਾਂ ਤਾਂ ਬਹੁਤ ਤੇਜ਼ ਮੀਂਹ ਪੈਂਦਾ ਹੈ ਜਿਸਦਾ ਪਾਣੀ ਰੁਕਦਾ ਨਹੀਂ ਜਾਂ ਫਿਰ ਮੀਂਹ ਹੀ ਨਹੀਂ ਪੈਂਦਾ। ਘੱਟ ਮੀਂਹ ਕਾਰਨ ਵੀ ਪਾਣੀ ਦਾ ਪੱਧਰ ਥੱਲੇ ਜਾ ਰਿਹਾ ਹੈ। ਸਾਨੂੰ ਹੁਣ ਸੰਭਲਣਾ ਪਵੇਗਾ। ਸਰਕਾਰ ਇਕੱਲੀ ਕੁਝ ਨਹੀਂ ਕਰ ਸਕਦੀ। ਝੋਨੇ ਦੀ ਥਾਂ ਮੱਕੀ, ਦਾਲਾਂ, ਸਰੋਂ ਵਰਗੀਆਂ ਘੱਟ ਪਾਣੀ ਵਾਲੀਆਂ ਫਸਲਾਂ ਲਗਾਉਣੀਆਂ ਪੈਣਗੀਆਂ। ਡਰਿਪ ਤੇ ਸਪਰਿੰਕਲਰ ਸਿੰਚਾਈ ਅਪਣਾਉਣੀ ਪਵੇਗੀ। ਹਰ ਪਿੰਡ ਵਿੱਚ ਛੱਪੜਾਂ ਨੂੰ ਡੂੰਘਾ ਕਰਨਾ ਤੇ ਮੀਂਹ ਦੇ ਪਾਣੀ ਨੂੰ ਸੰਭਾਲਣਾ ਪਵੇਗਾ। ਸਭ ਤੋਂ ਜ਼ਰੂਰੀ, ਪਾਣੀ ਨੂੰ ਪੈਸੇ ਵਾਂਗ ਬਚਾਉਣਾ ਪਵੇਗਾ। ਜੇ ਅੱਜ ਨਾ ਸੰਭਲੇ ਤਾਂ ਉਹ ਦਿਨ ਦੂਰ ਨਹੀਂ ਜਦੋਂ ਸਾਡੇ ਖੂਹ, ਸਾਡੀਆਂ ਮੋਟਰਾਂ ਤੇ ਸਾਡੀ ਕਿਸਾਨੀ ਸਭ ਸੁੱਕ ਜਾਣਗੇ। ਪਾਣੀ ਹੈ ਤਾਂ ਪੰਜਾਬ ਹੈ।

**-ਦਿਨੇਸ਼ ਦਮਾਥੀਆ**, 94177-14390

## ਪਾਠਕ-ਸੱਥ

### ਔਰਤਾਂ ਦੀ ਸੁਰੱਖਿਆ ਚੁਣੌਤੀਆਂ ਅਤੇ ਸਮਾਜਿਕ ਸੱਚਾਈ

ਅੱਜ ਦੇ ਯੁੱਗ ਵਿੱਚ ਔਰਤਾਂ ਹਰ ਖੇਤਰ ਵਿੱਚ ਆਪਣੀ ਯੋਗਤਾ ਦਾ ਲੋਹਾ ਮਨਵਾ ਰਹੀਆਂ ਹਨ, ਪਰ ਜਨਤਕ ਅਤੇ ਕੰਮਕਾਜੀ ਥਾਵਾਂ @ਤੇ ਉਨ੍ਹਾਂ ਦੀ ਅਸੁਰੱਖਿਆ ਸਾਡੇ ਸਮਾਜਿਕ ਅਤੇ ਪ੍ਰਸ਼ਾਸਨਿਕ ਢਾਂਚੇ ਦੀ ਡੂੰਘੀ ਨਾਕਾਮੀ ਨੂੰ ਦਰਸਾਉਂਦੀ ਹੈ। ਕੇਵਲ ਸੀ.ਸੀ.ਟੀ.ਵੀ. ਕੈਮਰੇ, ਸਟਰੀਟ ਲਾਈਟਾਂ ਜਾਂ ਪੁਲਿਸ ਗਸ਼ਤ ਵਧਾਉਣਾ ਇਸ ਗੰਭੀਰ ਸਮੱਸਿਆ ਦਾ ਪੱਕਾ ਹੱਲ ਨਹੀਂ ਹੈ, ਕਿਉਂਕਿ ਇਹ ਕਦਮ ਕੇਵਲ ਬਾਹਰੀ ਸੁਰੱਖਿਆ ਪ੍ਰਦਾਨ ਕਰਦੇ ਹਨ, ਜਦੋਂ ਕਿ ਅਸਲ ਬੀਮਾਰੀ—ਸਮਾਜ ਵਿੱਚ ਫੈਲੀ ਪਿੱਤਰਸੱਤਾਤਮਕ ਸੋਚ ਅਤੇ ਔਰਤਾਂ ਪ੍ਰਤੀ ਨਜ਼ਰੀਆ—ਜਿਉਂ ਦੀ ਤਿਉਂ ਬਰਕਰਾਰ ਹੈ। ਜਦੋਂ ਤੱਕ ਸਾਡੀ ਧੀਮੀ ਨਿਆਂ ਪ੍ਰਣਾਲੀ ਵਿੱਚ ਦੋਸ਼ੀਆਂ ਨੂੰ ਤੁਰੰਤ ਸਜ਼ਾ ਮਿਲਣੀ ਯਕੀਨੀ ਨਹੀਂ ਹੁੰਦੀ ਅਤੇ ਸਿੱਖਿਆ ਰਾਹੀਂ ਲੋਕਾਂ ਦੀ ਮਾਨਸਿਕਤਾ ਵਿੱਚ ਜੜ੍ਹਾਂ ਤੋਂ ਬਦਲਾਅ ਨਹੀਂ ਆਉਂਦਾ, ਉਦੋਂ ਤੱਕ ਔਰਤਾਂ ਲਈ ਇੱਕ ਪੂਰੀ ਤਰ੍ਹਾਂ ਸੁਰੱਖਿਅਤ ਅਤੇ ਸਤਿਕਾਰਯੋਗ ਸਮਾਜ ਸਿਰਜਣਾ ਇੱਕ ਅਧੂਰਾ ਸੁਪਨਾ ਹੀ ਰਹੇਗਾ।

**ਜਸਲੀਨ ਕੌਰ, ਰਾਜਪੁਰਾ**

## ਬਜ਼ੁਰਗ ਸਾਡਾ ਸਰਮਾਇਆ : ਪ੍ਰੋ. ਪੁਸ਼ਪਿੰਦਰ ਗਿੱਲ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਖੇਡ ਯੂਨੀਵਰਸਿਟੀ ਵੱਲੋਂ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ 21 ਸਤੰਬਰ ਤੋਂ 30 ਸਤੰਬਰ ਤੱਕ ਬਜ਼ੁਰਗਾਂ ਦੀ ਤੰਦਰੁਸਤੀ ਲਈ 10 ਰੋਜ਼ਾ ਕੈਂਪ ਸਫਲਤਾਪੂਰਵਕ ਸੰਪੰਨ ਹੋ ਗਿਆ ਹੈ।ਖੇਡ ਯੂਨੀਵਰਸਿਟੀ ਨੇ ਇਸ ਕੈਂਪ ਜ਼ਰੀਏ ਬਜ਼ੁਰਗਾਂ ਦੀ ਸਾਂਭ-ਸੰਭਾਲ ਦਾ ਨਿਵੇਕਲਾ ਸੁਨੇਹਾ ਪੂਰੇ ਸਮਾਜ ਨੂੰ ਦਿੱਤਾ ਹੈ।ਇਸ ਕੈਂਪ ਦੇ ਵਿਦਾਇਗੀ ਸਮਾਰੋਹ ਵਿਚ ਹਾਕੀ ਉਲੰਪੀਅਨ ਡਾ. ਰੂਪਾ ਸੈਨੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਕਿਹਾ ਕਿ ਅਸੀਂ ਬਜ਼ੁਰਗਾਂ ਦੀ ਸਿਹਤ ਤੇ ਮਾਨਸਿਕ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਕੈਂਪ ਲਗਾਇਆ ਸੀ।ਅੱਜ ਦੇ ਸਮੇਂ ਬਜ਼ੁਰਗਾਂ ਨੂੰ ਸਭ ਤੋਂ ਵੱਧ ਅੱਖੋਂ-ਪਰੋਖੇ ਕੀਤਾ ਜਾਂਦਾ ਹੈ।ਪਰਿਵਾਰਾਂ ਵਿੱਚ ਜਿਹੜੀ ਪੁੱਛ-ਪੜਤਾਲ ਬਜ਼ੁਰਗਾਂ ਦੀ ਹੋਣੀ ਚਾਹੀਦੀ ਹੈ, ਉਹ ਨਹੀਂ ਹੋ ਰਹੀ ਸਗੋਂ ਉਨ੍ਹਾਂ ਨੂੰ ਵਾਧੂ ਪਈ ਵਸਤੂ ਵਜੋਂ ਦੇਖਿਆ ਜਾ ਰਿਹਾ ਹੈ, ਜਿਹੜੀ ਸਾਡੇ ਸਮਾਜ ਦੀ ਸਭ ਤੋਂ ਵੱਡੀ ਤ੍ਰਾਸਦੀ ਹੈ।ਉਨ੍ਹਾਂ ਕਿਹਾ ਕਿ ਬਜ਼ੁਰਗ ਸਾਡਾ ਸਰਮਾਇਆ ਹਨ।ਉਨ੍ਹਾਂ ਦੇ ਸਾਰੀ ਉਮਰ ਦੇ ਤਜਰਬੇ, ਉਨ੍ਹਾਂ ਦਾ ਨਜ਼ਰੀਆ ਸਾਡੇ ਲਈ ਖਜ਼ਾਨੇ ਦਾ ਕੰਮ ਕਰ ਸਕਦਾ ਹੈ।ਜਿਹੜੀਆਂ ਗੱਲਾਂ ਅਸੀਂ ਉਨ੍ਹਾਂ ਦੀ ਜ਼ਿੰਦਗੀ ਦੇ ਤਜਰਬੇ ਸਾਂਝੇ ਕਰਕੇ ਸਿੱਖ ਸਕਦੇ ਹਾਂ, ਉਹ ਕਿਸੇ ਕਿਤਾਬ ਵਿੱਚੋਂ ਨਹੀਂ ਸਿੱਖੇ ਜਾ ਸਕਦੇ।ਇਸ ਮੌਕੇ ਡਾ. ਰੂਪਾ ਸੈਨੀ ਨੇ ਕਿਹਾ ਕਿ ਮੈਂ ਖੇਡ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਗਿੱਲ ਨੂੰ ਇਸ ਨੇਕ ਉਪਰਾਲੇ ਲਈ ਵਧਾਈ ਦਿੰਦੀ ਹਾਂ।ਉਨ੍ਹਾਂ ਦੀ ਦੂਰ ਅੰਦੇਸ਼ੀ ਸਦਕਾ ਇਕ ਚੰਗਾ ਸੁਨੇਹਾ ਸਮਾਜ ਵਿਚ ਜਾ ਸਕਿਆ ਹੈ ਤੇ ਬਜ਼ੁਰਗਾਂ ਦਾ ਆਸ਼ੀਰਵਾਦ ਵੀ ਇਸ ਯੂਨੀਵਰਸਿਟੀ ਨੂੰ ਮਿਲ ਸਕਿਆ ਹੈ।ਵਿਦਾਇਗੀ ਸਮਾਰੋਹ ਦੌਰਾਨ ਬਜ਼ੁਰਗ ਆਪਣੇ ਕੈਂਪ ਦੇ ਅਨੁਭਵ ਸਾਂਝੇ ਕਰਦਿਆਂ ਕਾਫੀ ਖੁਸ਼ ਤੇ ਉਤਸ਼ਾਹਤ ਨਜ਼ਰ ਆਏ।ਅੰਤ ਵਿਚ ਸਾਰੇ ਬਜ਼ੁਰਗਾਂ ਨੂੰ ਸਨਮਾਨਤ ਵੀ ਕੀਤਾ ਗਿਆ।

## 20 ਦਿਨਾਂ ਤੋਂ ਬੰਦ ਸਰਕਾਰੀ ਬੱਸ ਰੂਟ ਚਾਲੂ ਕਰਨ ਦੀ ਮੰਗ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਦੀਨਾ, ਖਾਈ, ਰੌਂਤਾਂ, ਸਮਾਧ ਭਾਈ, ਫੂਲੇਵਾਲ ਅਤੇ ਘੋਲੀਆਂ ਕਲਾਂ ਆਦਿ ਪਿੰਡਾਂ ਤੋਂ ਚੰਡੀਗੜ੍ਹ ਜਾਣ ਵਾਲੀ ਸਰਕਾਰੀ ਬੱਸ ਪਿਛਲੇ ਕਰੀਬ 20 ਦਿਨਾਂ ਤੋਂ ਬੰਦ ਪਈ ਹੋਣ ਕਾਰਨ ਰੋਜ਼ਾਨਾ ਸਫ਼ਰ ਕਰਨ ਵਾਲੀਆਂ ਸਵਾਰੀਆਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਬੱਸ ਸੇਵਾ ਬੰਦ ਹੋਣ ਕਾਰਨ ਵਿਦਿਆਰਥੀਆਂ, ਮੁਲਾਜ਼ਮਾਂ ਅਤੇ ਹੋਰ ਜ਼ਰੂਰੀ ਕੰਮਾਂ ਲਈ ਚੰਡੀਗੜ੍ਹ ਜਾਣ ਵਾਲੇ ਲੋਕਾਂ ਨੂੰ ਹੋਰ ਸਾਧਨਾਂ 'ਤੇ ਨਿਰਭਰ ਹੋਣਾ ਪੈ ਰਿਹਾ ਹੈ।ਇਸ ਸਬੰਧੀ ਕਿਸਾਨ ਆਗੂ ਬਿੱਕਰ ਸਿੰਘ ਰੌਂਤਾਂ ਅਤੇ ਸਮੂਹ ਕਿਸਾਨ ਯੂਨੀਅਨਾਂ ਦੇ ਆਗੂਆਂ ਨੇ ਪੰਜਾਬ ਸਰਕਾਰ ਅਤੇ ਸਬੰਧਤ ਟਰਾਂਸਪੋਰਟ ਵਿਭਾਗ ਤੋਂ ਮੰਗ ਕੀਤੀ ਕਿ ਪਿਛਲੇ 20 ਦਿਨਾਂ ਤੋਂ ਬੰਦ ਪਏ ਇਸ ਸਰਕਾਰੀ ਬੱਸ ਰੂਟ ਨੂੰ ਤੁਰੰਤ ਚਾਲੂ ਕੀਤਾ ਜਾਵੇ।ਇਸ ਸਬੰਧੀ ਆਗੂਆਂ ਨੇ ਕਿਹਾ ਕਿ ਇਸ ਰੂਟ 'ਤੇ ਆਉਣ ਵਾਲੇ ਪਿੰਡਾਂ ਦੇ ਲੋਕਾਂ ਲਈ ਇਹ ਬੱਸ ਸੇਵਾ ਬਹੁਤ ਮਹੱਤਵਪੂਰਨ ਹੈ। ਬੱਸ ਬੰਦ ਹੋਣ ਕਾਰਨ ਰੋਜ਼ਾਨਾ ਆਉਣ-ਜਾਣ ਵਾਲੀਆਂ ਸਵਾਰੀਆਂ ਨੂੰ ਸਮੇਂ ਅਤੇ ਪੈਸੇ ਦੋਵਾਂ ਪੱਖੋਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਇਸ ਮਾਮਲੇ ਵੱਲ ਤੁਰੰਤ ਧਿਆਨ ਦੇਵੇ ਅਤੇ ਬੱਸ ਸੇਵਾ ਬਹਾਲ ਕਰੇ।

# ਇਨਾਇਤ ਫਾਊਂਡੇਸ਼ਨ ਵੱਲੋਂ ਗਾਂਧੀ ਜਯੰਤੀ ਨੂੰ ਸਮਰਪਤ ਵਿਦਿਆਰਥੀ ਪ੍ਰਤੀਯੋਗਤਾ

### 25 ਸਕੂਲਾਂ ਦੇ 1500 ਤੋਂ ਵੱਧ ਵਿਦਿਆਰਥੀਆਂ ਨੇ ਲਿਆ ਹਿੱਸਾ



ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੀ 157ਵੀਂ ਜਯੰਤੀ ਨੂੰ ਸਮਰਪਤ ਇਨਾਇਤ ਫਾਊਂਡੇਸ਼ਨ ਪਟਿਆਲਾ ਵੱਲੋਂ ਕਾਂਗਰਸ ਸੇਵਾ ਦਲ ਦੇ ਆਲ ਇੰਡੀਆ ਦੇ ਪ੍ਰਧਾਨ ਸ੍ਰੀ ਬੀ. ਵੀ. ਸ੍ਰੀਨਿਵਾਸ ਦੇ ਦਿਸ਼ਾ ਨਿਰਦੇਸਾ ਹੇਠ ਇੱਕ ਵਿਸ਼ਾਲ ਜ਼ਿਲ੍ਹਾ ਪੱਧਰੀ ਵਿਦਿਆਰਥੀ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ।

ਇਹ ਪ੍ਰੋਗਰਾਮ ਹਲਕਾ ਸਨੌਰ ਤੋਂ ਨੌਜਵਾਨ ਆਗੂ ਗੁਰਵਿੰਦਰ ਸਿੰਘ ਗੌਰਵ ਸੰਧੂ ਦੀ ਅਗਵਾਈ ਹੇਠ ਬੜੀ ਹੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਉੱਘੀ ਸਮਾਜ ਸੇਵਿਕਾ ਮੈਡਮ ਸਤਿੰਦਰਪਾਲ ਕੌਰ ਵਾਲੀਆਂ, ਆਲ ਇੰਡੀਆ ਕਾਂਗਰਸ ਕਮੇਟੀ ਤੋਂ ਵਨੀਤ ਕੰਬੋਜ ਹਰਿਆਣਾ, ਯੁਗੇਸ਼ ਹਾਂਡਾ ਲੁਧਿਆਣਾ, ਇੰਦਰਜੀਤ ਗਿੱਲ, ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਰਾਜੇਸ਼ ਘਾਰੂ, ਬੌਬੀ, ਰਾਮ ਚੰਦ ਟਾਕ, ਦਲਜੀਤ ਚਹਿਲ, ਨਿੰਪੀ ਵਿਰਕ, ਗੁਰਮਨ ਸੰਧੂ, ਨਛੱਤਰ ਸਿੰਘ, ਰਣਧੀਰ ਸਿੰਘ ਗਿੱਲ, ਸੁਖਵਿੰਦਰ ਸਿੰਘ, ਰਜਿਤ ਭਾਟੀਆ, ਤੰਨੂ ਕੁਮਾਰ ਸਨੌਰ, ਪਵਨ ਰਾਠੀਆ, ਗੁਰਸ਼ਰਨ ਸਿੰਘ, ਨਰਿੰਦਰ ਰਾਠੀ, ਸੁੱਖੀ ਸਨੌਰ ਨੇ ਸ਼ਿਰਕਤ ਕੀਤੀ।ਇਸ ਪ੍ਰਤੀਯੋਗਤਾ ਵਿੱਚ ਹਲਕਾ ਸਨੌਰ ਤੇ ਪਟਿਆਲਾ ਤੋਂ 25 ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ 1500 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਵਿੱਚ ਗਾਂਧੀ ਜੀ ਦੇ ਵਿਚਾਰਾਂ, ਸੱਚ, ਅਹਿੰਸਾ ਤੇ ਸਵੱਛਤਾ ਦੇ ਸੁਨੇਹੇ ਨੂੰ ਲੈ ਕੇ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

ਇਸ ਮੌਕੇ ਮੁੱਖ ਤੌਰ 'ਤੇ ਲੇਖ ਪ੍ਰਤੀਯੋਗਤਾ, ਭਾਸ਼ਣ ਪ੍ਰਤੀਯੋਗਤਾ ਦੇ ਮੁਕਾਬਲੇ ਕਰਵਾਏ ਗਏ।ਹਰ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਕਲਾ ਤੇ ਵਿਚਾਰਾਂ ਰਾਹੀਂ ਗਾਂਧੀ ਜੀ ਦੇ ਜੀਵਨ ਦਰਸ਼ਨ ਨੂੰ ਬੜੇ ਸੁੰਦਰ ਢੰਗ ਨਾਲ ਪੇਸ਼ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਗੁਰਵਿੰਦਰ ਸਿੰਘ ਗੌਰਵ ਸੰਧੂ ਹਲਕਾ ਸਨੌਰ ਨੇ ਕਿਹਾ ਕਿ ਮਹਾਤਮਾ ਗਾਂਧੀ ਜੀ ਸਿਰਫ ਇੱਕ ਵਿਅਕਤੀ ਨਹੀਂ, ਸਗੋਂ ਇੱਕ ਵਿਚਾਰਧਾਰਾ ਹਨ।ਅੱਜ ਦੇ ਸਮੇਂ ਵਿੱਚ ਜਦੋਂ ਸਮਾਜ ਵਿੱਚ ਨਫ਼ਰਤ ਤੇ ਹਿੰਸਾ ਵੱਧ ਰਹੀ ਹੈ, ਉਦੋਂ ਗਾਂਧੀ ਜੀ ਦੇ ਸੱਚ ਅਤੇ ਅਹਿੰਸਾ ਦੇ ਰਸਤੇ 'ਤੇ ਚੱਲਣ ਦੀ ਸਭ ਤੋਂ ਵੱਧ ਲੋੜ ਹੈ।ਉਨ੍ਹਾਂ ਕਿਹਾ ਕਿ ਇਨਾਇਤ ਫਾਊਂਡੇਸ਼ਨ ਦਾ ਮੁੱਖ ਮਕਸਦ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਨੇਤਾਵਾਂ ਦੇ ਇਤਿਹਾਸ ਤੇ ਕੁਰਬਾਨੀਆਂ ਤੋਂ ਜਾਣੂ ਕਰਵਾਉਣਾ ਹੈ ਤਾਂ ਜੋ ਉਹ ਦੇਸ਼ ਦੇ ਚੰਗੇ ਨਾਗਰਿਕ ਬਣ ਸਕਣ।ਪ੍ਰਤੀਯੋਗਤਾ ਦੇ ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡ ਸਮਾਰੋਹ ਕਰਕੇ ਸਨਮਾਨਤ ਕੀਤਾ ਗਿਆ।ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਾਈਕਲ, ਟੈਬਲੇਟ, ਮੈਡਲ, ਸਰਟੀਫਿਕੇਟ ਦਿੱਤੇ ਗਏ।ਇਸ ਤੋਂ ਇਲਾਵਾ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਲਈ ਪ੍ਰਸੰਸਾ ਪੱਤਰ ਤੇ ਮੈਡਲ ਵੀ ਦਿੱਤੇ ਗਏ।

## ਦਸਤਾਵੇਜ਼ੀ ਫਿਲਮ ਦਿਖਾਉਣ ਦਾ ਸਿਲਸਿਲਾ ਜਾਰੀ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਨੇ ਬੀਤੇ ਦਿਨੀ ਸ੍ਰੀ ਮੁਕਤਸਰ ਸਾਹਿਬ ਵਿਧਾਨ ਸਭਾ ਹਲਕੇ ਦੇ ਰਹੂੜਿਆਂਵਾਲੀ, ਗੋਨੇਆਣਾ ਤੇ ਮੁਕਤਸਰ ਦਿਹਾਤੀ ਵਿਖੇ ਪੁੱਜੀ।ਇਸ ਮੌਕੇ ਇਨ੍ਹਾਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਇਸ ਮੌਕੇ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ, ਸਮਾਜਿਕ ਬਰਾਬਰੀ, ਆਪਸੀ ਸਦਭਾਵਨਾ ਤੇ ਉੱਚ-ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਮਹਾਨ ਸੰਦੇਸ਼ 'ਤੇ ਅਧਾਰਤ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ।ਦਸਤਾਵੇਜ਼ੀ ਫਿਲਮ ਰਾਹੀਂ ਹਾਜ਼ਰ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਤੇ ਮਨੁੱਖਤਾ ਦੇ ਭਲੇ ਲਈ ਦਿੱਤੇ ਅਮੁੱਲੇ ਸੰਦੇਸ਼ਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਹਾਜ਼ਰ ਦਰਸ਼ਕਾਂ ਨੇ ਡਾਕੂਮੈਂਟਰੀ ਸ਼ੋਅ ਨੂੰ ਬਹੁਤ ਸ਼ਰਧਾ ਤੇ ਰੁਚੀ ਨਾਲ ਦੇਖਿਆ ਤੇ ਗੁਰੂ ਸਾਹਿਬ ਵੱਲੋਂ ਦਰਸਾਏ ਸਮਾਨਤਾ, ਭਾਈਚਾਰੇ ਤੇ ਮਨੁੱਖੀ ਏਕਤਾ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਲਿਆ।

## ਸੱਤਪਾਲ ਵਰਮਾ ਨੂੰ ਮੁੜ ਓ ਬੀ ਸੀ ਸੈੱਲ ਦਾ ਬਣਾਇਆ ਜ਼ਿਲ੍ਹਾ ਪ੍ਰਧਾਨ



ਮਾਨਸਾ (ਆਤਮਾ ਸਿੰਘ ਪਮਾਰ)-ਆਲ ਇੰਡੀਆ ਕਾਂਗਰਸ ਕਮੇਟੀ ਓਬੀਸੀ ਸੈੱਲ ਦੇ ਪ੍ਰਧਾਨ ਅਨਿਲ ਜੈਹਿੰਦ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓਬੀਸੀ ਸੈੱਲ ਦੇ ਸੂਬਾ ਪ੍ਰਧਾਨ ਤੇ ਸਾਬਕਾ ਵਿਧਾਇਕ ਅੰਗਦ ਸੈਣੀ ਵੱਲੋਂ ਸਤਪਾਲ ਵਰਮਾ ਨੂੰ ਮੁੜ ਤੋਂ ਓਬੀਸੀ ਸੈੱਲ ਮਾਨਸਾ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਵਰਮਾ ਦੀ ਮੁੜ ਨਿਯੁਕਤੀ ਦੀ ਖ਼ਬਰ ਮਿਲਦਿਆਂ ਹੀ ਜ਼ਿਲ੍ਹੇ ਦੇ ਕਾਂਗਰਸੀ ਵਰਕਰਾਂ ਅਤੇ ਸਮਰੱਥਕਾਂ 'ਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਸੱਤਪਾਲ ਵਰਮਾ ਨੂੰ ਹਲਕਾ ਇੰਚਾਰਜ ਸਰਦੂਲਗੜ੍ਹ, ਬਿਕਰਮ ਸਿੰਘ ਮੋਫਰ, ਸਾਬਕਾ ਵਿਧਾਇਕ ਅਜੀਤ ਇੰਦਰ ਸਿੰਘ ਮੋਫਰ ਦੇ ਪਰਿਵਾਰ ਦੇ ਨਜ਼ਦੀਕੀ ਮੰਨਿਆ ਜਾਂਦਾ ਹੈ।ਉਨ੍ਹਾਂ ਦੀ ਇਸ ਨਿਯੁਕਤੀ ਨੂੰ ਜ਼ਿਲ੍ਹੇ 'ਚ ਕਾਂਗਰਸ ਦੇ ਓਬੀਸੀ ਵਰਗ ਨਾਲ ਜੁੜੇ ਲੋਕਾਂ ਲਈ ਅਹਿਮ ਜ਼ਿੰਮੇਵਾਰੀ ਵਜੋਂ ਵੀ ਦੇਖਿਆ ਜਾ ਰਿਹਾ ਹੈ।ਇਸ ਮੌਕੇ ਸਤਪਾਲ ਵਰਮਾ ਨੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਓਬੀਸੀ ਸੈੱਲ ਦੇ ਪ੍ਰਧਾਨ ਅਨਿਲ ਜੈਹਿੰਦ, ਸੂਬਾ ਪ੍ਰਧਾਨ ਅੰਗਦ ਸੈਣੀ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਕੁਲਵੰਤ ਰਾਏ ਸਿੰਗਲਾ, ਅਜੀਤ ਇੰਦਰ ਸਿੰਘ ਮੋਫਰ, ਬਿਕਰਮ ਸਿੰਘ ਮੋਫਰ, ਬਲਕੌਰ ਸਿੰਘ ਸਿੱਧੂ ਮੂਸਾ, ਰਣਵੀਰ ਕੌਰ ਮੀਆਂ ਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਓਬੀਸੀ ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਾਰਟੀ ਪੱਧਰ 'ਤੇ ਉਠਾਉਣ ਦੇ ਨਾਲ-ਨਾਲ ਕਾਂਗਰਸ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪੁਚਾਉਣ ਲਈ ਯਤਨਸ਼ੀਲ ਰਹਿਣਗੇ।

## ਥਾਣਾ ਸਦਰ ਦੇ ਨਵੇਂ ਇੰਚਾਰਜ ਦਾ ਸਵਾਗਤ



ਸਮਾਣਾ (ਇਕਬਾਲ ਸਿੰਘ ਬੱਲ)-ਥਾਣਾ ਸਦਰ ਦੇ ਇੰਚਾਰਜ ਵਜੋਂ ਇੰਸਪੈਕਟਰ ਬਿਕਰਮਜੀਤ ਸਿੰਘ ਵੱਲੋਂ ਅਹੁਦਾ ਸੰਭਾਲਣ ਉਪਰੰਤ ਇਲਾਕੇ ਦੀਆਂ ਵੱਖ-ਵੱਖ ਪੰਚਾਇਤਾਂ ਤੇ ਸਮਾਜਿਕ ਆਗੂਆਂ ਵੱਲੋਂ ਉਨ੍ਹਾਂ ਨਾਲ ਮੁਲਾਕਾਤ ਕਰਕੇ ਸਵਾਗਤ ਕੀਤਾ ਜਾ ਰਿਹਾ ਹੈ।ਇਸੇ ਤਹਿਤ ਸਰਪੰਚ ਯੂਨੀਅਨ ਦੇ ਸਾਬਕਾ ਪ੍ਰਧਾਨ ਗੁਰਬੇਜ ਸਿੰਘ ਭੇਜਾ ਮਿਆਲਾ ਤੇ ਅੰਮ੍ਰਿਤਪਾਲ ਸਿੰਘ ਸਰਪੰਚ ਵੱਲੋਂ ਥਾਣਾ ਸਦਰ ਵਿਖੇ ਪਹੁੰਚ ਕੇ ਇੰਸਪੈਕਟਰ ਬਿਕਰਮਜੀਤ ਸਿੰਘ ਨੂੰ ਫੁੱਲਾਂ ਦਾ ਬੁੱਕਾ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ।ਗੁਰਭੇਜ ਸਿੰਘ ਭੇਜਾ ਮਿਆਲਾ ਅਤੇ ਅੰਮ੍ਰਿਤਪਾਲ ਸਿੰਘ ਸਰਪੰਚ ਨੇ ਕਿਹਾ ਕਿ ਥਾਣਾ ਸਦਰ ਸਮਾਣਾ ਦੇ ਨਵੇਂ ਇੰਚਾਰਜ ਵਜੋਂ ਇੰਸਪੈਕਟਰ ਬਿਕਰਮਜੀਤ ਸਿੰਘ ਦੀ ਨਿਯੁਕਤੀ ਨਾਲ ਇਲਾਕਾ ਵਾਸੀਆਂ ਨੂੰ ਪੁਲਿਸ ਪ੍ਰਸ਼ਾਸਨ ਤੋਂ ਚੰਗੀਆਂ ਉਮੀਦਾਂ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਪੁਲਿਸ ਤੇ ਪਿੰਡਾਂ ਦੀਆਂ ਪੰਚਾਇਤਾਂ ਵਿਚਕਾਰ ਆਪਸੀ ਤਾਲਮੇਲ ਬਹੁਤ ਜ਼ਰੂਰੀ ਹੈ।ਇੰਸਪੈਕਟਰ ਬਿਕਰਮਜੀਤ ਸਿੰਘ ਨੇ ਸਵਾਗਤ ਕਰਨ ਲਈ ਆਏ ਪਤਵੰਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੁਲਿਸ ਲੋਕਾਂ ਦੀ ਸੁਰੱਖਿਆ ਅਤੇ ਸੇਵਾ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਕਾਇਮ ਰੱਖਣ ਲਈ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ ਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ ਜਾਵੇਗਾ।

## ਝਨੇੜੀ 'ਚ 30.50 ਲੱਖ ਦੇ ਵਿਕਾਸ ਕਾਰਜ ਲੋਕਾਂ ਨੂੰ ਸਮਰਪਤ



ਭਵਾਨੀਗੜ੍ਹ (ਰਾਜ ਖੁਰਮੀ)-ਵਿਧਾਨ ਸਭਾ ਹਲਕਾ ਸੰਗਰੂਰ ਦੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਤੋਰਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਝਨੇੜੀ ਵਿਖੇ ਕੁੱਲ 30.50 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਕੇ ਇਹ ਸਹੂਲਤਾਂ ਪਿੰਡ ਵਾਸੀਆਂ ਨੂੰ ਸਮਰਪਤ ਕੀਤੀਆਂ।ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਗੁਰੂ ਰਵਿਦਾਸ ਜੀ ਧਰਮਸ਼ਾਲਾ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਸ਼ੈੱਡ ਦਾ ਉਦਘਾਟਨ ਕੀਤਾ।ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਧਰਮਸ਼ਾਲਾਵਾਂ ਲੋਕਾਂ ਦੇ ਸਾਂਝੇ ਸਮਾਜਿਕ ਜੀਵਨ ਦਾ ਅਹਿਮ ਕੇਂਦਰ ਹੁੰਦੀਆਂ ਹਨ, ਜਿੱਥੇ ਵੱਖ-ਵੱਖ ਸਮਾਗਮ ਤੇ ਸਾਂਝੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ।ਸ਼ੈੱਡ ਬਣਨ ਨਾਲ ਪਿੰਡ ਵਾਸੀਆਂ ਨੂੰ ਧੁੱਪ ਤੇ ਮੀਂਹ ਦੌਰਾਨ ਸਮਾਗਮ ਕਰਵਾਉਣ ਲਈ ਸੁਵਿਧਾਜਨਕ ਥਾਂ ਉਪਲਬਧ ਹੋਵੇਗੀ।ਇਸ ਤੋਂ ਇਲਾਵਾ ਵਿਧਾਇਕ ਵੱਲੋਂ 20.50 ਲੱਖ ਰੁਪਏ ਦੀ ਲਾਗਤ ਨਾਲ ਗੁਰਦੁਆਰਾ ਸਾਹਿਬ ਨਾਨਕ ਦਰਬਾਰ ਤੋਂ ਡੇਰਾ ਬਾਬਾ ਮਸਤ ਰਾਮ ਜੀ ਤੱਕ ਤੇ ਸ਼ਿਵ ਮੰਦਰ ਤੋਂ ਸਟੇਡੀਅਮ ਤੱਕ ਦੇ ਰਸਤਿਆਂ 'ਤੇ ਲਗਾਈਆਂ ਗਈਆਂ ਇੰਟਰਲਾਕ ਟਾਈਲਾਂ ਦੇ ਕੰਮ ਦਾ ਵੀ ਉਦਘਾਟਨ ਕੀਤਾ ਗਿਆ।ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪਿੰਡਾਂ ਦੇ ਰਸਤਿਆਂ ਨੂੰ ਸੁਚੱਜਾ ਬਣਾਉਣ ਨਾਲ ਲੋਕਾਂ ਦੀ ਰੋਜ਼ਾਨਾ ਆਵਾਜਾਈ ਸੁਖਾਲੀ ਹੁੰਦੀ ਹੈ।ਇਨ੍ਹਾਂ ਰਸਤਿਆਂ ਦੇ ਨਿਰਮਾਣ ਨਾਲ ਧਾਰਮਿਕ ਅਸਥਾਨਾਂ, ਸਟੇਡੀਅਮ ਤੇ ਹੋਰ ਸਾਂਝੀਆਂ ਥਾਵਾਂ ਤੱਕ ਆਉਣ-ਜਾਣ ਵਾਲੇ ਪਿੰਡ ਵਾਸੀਆਂ ਨੂੰ ਸਹੂਲਤ ਮਿਲੇਗੀ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰੀ ਤੌਰ 'ਤੇ ਮੁਹੱਈਆ ਕਰਵਾਈਆਂ ਗਈਆਂ ਸਾਂਝੀਆਂ ਸਹੂਲਤਾਂ ਦੀ ਸੰਭਾਲ ਕਰਨ ਤੇ ਆਲੇ-ਦੁਆਲੇ ਦੀ ਸਫ਼ਾਈ ਰੱਖਣ ਵਿੱਚ ਆਪਣਾ ਸਹਿਯੋਗ ਦੇਣ।ਇਸ ਮੌਕੇ ਕ੍ਰਿਸ਼ਨ ਸਿੰਘ ਸਮੇਤ ਪਿੰਡ ਵਾਸੀ ਤੇ ਹੋਰ ਪਤਵੰਤੇ ਹਾਜ਼ਰ ਸਨ।

## ਝੋਨੇ ਦੇ ਸੀਜ਼ਨ ਤੋਂ ਪਹਿਲਾਂ ਪੁੱਟੀਆਂ ਸੜਕਾਂ ਬਣਾਉਣ ਦੀ ਮੰਗ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਪੰਜਾਬ ਸਰਕਾਰ ਵੱਲੋਂ 1 ਅਕਤੂਬਰ ਤੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ।ਮੌਸਮ ਦੀ ਨਾਰਾਜ਼ਗੀ ਕਾਰਨ ਇਸ ਵਾਰ ਝੋਨੇ ਦੀ ਫਸਲ ਦੀ ਆਮਦ ਕੁਝ ਦੇਰੀ ਨਾਲ ਹੋ ਰਹੀ ਹੈ।ਇਸੇ ਦੌਰਾਨ ਸ਼ਹਿਰ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਕਾਰਨ ਪੁੱਟੀਆਂ ਸੜਕਾਂ ਦੀ ਮੌਜੂਦਾ ਹਾਲਤ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਚਿੰਤਾ ਪ੍ਰਗਟ ਕੀਤੀ ਹੈ।ਹਨੀ ਫੱਤਣਵਾਲਾ ਨੇ ਪ੍ਰਸ਼ਾਸਨ ਤੋਂ ਕੋਟਕਪੂਰਾ ਰੋਡ ਤੋਂ ਬੂੜਾ ਗੁੱਜਰ ਰੋਡ ਤੱਕ ਸੜਕ ਦੀ ਜਲਦ ਮੁਰੰਮਤ ਕਰਵਾਉਣ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਸੜਕ 'ਤੇ ਥਾਂ-ਥਾਂ ਵੱਡੇ ਟੋਏ ਪਏ ਹੋਏ ਹਨ, ਜਿਸ ਕਾਰਨ ਆਉਣ ਵਾਲੇ ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਦੀਆਂ ਟਰਾਲੀਆਂ ਤੇ ਹੋਰ ਵਾਹਨਾਂ ਨੂੰ ਲੰਘਣ ਵਿੱਚ ਮੁਸ਼ਕਲਾਂ ਆ ਸਕਦੀਆਂ ਹਨ।ਉਨ੍ਹਾਂ ਖਾਸ ਤੌਰ 'ਤੇ ਬੂੜਾ ਗੁੱਜਰ ਰੋਡ 'ਤੇ ਰਜਬਾਹੇ ਦੇ ਨਵੇਂ ਬਣੇ ਪੁਲ ਦੀ ਹਾਲਤ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੁਲ ਦੇ ਦੋਵੇਂ ਪਾਸਿਆਂ ਤੋਂ ਸਰੀਏ ਬਾਹਰ ਨਿਕਲੇ ਹੋਏ ਹਨ।ਉਨ੍ਹਾਂ ਅਨੁਸਾਰ ਇਸ ਕਾਰਨ ਵਾਹਨਾਂ ਦੇ ਟਾਇਰ ਨੁਕਸਾਨੇ ਜਾਣ ਤੇ ਹਾਦਸੇ ਦਾ ਖ਼ਤਰਾ ਬਣਿਆ ਹੋਇਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਵਿੰਦਰ ਸਿੰਘ ਰਿੰਪੂ ਬਰਾੜ, ਸਮਸ਼ੇਰ ਸਿੰਘ ਕੋਟਲੀ ਦੇਵਨ, ਪਰਮਜੀਤ ਸਿੰਘ ਬਰਾੜ, ਲਾਡੀ ਸ਼ਰਮਾ ਲੰਬੀ ਢਾਬ, ਜਗਸੀਰ ਸਿੰਘ, ਗੁਰਵਿੰਦਰ ਸਿੰਘ ਬੱਬੂ ਤੇ ਸਤਵਿੰਦਰ ਸਿੰਘ ਮੌਜੂਦ ਸਨ।

## ਕਣਕ 'ਚ 25 ਪੈਸੇ ਪ੍ਰਤੀ ਕਿੱਲੋ ਵਾਧਾ ਕਿਸਾਨਾਂ ਨਾਲ ਕੋਝਾ ਮਜ਼ਾਕ : ਏ ਆਈ ਕੇ ਐੱਸ

ਲੁਧਿਆਣਾ (ਐਮ ਐਸ ਭਾਟੀਆ)-ਨਵੀਂ ਦਿੱਲੀ ਤੋਂ ਜਾਰੀ ਆਲ ਇੰਡੀਆ ਕਿਸਾਨ ਸਭਾ (ਏਆਈਕੇਐਸ) ਨੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਹਾੜ੍ਹੀ ਦੀਆਂ ਫਸਲਾਂ ਲਈ ਐਲਾਨੀ ਗਈ ਐਮਐਸਪੀ ਨੂੰ ਕਿਸਾਨਾਂ ਨਾਲ 'ਹਿਸਾਬੀ ਧੋਖਾ' ਤੇ ਅਪਮਾਨਜਨਕ ਕਰਾਰ ਦਿੱਤਾ ਹੈ।ਕਿਸਾਨ ਸਭਾ ਨੇ ਆਖਿਆ ਕਿ ਸੋਕੇ ਵਰਗੇ ਹਾਲਾਤਾਂ ਦੌਰਾਨ ਕਣਕ ਦੇ ਭਾਅ ਵਿੱਚ ਮਹਿਜ਼ 25 ਰੁਪਏ ਪ੍ਰਤੀ ਕੁਇੰਟਲ (25 ਪੈਸੇ ਪ੍ਰਤੀ ਕਿੱਲੋ) ਦਾ ਵਾਧਾ ਕੀਤਾ ਗਿਆ ਹੈ, ਜੋ ਪਿਛਲੇ ਦੋ ਦਹਾਕਿਆਂ ਵਿੱਚ ਸਭ ਤੋਂ ਘੱਟ (ਸਿਰਫ਼ 0.97%) ਵਾਧਾ ਹੈ। ਏਆਈਕੇਐਸ ਦੇ ਪ੍ਰਧਾਨ ਰਾਜਨ ਕਸ਼ੀਰਸਾਗਰ ਤੇ ਜਨਰਲ ਸਕੱਤਰ ਰਾਵੁਲਾ ਵੇਂਕਈਆ ਨੇ ਕਿਹਾ ਕਿ ਸਰਕਾਰ ਏ2+ਐਫਐਲ ਫਾਰਮੂਲੇ ਦੇ ਅਧਾਰ 'ਤੇ 106 ਫੀਸਦੀ ਲਾਭ ਦਾ ਝੂਠਾ ਦਾਅਵਾ ਕਰ ਰਹੀ ਹੈ।ਜੇਕਰ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਸੀ2+50% ਦੇ ਹਿਸਾਬ ਨਾਲ ਵੇਖਿਆ ਜਾਵੇ ਤਾਂ ਕਣਕ ਦੀ ਕੀਮਤ ਘੱਟੋ-ਘੱਟ 2,744 ਰੁਪਏ ਪ੍ਰਤੀ ਕੁਇੰਟਲ ਬਣਦੀ ਹੈ, ਜਦੋਂਕਿ ਸਰਕਾਰ ਨੇ ਸਿਰਫ 2,610 ਰੁਪਏ ਐਲਾਨੀ ਹੈ।ਇਸ ਨਾਲ ਕਿਸਾਨਾਂ ਨੂੰ ਪ੍ਰਤੀ ਕੁਇੰਟਲ 134 ਰੁਪਏ ਅਤੇ ਹੋਰ ਫਸਲਾਂ ਜਿਵੇਂ ਛੋਲੇ ਤੇ ਸਰ੍ਹੋਂ ਵਿੱਚ ਇਸ ਤੋਂ ਵੀ ਵੱਡਾ ਘਾਟਾ ਪਵੇਗਾ।ਕਿਸਾਨ ਆਗੂਆਂ ਨੇ ਦੋਸ਼ ਲਾਇਆ ਕਿ ਡੀਜ਼ਲ, ਖਾਦਾਂ ਤੇ ਮਜ਼ਦੂਰੀ ਦੇ ਖਰਚੇ ਲਗਾਤਾਰ ਵਧਣ ਦੇ ਬਾਵਜੂਦ ਸੀਏਸੀਪੀ ਲਾਗਤਾਂ ਨੂੰ ਘਟਾ ਕੇ ਦਿਖਾ ਰਿਹਾ ਹੈ।ਇਸ ਤੋਂ ਇਲਾਵਾ, ਅਮਰੀਕਾ ਸਮੇਤ ਹੋਰ ਦੇਸ਼ਾਂ ਨਾਲ ਕੀਤੇ ਜਾ ਰਹੇ ਵਪਾਰਕ ਸਮਝੌਤਿਆਂ ਰਾਹੀਂ ਬਾਹਰੋਂ ਸਸਤੇ ਤੇਲ ਤੇ ਫਸਲਾਂ ਆਯਾਤ ਕਰਕੇ ਦੇਸ਼ ਦੇ ਕਿਸਾਨਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਜਾ ਰਿਹਾ ਹੈ।

# ਪੌਦੇ ਲਗਾਉਣਾ ਆਉਣ ਵਾਲੀਆਂ ਪੀੜ੍ਹੀਆਂ ਲਈ ਚੰਗਾ ਨਿਵੇਸ਼ : ਸੀਪਾ ਅਸਪਾਲ, ਹੌਲਦਾਰ ਸੁਖਪਾਲ ਸਿੰਘ

### ਸਹਾਰਾ ਕਲੱਬ ਵੱਲੋਂ ਬੂਟੇ ਲਗਾਉਣ ਦੀ ਮੁਹਿੰਮ ਦੀ ਸ਼ਲਾਘਾ



ਭੀਖੀ (ਧਰਮਵੀਰ ਸ਼ਰਮਾ)-ਸਹਾਰਾ ਕਲੱਬ (ਰਜਿ.) ਭੀਖੀ ਵੱਲੋਂ ਸਵ. ਵੇਦ ਤਾਇਲ ਦੀ ਯਾਦ ਵਿੱਚ 2100 ਬੂਟੇ ਲਗਾਉਣ ਦੀ ਚੱਲ ਰਹੀ ਵਾਤਾਵਰਨ ਸੰਭਾਲ ਮੁਹਿੰਮ ਨੂੰ ਲਗਾਤਾਰ ਲੋਕਾਂ ਦਾ ਸਹਿਯੋਗ ਮਿਲ ਰਿਹਾ ਹੈ। ਇਸ ਮੁਹਿੰਮ ਤਹਿਤ ਸ਼੍ਰੀ ਦੁਰਗਾ ਮੰਦਿਰ ਤੇ ਗਊਸ਼ਾਲਾ ਭੀਖੀ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸਮਾਜਸੇਵੀ ਤੇ ਵਾਤਾਵਰਨ ਪ੍ਰੇਮੀ ਸੀਪਾ ਅਸਪਾਲ ਕਲਾਂ ਤੇ ਪੰਜਾਬ ਪੁਲਸ ਦੇ ਹੌਲਦਾਰ ਸੁਖਪਾਲ ਸਿੰਘ ਵੱਲੋਂ ਬੂਟੇ ਲਗਾ ਕੇ ਸਹਾਰਾ ਕਲੱਬ ਦੇ ਮੈਂਬਰਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਇਸ ਮੌਕੇ ਸੀਪਾ ਅਸਪਾਲ ਕਲਾਂ ਨੇ ਗਊਸ਼ਾਲਾ ਵਿਖੇ ਬੂਟਾ ਲਗਾਉਂਦਿਆਂ ਕਿਹਾ ਕਿ ਸਹਾਰਾ ਕਲੱਬ ਵੱਲੋਂ ਵਾਤਾਵਰਨ ਦੀ ਸੰਭਾਲ ਲਈ ਸ਼ੁਰੂ ਕੀਤੀ ਗਈ ਇਹ ਮੁਹਿੰਮ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਾਤਾਵਰਨ ਨੂੰ ਬਚਾਉਣ ਲਈ ਸਿਰਫ਼ ਗੱਲਾਂ ਕਰਨ ਦੀ ਬਜਾਏ ਧਰਾਤਲ 'ਤੇ ਕੰਮ ਕਰਨ ਦੀ ਲੋੜ ਹੈ ਤੇ ਬੂਟੇ ਲਗਾਉਣਾ ਇਸ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਬੂਟੇ ਲਗਾਉਣਾ ਸਿਰਫ਼ ਅੱਜ ਲਈ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਇੱਕ ਚੰਗਾ ਨਿਵੇਸ਼ ਹੈ। ਜੇਕਰ ਅਸੀਂ ਆਪਣੇ ਬੱਚਿਆਂ ਨੂੰ ਸਾਫ਼ ਹਵਾ ਤੇ ਹਰਿਆ-ਭਰਿਆ ਵਾਤਾਵਰਨ ਦੇਣਾ ਚਾਹੁੰਦੇ ਹਾਂ ਤਾਂ ਹਰੇਕ ਵਿਅਕਤੀ ਨੂੰ ਇਸ ਮੁਹਿੰਮ ਨਾਲ ਜੁੜਨਾ ਚਾਹੀਦਾ ਹੈ। ਸੀਪਾ ਅਸਪਾਲ ਕਲਾਂ ਤੇ ਹੌਲਦਾਰ ਸੁਖਪਾਲ ਸਿੰਘ ਨੇ ਸਹਾਰਾ ਕਲੱਬ ਦੇ ਮੈਂਬਰਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਸਵ. ਵੇਦ ਤਾਇਲ ਦੀ ਯਾਦ ਵਿੱਚ 2100 ਬੂਟੇ ਲਗਾਉਣ ਦੀ ਮੁਹਿੰਮ ਨੂੰ ਇੱਕ ਸਮਾਜਿਕ ਸੰਦੇਸ਼ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਲੱਬ ਵੱਲੋਂ ਕੀਤੇ ਜਾ ਰਹੇ ਸਮਾਜਸੇਵੀ ਕੰਮਾਂ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਦੇਣ ਦੀ ਗੱਲ ਆਖੀ। ਇਸ ਮੌਕੇ ਸਹਾਰਾ ਕਲੱਬ ਦੇ ਮੈਂਬਰਾਂ ਨੇ ਸੀਪਾ ਅਸਪਾਲ ਕਲਾਂ ਤੇ ਹੌਲਦਾਰ ਸੁਖਪਾਲ ਸਿੰਘ ਦਾ ਮੁਹਿੰਮ ਵਿੱਚ ਸ਼ਾਮਲ ਹੋਣ ਲਈ ਧੰਨਵਾਦ ਕੀਤਾ।

# ਸੜਕ ਦਾ ਨਿਰਮਾਣ ਕਾਰਜ ਅੱਧ-ਵਿਚਕਾਰ ਛੱਡੇ ਜਾਣ ਕਾਰਨ ਲੋਕ ਪ੍ਰੇਸ਼ਾਨ

### ਠੇਕੇਦਾਰ ਗਾਇਬ, ਪ੍ਰਸ਼ਾਸਨ ਤੇ ਸਿਆਸੀ ਆਗੂ ਚੁੱਪ



ਬਰੇਟਾ (ਗੀਤਵਾਲ)-ਸਥਾਨਕ ਸ਼ਹਿਰ ਦੇ ਦਿਆਲਪੁਰਾ ਰੋਡ ਵਾਲੀ ਸੜਕ ਦਾ ਨਿਰਮਾਣ ਕਾਰਜ ਅੱਧ-ਵਿਚਕਾਰ ਛੱਡੇ ਜਾਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਹਾਲਾਤ ਇਹ ਹਨ ਕਿ ਇੰਝ ਜਾਪਦਾ ਹੈ ਜਿਵੇਂ ਠੇਕੇਦਾਰ ਕੰਮ ਅਧੂਰਾ ਛੱਡ ਕੇ ਨੱਠ ਗਿਆ ਹੋਵੇ।ਸੜਕ ਦੀ ਪੁਟਾਈ ਕਰ ਕੇ ਛੱਡ ਦਿੱਤੀ ਗਈ ਹੈ, ਜਿਸ ਕਾਰਨ ਥਾਂ-ਥਾਂ ਟੋਏ, ਉੱਖੜੇ ਹੋਏ ਰੋੜੇ ਤੇ ਧੂੜ-ਮਿੱਟੀ ਦਾ ਆਲਮ ਹੈ।ਸਥਾਨਕ ਵਾਸੀਆਂ ਦਾ ਕਹਿਣਾ ਹੈ ਕਿ ਇਸ ਸੜਕ ਦਾ ਕਾਰਜ ਮਹੀਨਾ ਕੁ ਪਹਿਲਾਂ ਸ਼ੁਰੂ ਹੋਇਆ ਸੀ, ਪਰ ਕੁਝ ਦਿਨ ਚੱਲਣ ਮਗਰੋਂ ਠੇਕੇਦਾਰ ਦੀ ਮਸ਼ੀਨਰੀ ਤੇ ਮਜ਼ਦੂਰ ਮੌਕੇ ਤੋਂ ਗਾਇਬ ਹੋ ਗਏ।ਉਸ ਤੋਂ ਬਾਅਦ ਨਾ ਕੋਈ ਕੰਮ ਮੁੜ ਸ਼ੁਰੂ ਹੋਇਆ ਤੇ ਨਾ ਹੀ ਕਿਸੇ ਅਧਿਕਾਰੀ ਨੇ ਸਾਰ ਲਈ।ਇਸ ਸੜਕ ਤੋਂ ਰੋਜ਼ਾਨਾ ਸਕੂਲੀ ਬੱਚੇ, ਦੁਕਾਨਦਾਰ, ਕਿਸਾਨ ਤੇ ਦਫ਼ਤਰੀ ਮੁਲਾਜ਼ਮ ਲੰਘਦੇ ਹਨ, ਜਿਨ੍ਹਾਂ ਨੂੰ ਹਰ ਰੋਜ਼ ਠਿੱਡੇ ਖਾਣੇ ਪੈ ਰਹੇ ਹਨ।

ਦੋ-ਪਹੀਆ ਵਾਹਨ ਚਾਲਕਾਂ ਲਈ ਇਹ ਸੜਕ ਖ਼ਾਸ ਤੌਰ 'ਤੇ ਖ਼ਤਰਨਾਕ ਬਣੀ ਹੋਈ ਹੈ।ਇਲਾਕਾ ਨਿਵਾਸੀਆਂ ਨੇ ਦੱਸਿਆ ਕਿ ਹੁਣ ਤੱਕ ਕਈ ਲੋਕ ਡਿੱਗ ਕੇ ਜ਼ਖ਼ਮੀ ਹੋ ਚੁੱਕੇ ਹਨ, ਦੁਕਾਨਦਾਰਾਂ ਦਾ ਕਹਿਣਾ ਹੈ ਕਿ ਉੱਡਦੀ ਧੂੜ ਕਾਰਨ ਉਨ੍ਹਾਂ ਦੇ ਕਾਰੋਬਾਰ ਵੀ ਪ੍ਰਭਾਵਿਤ ਹੋ ਰਹੇ ਹਨ ਅਤੇ ਗਾਹਕ ਆਉਣ ਤੋਂ ਕਤਰਾਉਣ ਲੱਗੇ ਹਨ।

ਲੋਕਾਂ ਵਿੱਚ ਇਸ ਗੱਲ ਦਾ ਵੀ ਰੋਸ ਹੈ ਕਿ ਇਸ ਸਾਰੇ ਮਾਮਲੇ 'ਤੇ ਹਲਕੇ ਦੇ ਸਿਆਸੀ ਆਗੂਆਂ ਨੇ ਚੁੱਪੀ ਧਾਰ ਰੱਖੀ ਹੈ।ਵੋਟਾਂ ਸਮੇਂ ਵਿਕਾਸ ਦੇ ਵੱਡੇ-ਵੱਡੇ ਵਾਅਦੇ ਕਰਨ ਵਾਲੇ ਆਗੂ ਹੁਣ ਲੋਕਾਂ ਦੀ ਇਸ ਸਮੱਸਿਆ ਵੱਲ ਧਿਆਨ ਨਹੀਂ ਦੇ ਰਹੇ।ਲੋਕਾਂ ਦਾ ਕਹਿਣਾ ਹੈ ਕਿ ਚੋਣਾਂ ਵੇਲੇ ਤਾਂ ਹਰ ਗਲੀ ਵਿੱਚ ਗੇੜੇ ਲੱਗਦੇ ਹਨ, ਪਰ ਹੁਣ ਕੋਈ ਪੁੱਛਣ ਵਾਲਾ ਨਹੀਂ। ਇਲਾਕਾ ਵਾਸੀਆਂ ਨੇ ਸਬੰਧਤ ਵਿਭਾਗ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਠੇਕੇਦਾਰ ਦੀ ਜਵਾਬਦੇਹੀ ਤੈਅ ਕਰ ਕੇ ਸੜਕ ਦਾ ਕੰਮ ਤੁਰੰਤ ਮੁਕੰਮਲ ਕਰਵਾਇਆ ਜਾਵੇ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਜਲਦ ਕੋਈ ਕਾਰਵਾਈ ਨਾ ਹੋਈ ਤਾਂ ਉਹ ਸੰਘਰਸ਼ ਦਾ ਰਾਹ ਅਪਣਾਉਣ ਲਈ ਮਜਬੂਰ ਹੋਣਗੇ।ਇਸ ਸਬੰਧੀ ਸਬੰਧਤ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਉਨ੍ਹਾਂ ਦਾ ਪੱਖ ਪ੍ਰਾਪਤ ਨਹੀਂ ਹੋ ਸਕਿਆ।

## ਮੁਫ਼ਤ ਅੱਖਾਂ ਦਾ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਭਲਕੇ

ਮਾਲੇਰਕੋਟਲਾ (ਅਸਗਰ ਪਰਿਹਾਰ)-ਸੰਘ ਪ੍ਰਮੁੱਖ ਆਗਮਗਿਆਤਾ ਜੋਗੀਰਾਜ ਯੁਵਾਪ੍ਰੇਰਕ ਸ੍ਰੀ ਅਰੁਣ ਚੰਦਰ ਜੀ ਮਹਾਰਾਜ ਦੀ ਸੁਯੋਗ ਪ੍ਰੇਰਣਾ ਤੇ ਆਸ਼ੀਰਵਾਦ ਸਦਕਾ ਮਹਾਂਵੀਰ ਇੰਟਰਨੈਸ਼ਨਲ ਤੇ ਮਾਨਵ ਨਿਸ਼ਕਾਮ ਸੇਵਾ ਸਮਿਤੀ (ਰਜਿ.) ਦੇ ਵਿਸ਼ੇਸ਼ ਉਪਰਾਲੇ ਨਾਲ ਸ਼ਹਿਰ 'ਚ ਮਾਨਵਤਾ ਦੀ ਭਲਾਈ ਨੂੰ ਸਮਰਪਿਤ ਇੱਕ ਵਿਸ਼ਾਲ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਲਾਇਆ ਜਾ ਰਿਹਾ ਹੈ।ਸੰਸਥਾ ਦੇ ਚੇਅਰਮੈਨ ਡਾ.ਪ੍ਰਦੀਪ ਜੈਨ ਓਸਵਾਲ ਨੇ ਦੱਸਿਆ ਕਿ ਇਹ ਮਹਾਂਕੈਂਪ 4 ਅਕਤੂਬਰ ਨੂੰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਡੇਰਾ ਬਾਬਾ ਨਰਸਿੰਗ ਦਾਸ (ਕਾਲੀ ਮਾਤਾ ਮੰਦਿਰ), ਨੇੜੇ ਬੱਸ ਸਟੈਂਡ ਵਿਖੇ ਆਯੋਜਤ ਕੀਤਾ ਜਾਵੇਗਾ।ਕੈਂਪ ਦੌਰਾਨ ਇਲਾਕੇ ਦੇ ਨਾਮਵਰ ਅੱਖਾਂ ਦੇ ਮਾਹਿਰ ਡਾ.ਹਿਮਾਂਸ਼ੂ ਗੋਇਲ (ਐਮ.ਬੀ.ਬੀ.ਐਸ, ਐਮ ਐਸ-ਜੀ ਸੀ ਆਈ ਹਸਪਤਾਲ) ਆਪਣੀ ਮਾਹਿਰ ਟੀਮ ਸਮੇਤ ਮਰੀਜ਼ਾਂ ਦੀਆਂ ਅੱਖਾਂ ਦੀ ਬਾਰੀਕੀ ਨਾਲ ਜਾਂਚ ਕਰਨਗੇ।ਡਾਕਟਰਾਂ ਦੀ ਸਲਾਹ ਅਨੁਸਾਰ ਆਪ੍ਰੇਸ਼ਨ ਲਈ ਚੁਣੇ ਗਏ ਮਰੀਜ਼ਾਂ ਦੇ ਅੱਖਾਂ ਦੇ ਆਪ੍ਰੇਸ਼ਨ ਕੀਤੇ ਜਾਣਗੇ ਅਤੇ ਲੋੜਵੰਦਾਂ ਨੂੰ ਮੌਕੇ 'ਤੇ ਹੀ ਮੁਫ਼ਤ ਐਨਕਾਂ ਤੇ ਦਵਾਈਆਂ ਮੁਹੱਈਆ ਕਰਾਈਆਂ ਜਾਣਗੀਆਂ।

# ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਤੇ ਤਾਲਮੇਲ ਕਮੇਟੀ ਵੱਲੋਂ ਸੰਗਰੂਰ 'ਚ ਮਹਾਂ ਰੈਲੀ 10 ਨੂੰ

### ਮੰਗਾਂ ਦੀ ਪੂਰਤੀ ਤੱਕ ਸੰਘਰਸ਼ ਰਹੇਗਾ ਜਾਰੀ : ਮੁਲਾਜ਼ਮ ਆਗੂ



ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਮੁਲਾਜ਼ਮ ਸਾਂਝੀ ਤਾਲਮੇਲ ਕਮੇਟੀ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ 10 ਅਕਤੂਬਰ ਨੂੰ ਸੰਗਰੂਰ ਵਿਖੇ ਲਾ-ਮਿਸਾਲ ਮਹਾਂਰੈਲੀ ਕੀਤੀ ਜਾ ਰਹੀ ਹੈ। ਸਾਂਝੀ ਤਾਲਮੇਲ ਕਮੇਟੀ ਪੰਜਾਬ ਦੇ ਸੱਦੇ 'ਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਮਾਨਸਾ ਵਿਖੇ ਜ਼ਿਲ੍ਹਾ ਪੱਧਰੀ ਮੀਟਿੰਗ ਕਰਕੇ ਸੰਗਰੂਰ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਅਮੋਲਕ ਡੇਲੂਆਣਾ, ਬਾਬੂ ਸਿੰਘ ਫਤਿਹਪੁਰ, ਪ੍ਰਤਾਪ ਸਿੰਘ ਖੁਡਾਲ, ਕਰਮਜੀਤ ਤਾਮਕੋਟ, ਲਖਵਿੰਦਰ ਮਾਨ, ਦਰਸ਼ਨ ਅਲੀਸ਼ੇਰ ਤੇ ਗੁਰਚਰਨ ਮੰਦਰਾਂ ਨੇ ਕਿਹਾ ਕਿ ਮੁਲਾਜ਼ਮ ਤੇ ਪੈਨਸ਼ਨਰਜ਼ ਸਰਕਾਰ ਵੱਲੋਂ ਐਲਾਨੇ 8% ਡੀ ਏ ਨਾਲ ਸੰਤੁਸ਼ਟ ਨਹੀਂ ਅਤੇ ਨਾ ਹੀ ਇਹ ਫਰੰਟ ਦੀ ਕੋਈ ਮੰਗ ਹੈ।ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਤਮਾਮ ਜਾਇਜ਼ ਤੇ ਹੱਕੀ ਮੰਗਾਂ ਲਈ ਸੰਗਰੂਰ ਵਿਖੇ 10 ਅਕਤੂਬਰ ਨੂੰ ਸੂਬਾ ਪੱਧਰੀ ਮਹਾਂ ਰੈਲੀ ਦਾ ਪ੍ਰੋਗਰਾਮ ਸੂਬਾ ਕਮੇਟੀ ਵੱਲੋਂ ਉਲੀਕਿਆ ਗਿਆ ਹੈ, ਉਸ ਨੂੰ ਹਰ ਹਾਲਤ 'ਚ ਵੱਡੇ ਪੱਧਰ 'ਤੇ ਲਾਗੂ ਕੀਤਾ ਜਾਵੇਗਾ।ਆਗੂਆਂ ਨੇ ਕਿਹਾ ਕਿ ਇਹ ਇਤਿਹਾਸਕ ਰੈਲੀ ਸਰਕਾਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦੇਵੇਗੀ। ਉਨ੍ਹਾਂ ਕਿਹਾ ਕਿ ਪਿਛਲੇ ਸਾਢੇ ਚਾਰ ਸਾਲ ਤੋਂ ਮੁਲਾਜ਼ਮ, ਪੈਨਸ਼ਨਰਜ਼ ਤੇ ਆਮ ਜਨਤਾ ਨੂੰ ਸਿਰਫ ਭਰੋਸੇ ਤੇ ਲਾਰਿਆਂ ਤੋਂ ਸਿਵਾਏ ਹੋਰ ਕੁੱਝ ਵੀ ਨਹੀਂ ਮਿਲਿਆ।ਬਿੱਕਰ ਸਿੰਘ ਮਾਖਾ, ਜਸਵੰਤ ਸਿੰਘ, ਜੀਤ ਸਿੰਘ, ਸੁੱਖਵਿੰਦਰ ਸਿੰਘ, ਯਾਦਵਿੰਦਰ ਸਿੰਘ, ਹਰਪਾਲ ਸਿੰਘ ਮੂਲੇਵਾਲੀਆ, ਗੁਰਜੰਟ ਸਿੰਘ, ਮੇਜਰ ਸਿੰਘ, ਜੱਗਾ ਸਿੰਘ ਅਲੀਸ਼ੇਰ ਨੇ ਕਿਹਾ ਕਿ ਮੁਲਾਜ਼ਮ ਆਪਣੀਆਂ ਸਾਰੀਆਂ ਮੰਗਾਂ ਪੁਰਾਣੀ ਪੈਨਸ਼ਨ ਬਹਾਲ ਕਰਨੀ, 17-07-20 ਤੇ 15-01-15 ਦੇ ਪੱਤਰ ਵਾਪਸ ਕਰਵਾਉਣ, ਪੈਂਡਿੰਗ 13% ਡੀ ਏ ਜਾਰੀ ਕਰਨ, ਮਾਣ ਭੱਤਾ ਵਰਕਰਾਂ ਦੇ ਭੱਤੇ 'ਚ ਵਾਧਾ ਕਰਨ, ਕੱਚੇ ਮੁਲਾਜ਼ਮ ਪੱਕੇ ਕਰਨ, 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰਨ, ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਦੇਣਾ, 200 ਰੁਪਏ ਜਜ਼ੀਆ ਟੈਕਸ ਬੰਦ ਕਰਨ ਆਦਿ ਹੱਕੀ ਮੰਗਾਂ ਦੀ ਪੂਰਤੀ ਤੱਕ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ।ਆਗੂਆਂ ਨਵਦੀਪ ਸਿੰਘ, ਨਾਜ਼ਮ ਸਿੰਘ, ਸੁਰਜੀਤ ਯਾਦਵ, ਵਰਿੰਦਰਪਾਲ ਸਿੰਘ ਨੇ ਮਾਨਸਾ ਜ਼ਿਲ੍ਹੇ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਉਹ ਪਰਿਵਾਰਾਂ ਸਮੇਤ 10 ਅਕਤੂਬਰ ਨੂੰ ਸੰਗਰੂਰ ਰੈਲੀ 'ਚ ਪਹੁੰਚਣ।

## ਪੰਜਾਬ ਅੰਦਰ ਬੀ ਜੇ ਪੀ ਹੀ ਨਸ਼ਾ ਖਤਮ ਕਰ ਸਕਦੀ : ਨਾਇਬ ਸਿੰਘ ਸੈਣੀ



ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਸਨੌਰ ਤੋਂ ਬੀਜੇਪੀ ਆਗੂ ਸਤਪਾਲ ਸਿੰਘ ਪੂਨੀਆ ਨੂੰ ਆਪਣਾ ਥਾਪੜਾ ਦਿੰਦੇ ਹੋਏ ਕਿਹਾ ਕਿ ਉਹ ਸਨੌਰ ਹਲਕੇ ਤੋਂ ਆਪਣੀਆਂ ਗਤੀਵਿਧੀਆਂ ਜਾਰੀ ਰੱਖਣ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸਤਪਾਲ ਸਿੰਘ ਪੂਨੀਆ ਦੇ ਪੰਜੋਲਾ ਨਿਵਾਸ ਵਿਖੇ ਇੱਕ ਧਾਰਮਿਕ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਵਿਸ਼ੇਸ਼ ਤੌਰ 'ਤੇ ਆਏ ਸਨ। ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਪੰਜਾਬ ਅੰਦਰ ਬੀਜੇਪੀ ਹੀ ਨਸ਼ੇ ਨੂੰ ਖਤਮ ਕਰ ਸਕਦੀ ਹੈ। ਮੁੱਖ ਮੰਤਰੀ ਸੈਣੀ ਨੇ ਅੱਜ ਪਟਿਆਲਾ ਜ਼ਿਲ੍ਹੇ ਦੇ ਹਲਕਾ ਸਨੌਰ ਦੇ ਪਿੰਡ ਪੰਜੋਲਾ ਵਿਖੇ ਸਨੌਰ ਹਲਕੇ ਤੋਂ ਬੀ ਜੇ ਪੀ ਦੇ ਸੰਭਾਵੀ ਉਮੀਦਵਾਰ ਸਤਪਾਲ ਸਿੰਘ ਪੂਨੀਆ ਦੇ ਗ੍ਰਹਿ ਵਿਖੇ ਕਰਵਾਏ ਇੱਕ ਧਾਰਮਿਕ ਸਮਾਗਮ 'ਚ ਸ਼ਾਮਲ ਹੋਣ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਸਮੇਂ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਤੇ ਸ਼ਹੀਦ ਊਧਮ ਸਿੰਘ ਵੱਲੋਂ ਦੇਸ਼ ਕੌਮ ਲਈ ਦਿੱਤੀਆਂ ਕੁਰਬਾਨੀਆਂ ਲਈ ਉਹ ਉਨ੍ਹਾਂ ਨੂੰ ਪ੍ਰਣਾਮ ਕਰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੇ ਸਮੁੱਚੇ ਦੇਸ਼ ਦੇ ਅੰਨ ਭੰਡਾਰ ਨੂੰ ਭਰਿਆ ਹੈ।ਦੇਸ਼ ਦੀ ਅਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ। ਪੰਜਾਬੀਆਂ ਵੱਲੋਂ ਦਿੱਤੀਆਂ ਕੁਰਬਾਨੀਆਂ ਸਦਕਾ ਹੀ ਅੱਜ ਅਸੀਂ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ।ਉਨ੍ਹਾਂ ਕਿਹਾ ਕਿ ਜਦੋਂ ਵੀ ਦੇਸ਼ ਨੂੰ ਕਦੇ ਜ਼ਰੂਰਤ ਪਈ ਤਾਂ ਦੇਸ਼ ਦੀ ਰੱਖਿਆ ਕਰਨ ਲਈ ਵੀ ਪੰਜਾਬੀ ਸਭ ਤੋਂ ਮੋਹਰੀ ਹੁੰਦੇ ਹਨ ਤੇ ਸਾਡੇ ਸੂਰਬੀਰਾਂ ਨੇ ਹਮੇਸ਼ਾ ਦੇਸ਼ ਦੀ ਸੁਰੱਖਿਆ ਕੀਤੀ ਹੈ।ਇਸ ਮੌਕੇ ਬੀਜੇਪੀ ਦੇ ਆਗੂ ਸਤਪਾਲ ਸਿੰਘ ਪੂਨੀਆ ਵੱਲੋਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਬੀਜੇਪੀ ਦੀ ਸੀਨੀਅਰ ਲੀਡਰਸ਼ਿਪ ਤੋਂ ਇਲਾਵਾ ਹੋਰ ਆਗੂ ਤੇ ਵਰਕਰ ਵੀ ਹਾਜ਼ਰ ਸਨ।

## ਪੈਰਾਡਾਈਜ਼ ਸਕੂਲ ਵੱਲੋਂ ਸਾਲਾਨਾ ਫੈਂਸੀ ਡਰੈੱਸ ਮੁਕਾਬਲੇ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਘੱਗਾ ਵਿਖੇ ਸਾਲਾਨਾ ਫੈਂਸੀ ਡਰੈੱਸ ਮੁਕਾਬਲੇ ਕਰਾਏ ਗਏ, ਜਿਸ ਦੌਰਾਨ ਨਰਸਰੀ ਤੋਂ ਪਹਿਲੀ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਸਮਾਗਮ ਵਿੱਚ ਪ੍ਰੋ (ਡਾ) ਗੀਤਿਕਾ ਸਰਹਿੰਦੀ ਮੁਖੀ ਬਾਟਨੀ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਪ੍ਰੋਗਰਾਮ ਦੌਰਾਨ ਸਮਾਜਿਕ ਜਾਗਰੂਕਤਾ, ਦੇਸ਼ਭਗਤੀ ਸੱਭਿਆਚਾਰ ਤੇ ਸਮਕਾਲੀ ਵਿਸ਼ਿਆਂ ਦਾ ਸੁੰਦਰ ਸੁਮੇਲ ਦੇਖਣ ਨੂੰ ਮਿਲਿਆ।ਬੱਚਿਆਂ ਨੇ ਸਿਹਤਮੰਦ ਭੋਜਨ ਬਨਾਮ ਜੰਕ ਫੂਡ ਨਵਿਆਉਣਯੋਗ ਸੂਰਜੀ ਊਰਜਾ ਧਰਤੀ ਬਚਾਓ ਪਾਣੀ ਬਚਾਓ ਵਾਤਾਵਰਣ-ਪ੍ਰਦੂਸ਼ਣ ਖੂਨਦਾਨ ਤੇ ਨਾਰੀ ਸ਼ਕਤੀ ਵਰਗੇ ਵਿਸ਼ਿਆਂ ਰਾਹੀਂ ਸਮਾਜ ਨੂੰ ਮਹੱਤਵਪੂਰਨ ਸੰਦੇਸ਼ ਦਿੱਤੇ।ਮੰਚ ਤੇ ਹਾਸਰਸ ਅਤੇ ਮਨੋਰੰਜਨ ਦੇ ਰੰਗ ਵੀ ਦੇਖਣ ਨੂੰ ਮਿਲੇ।ਮਾਂ ਕਾਲੀ ਅਰਧਨਾਰੀਸ਼ਵਰ ਹਨੂੰਮਾਨ ਨਾਰਾਇਣ ਰਾਧਾ ਨਾਰਦ ਮੁਨੀ, ਮੀਰਾ ਬਾਈ ਤੇ ਰਾਵਣ ਵਰਗੇ ਕਿਰਦਾਰਾਂ ਨੇ ਪ੍ਰੋਗਰਾਮ ਦੀ ਸ਼ਾਨ ਵਧਾਈ।ਦੇਸ਼ਭਗਤੀ ਦੀ ਭਾਵਨਾ ਨੂੰ ਵੀ ਬੱਚਿਆਂ ਨੇ ਬਾਖੂਬੀ ਪੇਸ਼ ਕੀਤਾ।ਨੇਤਾਜੀ ਸੁਭਾਸ਼ ਚੰਦਰ ਬੋਸ, ਸ਼ਹੀਦ ਭਗਤ ਸਿੰਘ, ਮਹਾਰਾਜਾ ਰਣਜੀਤ ਸਿੰਘ, ਮਹਾਰਾਣੀ ਜਿੰਦ ਕੌਰ, ਟੀਪੂ ਸੁਲਤਾਨ ਤੇ ਮੰਗਲ ਪਾਂਡੇ ਦੇ ਕਿਰਦਾਰਾਂ ਨੇ ਦਰਸ਼ਕਾਂ ਵਿੱਚ ਦੇਸ਼ ਪ੍ਰੇਮ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।ਇਸੇ ਤਰ੍ਹਾਂ ਸਾਵਿਤਰੀ ਬਾਈ ਫੂਲੇ ਜਿਨ੍ਹਾਂ ਨੂੰ ਮਹਿਲਾ ਸਿੱਖਿਆ ਦੀ ਅਗਵਾਈ ਕਰਨ ਵਾਲੀ ਮਹਾਨ ਸ਼ਖ਼ਸੀਅਤ ਵਜੋਂ ਯਾਦ ਕੀਤਾ ਜਾਂਦਾ ਹੈ ਤੇ ਮਾਤਾ ਪਿਤਾ ਪ੍ਰਤੀ ਸਤਿਕਾਰ ਅਤੇ ਸਮਰਪਣ ਦੇ ਪ੍ਰਤੀਕ ਸ੍ਰਵਣ ਕੁਮਾਰ ਦੀ ਪੇਸ਼ਕਾਰੀ ਨੇ ਸਿੱਖਿਆ ਸਨਮਾਨ ਤੇ ਪਰਿਵਾਰਕ ਕਦਰਾਂ ਕੀਮਤਾਂ ਦਾ ਸੰਦੇਸ਼ ਦਿੱਤਾ।ਮੁੱਖ ਮਹਿਮਾਨ ਪ੍ਰੋ (ਡਾ) ਗੀਤਿਕਾ ਸਰਹਿੰਦੀ, ਸਕੂਲ ਚੇਅਰਮੈਨ ਡਾ ਅੰਮ੍ਰਿਤਪਾਲ ਸਿੰਘ ਕਾਲੇਕਾ ਤੇ ਪ੍ਰਿੰਸੀਪਲ ਡਾ ਪਰਮਿੰਦਰ ਕੌਰ ਵੱਲੋਂ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ।

# ਆਯੁਸ਼ਮਾਨ ਆਰੋਗਿਆ ਕੇਂਦਰਾਂ ਦੇ ਮੁਲਾਜ਼ਮਾਂ ਵੱਲੋਂ ਸੰਘਰਸ਼ ਦਾ ਐਲਾਨ

### ਨੌਕਰੀ ਦੀ ਸੁਰੱਖਿਆ, ਤਨਖ਼ਾਹ ਵਾਧੇ ਤੇ ਸਰਕਾਰੀ ਕਰਮਚਾਰੀਆਂ ਵਾਲੇ ਲਾਭਾਂ ਦੀ ਮੰਗ



ਬਠਿੰਡਾ (ਪਰਵਿੰਦਰ ਜੀਤ ਸਿੰਘ)

ਆਯੁਸ਼ਮਾਨ ਆਰੋਗਿਆ ਕੇਂਦਰਾਂ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਤੇਜ਼ ਕਰਨ ਦਾ ਐਲਾਨ ਕੀਤਾ ਹੈ।ਆਮ ਆਦਮੀ ਕਲੀਨਿਕ ਸਾਂਝਾ ਫਰੰਟ ਦੇ ਬੈਨਰ ਹੇਠ ਮੁਲਾਜ਼ਮਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ 'ਤੇ ਜਲਦ ਫ਼ੈਸਲਾ ਨਾ ਕੀਤਾ ਗਿਆ ਤਾਂ ਉਹ 12 ਨਵੰਬਰ ਨੂੰ ਸੰਗਰੂਰ ਵਿਖੇ ਰੋਸ ਪ੍ਰਦਰਸ਼ਨ ਕਰਨਗੇ।ਇਸ ਤੋਂ ਬਾਅਦ ਆਪਣੀਆਂ ਸੇਵਾਵਾਂ ਅਣਮਿੱਥੇ ਸਮੇਂ ਲਈ ਮੁਅੱਤਲ ਕਰਨ ਬਾਰੇ ਵੀ ਫ਼ੈਸਲਾ ਲਿਆ ਜਾ ਸਕਦਾ ਹੈ।ਪੰਜਾਬ ਆਮ ਆਦਮੀ ਕਲੀਨਿਕ ਫਾਰਮਾਸਿਸਟ ਯੂਨੀਅਨ ਦੇ ਪ੍ਰਧਾਨ ਪਰਮਜੀਤ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਕਰੀਬ 1,090 ਕਲੀਨਿਕ ਚੱਲ ਰਹੇ ਹਨ, ਜਿੱਥੇ ਡਾਕਟਰਾਂ, ਫਾਰਮਾਸਿਸਟਾਂ, ਕਲੀਨਿਕਲ ਅਸਿਸਟੈਂਟਾਂ ਸਮੇਤ 4,000 ਤੋਂ ਵੱਧ ਮੁਲਾਜ਼ਮ ਸੇਵਾਵਾਂ ਨਿਭਾਅ ਰਹੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਮੁਲਾਜ਼ਮਾਂ ਵਿੱਚ ਆਪਣੀਆਂ ਨੌਕਰੀਆਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਬਣੀ ਹੋਈ ਹੈ।ਪਰਮਜੀਤ ਸਿੰਘ ਨੇ ਦਾਅਵਾ ਕੀਤਾ ਕਿ ਦਿੱਲੀ ਵਿੱਚ ਸਰਕਾਰ ਬਦਲਣ ਤੋਂ ਬਾਅਦ ਮੁਹੱਲਾ ਕਲੀਨਿਕਾਂ ਨੂੰ ਬੰਦ ਕੀਤੇ ਜਾਣ ਦੀਆਂ ਘਟਨਾਵਾਂ ਅਤੇ ਪੰਜਾਬ ਵਿੱਚ ਵੀ ਸਰਕਾਰ ਬਦਲਣ ਦੀ ਸੂਰਤ ਵਿੱਚ ਅਜਿਹੇ ਕਲੀਨਿਕਾਂ ਦੇ ਭਵਿੱਖ ਬਾਰੇ ਦਿੱਤੇ ਗਏ ਬਿਆਨਾਂ ਕਾਰਨ ਮੁਲਾਜ਼ਮਾਂ ਵਿੱਚ ਅਸੁਰੱਖਿਆ ਦੀ ਭਾਵਨਾ ਪੈਦਾ ਹੋਈ ਹੈ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਵੱਲੋਂ ਸਿਹਤ ਮੰਤਰੀ ਅਤੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਕਈ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ, ਪਰ ਉਨ੍ਹਾਂ ਦੀਆਂ ਮੰਗਾਂ 'ਤੇ ਹਾਲੇ ਤੱਕ ਕੋਈ ਠੋਸ ਫ਼ੈਸਲਾ ਨਹੀਂ ਹੋਇਆ।ਆਮ ਆਦਮੀ ਪਾਰਟੀ ਮੈਡੀਕਲ ਅਫ਼ਸਰ ਐਸੋਸੀਏਸ਼ਨ ਦੇ ਪ੍ਰਧਾਨ ਡਾ. ਤਲਵਿੰਦਰ ਪਾਲ ਸਿੰਘ ਨੇ ਕਿਹਾ ਕਿ ਕਲੀਨਿਕਾਂ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਇਸ ਸਮੇਂ ਇੰਪੈਨਲਮੈਂਟ ਜਾਂ ਪੈਨਲ ਰਾਹੀਂ ਰੱਖਿਆ ਗਿਆ ਹੈ।ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਮੁਲਾਜ਼ਮਾਂ ਨੂੰ ਠੇਕੇ ਦੇ ਆਧਾਰ 'ਤੇ ਲਿਆਂਦਾ ਜਾਵੇ ਤੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਵਧੇਰੇ ਸੁਰੱਖਿਅਤ ਬਣਾਇਆ ਜਾਵੇ।ਉਨ੍ਹਾਂ ਦੱਸਿਆ ਕਿ ਮੁਲਾਜ਼ਮ ਇਨਸੈਂਟਿਵ ਵਿੱਚ ਵਾਧਾ, ਸਾਲ ਦੇ 365 ਦਿਨਾਂ ਦੀ ਅਦਾਇਗੀ, ਐਤਵਾਰ ਅਤੇ ਗਜ਼ਟਿਡ ਛੁੱਟੀਆਂ, ਸਿਹਤ ਤੇ ਜੀਵਨ ਬੀਮਾ ਅਤੇ ਕੈਸ਼ਲੈੱਸ ਬੀਮਾ ਸਮੇਤ ਹੋਰ ਲਾਭਾਂ ਦੀ ਮੰਗ ਕਰ ਰਹੇ ਹਨ।ਉਨ੍ਹਾਂ ਮੁਤਾਬਕ ਮੌਜੂਦਾ ਸਮੇਂ ਵਿੱਚ ਮੈਡੀਕਲ ਅਫ਼ਸਰ ਨੂੰ ਪ੍ਰਤੀ ਮਰੀਜ਼ 50 ਰੁਪਏ, ਫਾਰਮੇਸੀ ਅਫ਼ਸਰ ਨੂੰ 12 ਰੁਪਏ ਤੇ ਕਲੀਨਿਕਲ ਅਸਿਸਟੈਂਟ ਨੂੰ 11 ਰੁਪਏ ਪ੍ਰਤੀ ਮਰੀਜ਼ ਦੇ ਹਿਸਾਬ ਨਾਲ ਅਦਾਇਗੀ ਕੀਤੀ ਜਾ ਰਹੀ ਹੈ।ਆਮ ਆਦਮੀ ਕਲੀਨਿਕ ਕਲੀਨਿਕਲ ਅਸਿਸਟੈਂਟ ਐਸੋਸੀਏਸ਼ਨ ਦੀ ਪ੍ਰਧਾਨ ਜਸਵੀਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਮੁਲਾਜ਼ਮਾਂ ਨੂੰ ਪੱਕਾ ਰੁਜ਼ਗਾਰ ਦੇਣ ਦਾ ਭਰੋਸਾ ਦਿੱਤਾ ਗਿਆ ਸੀ, ਪਰ ਕਲੀਨਿਕਾਂ ਵਿੱਚ ਕੰਮ ਕਰ ਰਹੇ ਸਟਾਫ਼ ਨੂੰ ਹਾਲੇ ਤੱਕ ਨੌਕਰੀ ਦੀ ਸੁਰੱਖਿਆ ਨਹੀਂ ਮਿਲੀ। ਉਨ੍ਹਾਂ ਮੁੱਖ ਮੰਤਰੀ ਨਾਲ ਸਿੱਧੀ ਮੀਟਿੰਗ ਕਰਵਾਉਣ ਦੀ ਮੰਗ ਕਰਦਿਆਂ ਕਿਹਾ ਕਿ ਮੁਲਾਜ਼ਮ ਇੰਪੈਨਲਮੈਂਟ ਰਾਹੀਂ ਕੰਮ ਕਰਨ ਦੀ ਬਜਾਏ ਕਿਸੇ ਸਰਕਾਰੀ ਵਿਭਾਗ ਦੇ ਅਧੀਨ ਆਪਣੀਆਂ ਸੇਵਾਵਾਂ ਦੇਣਾ ਚਾਹੁੰਦੇ ਹਨ।

## ਵਿਵੇਕਾਨੰਦ ਵਰਲਡ ਸਕੂਲ ਦੇ ਸਿਮਰਜੀਤ ਸਿੰਘ ਨੇ ਫੈਂਸਿੰਗ 'ਚ ਜਿੱਤਿਆ ਕਾਂਸੇ ਦਾ ਮੈਡਲ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਵਿਵੇਕਾਨੰਦ ਵਰਲਡ ਸਕੂਲ ਦੇ ਵਿਦਿਆਰਥੀ ਸਿਮਰਜੀਤ ਸਿੰਘ ਨੇ ਫੈਂਸਿੰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਕਾਂਸੇ ਦਾ ਮੈਡਲ ਜਿੱਤਿਆ ਹੈ। ਉਸ ਦੇ ਇਸ ਉੱਤਮ ਪ੍ਰਦਰਸ਼ਨ ਦੇ ਆਧਾਰ 'ਤੇ ਉਸਦੀ ਚੋਣ ਨੈਸ਼ਨਲ ਟੀਮ ਲਈ ਵੀ ਹੋਈ ਹੈ। ਸਕੂਲ ਡਾਇਰੈਕਟਰ ਡਾ. ਐੱਸ. ਐੱਨ. ਰੁਦਰਾ ਨੇ ਦੱਸਿਆ ਕਿ ਸਿਮਰਜੀਤ ਸਿੰਘ ਨੇ ਪੰਜਾਬ ਸਟੇਟ ਸਕੂਲ ਗੇਮਜ਼ 2026-27 ਦੌਰਾਨ ਅੰਡਰ-17 ਲੜਕਿਆਂ ਦੀ ਇੰਡੀਵਿਜੁਅਲ ਏਪੀ ਫੈਂਸਿੰਗ ਪ੍ਰਤੀਯੋਗਤਾ ਵਿੱਚ ਕਾਂਸੇ ਦਾ ਮੈਡਲ ਜਿੱਤਿਆ। ਇਹ ਮੁਕਾਬਲਾ ਖਮਾਣੋਂ ਵਿਖੇ ਕਰਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਇਹ ਜਿੱਤ ਦਾ ਸਿਹਰਾ ਸਿਮਰਜੀਤ ਸਿੰਘ ਦੀ ਲਗਾਤਾਰ ਮੇਹਨਤ ਤੇ ਫੈਂਸਿੰਗ ਕੋਚ ਕੇਨ ਕਾਂਗਬਾਮ ਸਿੰਘ ਦੀ ਰਹਿਨੁਮਾਈ ਦਾ ਹੀ ਨਤੀਜਾ ਹੈ ਕਿ ਉਹ ਅੱਜ ਇਸ ਮੁਕਾਮ 'ਤੇ ਪਹੁੰਚਿਆ ਹੈ। ਡਾ. ਰੁਦਰਾ ਨੇ ਕਿਹਾ ਕਿ ਵਿਦਿਆਰਥੀ ਦੀ ਲਗਨ, ਨਿਯਮਿਤ ਅਭਿਆਸ ਅਤੇ ਕੋਚ ਦੀ ਮਿਹਨਤ ਨੇ ਇਸ ਪ੍ਰਾਪਤੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਸਿਮਰਜੀਤ ਨੇ ਆਪਣੀ ਇਸ ਉਪਲਬੱਧੀ ਨਾਲ ਆਪਣੇ ਮਾਤਾ-ਪਿਤਾ, ਸਕੂਲ ਤੇ ਪੂਰੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ। ਵਿਵੇਕਾਨੰਦ ਵਰਲਡ ਸਕੂਲ ਨੇ ਸਿਮਰਜੀਤ ਸਿੰਘ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਤੇ ਉਸਦੇ ਆਉਣ ਵਾਲੇ ਮੁਕਾਬਲਿਆਂ ਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਅਕਾਲੀ ਸਰਕਾਰ 'ਚ ਬੀਬਾ ਜ਼ਾਹਿਦਾ ਸੁਲੇਮਾਨ ਨੂੰ ਮਿਲੇਗੀ ਅਹਿਮ ਜ਼ਿੰਮੇਵਾਰੀ : ਢਿੱਲਵਾਂ





ਮਾਲੇਰਕੋਟਲਾ (ਅਸਗਰ ਪਰਿਹਾਰ)

ਸ਼੍ਰੋਮਣੀ ਅਕਾਲੀ ਦਲ 'ਚ ਬੀਬਾ ਜ਼ਾਹਿਦਾ ਸੁਲੇਮਾਨ ਦਾ ਵੱਡਾ ਕੱਦ ਹੈ ਤੇ ਅਗਲੀ ਸਰਕਾਰ ਵਿਚ ਉਨ੍ਹਾਂ ਨੂੰ ਮੰਤਰੀ ਪੱਧਰ ਦੀਆਂ ਅਹਿਮ ਜ਼ਿੰਮੇਦਾਰੀਆਂ ਦਿਤੀਆਂ ਜਾਣਗੀਆਂ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਅਬਜ਼ਰਵਰ ਨਿਯੁਕਤ ਹੋਣ ਤੋਂ ਬਾਅਦ ਪਹਿਲੀ ਵਾਰ ਇਥੇ ਪਹੁੰਚੇ ਰਣਦੀਪ ਸਿੰਘ ਢਿੱਲਵਾਂ ਨੇ ਕੀਤਾ।ਅਕਾਲੀ ਵਰਕਰਾਂ ਅਤੇ ਹਲਕੇ ਦੀ ਸਮੁੱਚੀ ਟੀਮ ਨੇ ਉਨ੍ਹਾਂ ਦਾ ਰਾਏਕੋਟ ਰੋਡ ਵਿਖੇ ਸਥਿਤ ਪਾਰਟੀ ਦਫ਼ਤਰ ਵਿਚ ਨਿੱਘਾ ਸੁਆਗਤ ਕੀਤਾ।ਉਨ੍ਹਾਂ ਦਾਅਵਾ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਮਾਲੇਰਕੋਟਲਾ ਹਲਕਾ ਅਤੇ ਵਿਸ਼ੇਸ਼ ਤੌਰ ਤੇ ਮੁਸਲਿਮ ਭਾਈਚਾਰੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹਾ ਹੈ ਤੇ ਅਗਲੀ ਅਕਾਲੀ ਸਰਕਾਰ ਵਿਚ ਨਾ ਸਿਰਫ਼ ਬੀਬਾ ਜ਼ਾਹਿਦਾ ਸੁਲੇਮਾਨ ਨੂੰ ਮੰਤਰੀ ਅਹੁੱਦਾ ਦਿੱਤਾ ਜਾਵੇਗਾ, ਸਗੋਂ ਹਲਕੇ ਦਾ ਸਰਬਪੱਖੀ ਵਿਕਾਸ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਹਲਕਾ ਵਾਸੀ ਖ਼ੁਸ਼ਨਸੀਬ ਹਨ ਕਿ ਉਨ੍ਹਾਂ ਨੂੰ ਬੀਬਾ ਜ਼ਾਹਿਦਾ ਸੁਲੇਮਾਨ ਦੇ ਰੂਪ ਵਿਚ ਪੜ੍ਹੀ-ਲਿਖੀ ਤੇ ਸੂਝਵਾਨ ਨੇਤਾ ਮਿਲੀ ਹੈ।ਇਹ ਪੁੱਛੇ ਜਾਣ ਤੇ ਕਿ ਕੀ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦਾ ਗਠਜੋੜ ਹੋਵੇਗਾ, ਤਾਂ ਢਿੱਲਵਾਂ ਨੇ ਕਿਹਾ ਕਿ ਇਹ ਫ਼ੈਸਲਾ ਪਾਰਟੀ ਦੀ ਹਾਈਕਮਾਨ ਨੇ ਕਰਨਾ ਹੈ।

ਅਕਾਲੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਬੀਬਾ ਜ਼ਾਹਿਦਾ ਸੁਲੇਮਾਨ ਨੇ ਕਿਹਾ ਕਿ ਰਣਦੀਪ ਸਿੰਘ ਢਿੱਲਵਾਂ ਦੀ ਨਿਯੁਕਤੀ ਨਾਲ ਉਨ੍ਹਾਂ ਦੀ ਤਾਕਤ ਚਾਰ ਗੁਣਾਂ ਵਧ ਗਈ ਹੈ, ਕਿਉਂਕਿ ਉਨ੍ਹਾਂ ਦੇ ਤਜਰਬੇ ਨਾਲ ਪਾਰਟੀ ਹਰ ਵੋਟਰ ਤੱਕ ਪਹੁੰਚ ਕਰੇਗੀ।ਉਨ੍ਹਾਂ ਕਿਹਾ ਕਿ ਅਕਾਲੀ ਦਲ ਨਾ ਸਿਰਫ਼ ਪੰਜਾਬ ਵਿਚ ਹੀ ਮਜ਼ਬੂਤ ਹੋਇਆ ਹੈ, ਸਗੋਂ ਮਾਲੇਰਕੋਟਲਾ ਵਿਚ ਵੀ ਅਕਾਲੀ ਦਲ ਦਾ ਕਾਫ਼ਲਾ ਵੱਡਾ ਹੁੰਦਾ ਜਾ ਰਿਹਾ ਹੈ।ਪੰਜਾਬੀ ਦਿੱਲੀ ਵਾਲਿਆਂ ਦੇ ਰਾਜ ਤੋਂ ਤੰਗ ਆ ਚੁੱਕੇ ਹਨ।ਪੰਜਾਬ ਉਤੇ ਸਿਰਫ਼ ਪੰਜਾਬੀਆਂ ਦਾ ਹੱਕ ਹੈ ਅਤੇ ਇਨ੍ਹਾਂ ਦਿੱਲੀ ਤੇ ਸਹਾਰਨਪੁਰ ਵਾਲਿਆਂ ਦਾ ਇਸ ਵਾਰ ਬਿਸਤਰਾ ਗੋਲ ਕਰ ਦੇਣਾ ਹੈ।ਬੀਬਾ ਜ਼ਾਹਿਦਾ ਸੁਲੇਮਾਨ ਨੇ ਦਾਅਵਾ ਕੀਤਾ ਕਿ ਉਹ ਦਿਨ ਬਹੁਤ ਨਜ਼ਦੀਕ ਹੈ, ਜਦ ਮਾਲੇਰਕੋਟਲਾ ਹਲਕੇ ਵਿਚ ਅਕਾਲੀ ਦਲ ਦੀ ਹਨੇਰੀ ਚੱਲੇਗੀ।

ਜ਼ਿਲ੍ਹਾ ਪ੍ਰਧਾਨ ਜਥੇਦਾਰ ਤਰਲੋਚਨ ਸਿੰਘ ਧਲੇਰ ਨੇ ਕਿਹਾ ਕਿ ਹਲਕਾ ਬੀਬਾ ਜ਼ਾਹਿਦਾ ਸੁਲੇਮਾਨ ਨੂੰ ਜਿਤਾ ਕੇ ਇਹ ਸੀਟ ਸੁਖਬੀਰ ਸਿੰਘ ਬਾਦਲ ਦੀ ਝੋਲੀ ਵਿਚ ਪਾਉਣ ਨੂੰ ਤਿਆਰ ਹੋ ਚੁੱਕਾ ਹੈ।ਇਸ ਹਲਕੇ ਵਿਚ ਅਕਾਲੀ ਦਲ ਵੱਡੇ ਫ਼ਰਕ ਨਾਲ ਜਿੱਤ ਹਾਸਲ ਕਰੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਨਰਲ ਕੌਂਸਲ ਮੈਂਬਰ ਆਜ਼ਾਦ ਸਿੱਦੀਕੀ, ਬੁਲਾਰਾ ਅਬਦੁਲ ਸੱਤਾਰ ਪੋਟਰ, ਜਨਰਲ ਕੌਂਸਲ ਮੈਂਬਰ ਜਥੇਦਾਰ ਤਰਸੇਮ ਸਿੰਘ ਭੂਦਨ ਤੇ ਗੁਰਵਿੰਦਰ ਸਿੰਘ ਫਰਵਾਲੀ ਨੇ ਵੀ ਸੰਬੋਧਨ ਕੀਤਾ।

## ਸਨੌਰ ਹਲਕੇ 'ਚ ਰਾਕੇਸ਼ ਬੱਗਾ ਨੇ ਮੁਹਿੰਮ ਕੀਤੀ ਤੇਜ਼



ਸਨੌਰ (ਰਾਜਿੰਦਰ ਸਿੰਘ ਥਿੰਦ)-ਰਾਕੇਸ਼ ਬੱਗਾ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਕੀਤੇ ਜਾ ਰਹੇ ਦੌਰਿਆਂ ਦੌਰਾਨ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਪਿੰਡਾਂ ਵਿੱਚ ਪਹੁੰਚਣ 'ਤੇ ਸਥਾਨਕ ਵਸਨੀਕਾਂ ਵੱਲੋਂ ਬੱਗਾ ਨਾਲ ਮੁਲਾਕਾਤ ਕਰਕੇ ਆਪਣੇ ਇਲਾਕੇ ਨਾਲ ਸਬੰਧਤ ਮੁੱਦੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ ਜਾ ਰਹੇ ਹਨ।ਪਿੰਡਾਂ ਦੇ ਦੌਰੇ ਦੌਰਾਨ ਰਾਕੇਸ਼ ਬੱਗਾ ਨੇ ਲੋਕਾਂ ਨਾਲ ਬੈਠ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ।ਲੋਕਾਂ ਨੇ ਆਪਣੇ ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ ਨਾਲ ਜੁੜੀਆਂ ਸਮੱਸਿਆਵਾਂ ਤੋਂ ਇਲਾਵਾ ਸੜਕਾਂ, ਪੀਣ ਵਾਲੇ ਪਾਣੀ, ਗਲੀਆਂ-ਨਾਲੀਆਂ, ਸਫ਼ਾਈ, ਨਿਕਾਸੀ ਤੇ ਹੋਰ ਸਥਾਨਕ ਮੁੱਦਿਆਂ ਬਾਰੇ ਆਪਣੀਆਂ ਗੱਲਾਂ ਰੱਖੀਆਂ।ਬੱਗਾ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਉਨ੍ਹਾਂ ਲਈ ਬੇਹੱਦ ਮਹੱਤਵਪੂਰਨ ਹੈ, ਕਿਉਂਕਿ ਪਿੰਡਾਂ ਵਿੱਚ ਜਾ ਕੇ ਲੋਕਾਂ ਨਾਲ ਰੂਬਰੂ ਹੋਣ ਨਾਲ ਜ਼ਮੀਨੀ ਪੱਧਰ ਦੀਆਂ ਸਮੱਸਿਆਵਾਂ ਨੂੰ ਸਮਝਣ ਦਾ ਮੌਕਾ ਮਿਲਦਾ ਹੈ।

